ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 135
ਫ਼ੋਨ: +91- 92168-07500
E-mail: news@charhdikala.com
www.charhdikala.com

ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਅਦਾਰਾ ਚੜ੍ਹਦੀਕਲਾ ਵੱਲੋਂ
ਛੋਟਾ ਘੱਲੂਘਾਰਾ, ਕਾਹਨੂੰਵਾਲ (ਗੁਰਦਾਸਪੁਰ) ਦੇ ਸਮੂਹ ਸ਼ਹੀਦਾਂ ਨੂੰ
ਕੋਟਿ-ਕੋਟਿ ਪ੍ਰਣਾਮ

ਕੁੱਲ ਪੰਨੇ: 12 (Sunday, 17 May, 2026) ਐਤਵਾਰ, 17 ਮਈ, 2026, 3 ਜੇਠ , ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਪ੍ਰਧਾਨ ਮੰਤਰੀ ਨੀਦਰਲੈਂਡ ਪੁੱਜੇ

ਮੈਨੂੰ ਇਥੇ ਆ ਕੇ ਭਾਰਤ ਵਰਗਾ ਹੀ ਲੱਗ ਰਿਹੈ: ਮੋਦੀ

ਚੜ੍ਹਦੀਕਲਾ ਬਿਊਰੋ

ਹੇਗ, 16 ਮਈ : ਨੀਦਰਲੈਂਡ ਦੇ ਦੌਰੇ 'ਤੇ ਪਹੁੰਚੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਭਾਰਤੀ ਭਾਈਚਾਰੇ ਨੇ ਬਹੁਤ ਹੀ ਉਤਸ਼ਾਹ ਅਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ। ਹੇਗ ਵਿੱਚ ਆਯੋਜਿਤ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਭਾਰਤੀ ਮੂਲ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਪੀਐਮ ਮੋਦੀ ਨੇ ਕਿਹਾ ਕਿ ਲੋਕਾਂ ਦਾ ਇੰਨਾ ਪਿਆਰ ਅਤੇ ਆਪਣਾਪਨ ਦੇਖ ਕੇ ਉਨ੍ਹਾਂ ਨੂੰ ਅਜਿਹਾ ਮਹਿਸੂਸ ਹੋ ਰਿਹਾ ਹੈ ਜਿਵੇਂ ਉਹ ਭਾਰਤ ਵਿੱਚ ਹੀ ਹੋਣ। ਉਨ੍ਹਾਂ ਕਿਹਾ ਕਿ ਉਹ ਕੁਝ ਸਮੇਂ ਲਈ ਇਹ ਵੀ ਭੁੱਲ ਗਏ ਕਿ ਉਹ ਨੀਦਰਲੈਂਡ ਵਿੱਚ ਹਨ।

ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਭਾਰਤ ਅਤੇ ਨੀਦਰਲੈਂਡ ਦੇ ਮਜ਼ਬੂਤ ਸਬੰਧਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਦੀ ਦੋਸਤੀ ਸਿਰਫ਼ ਕੂਟਨੀਤਿਕ ਰਿਸ਼ਤਿਆਂ ਤੱਕ ਸੀਮਤ ਨਹੀਂ ਹੈ, ਸਗੋਂ ਇਹ ਆਪਸੀ ਵਿਸ਼ਵਾਸ, ਸਹਿਯੋਗ ਅਤੇ ਸੱਭਿਆਚਾਰਕ ਸਾਂਝ ਦਾ ਇੱਕ ਜਿਉਂਦਾ-ਜਾਗਦਾ ਉਦਾਹਰਣ ਹੈ।

ਪ੍ਰਧਾਨ ਮੰਤਰੀ ਨੇ ਹੇਗ ਨੂੰ ਭਾਰਤ-ਨੀਦਰਲੈਂਡ ਦੋਸਤੀ ਦਾ ਨਵਾਂ ਪ੍ਰਤੀਕ ਦੱਸਿਆ। ਪੀਐਮ ਮੋਦੀ ਨੇ ਨੀਦਰਲੈਂਡ ਵਿੱਚ ਰਹਿ ਰਹੇ ਭਾਰਤੀਆਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇੱਥੇ ਰਹਿ ਰਹੇ ਭਾਰਤੀ ਲੋਕ ਉੱਥੋਂ ਦੇ ਸਮਾਜ ਅਤੇ ਆਰਥਿਕਤਾ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ ਅਤੇ ਉਨ੍ਹਾਂ ਦੀ ਸਫਲਤਾ 'ਤੇ ਪੂਰੇ ਭਾਰਤ ਨੂੰ ਮਾਣ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਰਤੀ ਭਾਈਚਾਰਾ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਜਾਵੇ, ਉਹ ਆਪਣੀ ਮਿਹਨਤ, ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਨਾਲ ਆਪਣੀ ਵੱਖਰੀ ਪਛਾਣ ਬਣਾ ਲੈਂਦਾ ਹੈ।

ਪ੍ਰੋਗਰਾਮ ਦੌਰਾਨ ਭਾਰਤੀ ਭਾਈਚਾਰੇ ਵਿੱਚ ਭਾਰੀ ਉਤਸ਼ਾਹ ਦੇਖਿਆ ਗਿਆ ਅਤੇ ਉਨ੍ਹਾਂ ਨੇ ਰਵਾਇਤੀ ਭਾਰਤੀ ਅੰਦਾਜ਼ ਵਿੱਚ ਪ੍ਰਧਾਨ ਮੰਤਰੀ (ਬਾਕੀ ਸਫਾ 2 'ਤੇ)

ਊਰਜਾ ਸੰਕਟ ਵਿਚਕਾਰ ਸਰਕਾਰ ਦਾ ਵੱਡਾ ਫ਼ੈਸਲਾ

ਪੈਟਰੋਲ ਨਿਰਯਾਤ 'ਤੇ ਪ੍ਰਤੀ ਲੀਟਰ 3 ਰੁਪਏ ਵਿੰਡਫਾਲ ਟੈਕਸ ਲਾਇਆ

ਨਵੀਂ ਦਿੱਲੀ, 16 ਮਈ (ਚ.ਨ.ਸ.):ਕੇਂਦਰ ਸਰਕਾਰ ਨੇ ਬਾਲਣ ਨਿਰਯਾਤ ਦੇ ਸਬੰਧ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਸਰਕਾਰ ਨੇ ਦੇਸ਼ ਤੋਂ ਬਾਹਰ ਭੇਜਣ ਲਈ ਨਿਰਧਾਰਤ ਪੈਟਰੋਲ (ਭਾਵ, ਨਿਰਯਾਤ ਪੈਟਰੋਲ) 'ਤੇ 'ਵਿੰਡਫਾਲ ਟੈਕਸ' - ਅਚਾਨਕ ਮੁਨਾਫ਼ੇ 'ਤੇ ਟੈਕਸ - ਲਗਾਇਆ ਹੈ। ਇਸ ਦੇ ਉਲਟ, ਡੀਜ਼ਲ ਅਤੇ ਏਵੀਏਸ਼ਨ ਟਰਬਾਈਨ ਫਿਊਲ (ਏਟੀਐਫ) 'ਤੇ ਨਿਰਯਾਤ ਟੈਕਸ ਘਟਾ ਦਿੱਤਾ ਗਿਆ ਹੈ, ਜਿਸ ਨਾਲ ਕੰਪਨੀਆਂ ਨੂੰ ਕਾਫ਼ੀ ਰਾਹਤ ਮਿਲੀ ਹੈ। ਇਹ ਫੈਸਲਾ ਅੱਜ, 16 ਮਈ ਤੋਂ ਪੂਰੇ ਦੇਸ਼ ਵਿੱਚ ਲਾਗੂ ਹੋ ਗਿਆ ਹੈ।

ਵਿੱਤ ਮੰਤਰਾਲੇ ਦੁਆਰਾ ਜਾਰੀ ਇੱਕ ਨੋਟੀਫਿਕੇਸ਼ਨ ਦੇ ਅਨੁਸਾਰ, ਪੈਟਰੋਲ ਨਿਰਯਾਤ 'ਤੇ ਹੁਣ 3 ਰੁਪਏ ਪ੍ਰਤੀ ਲੀਟਰ ਦਾ ਵਿੰਡਫਾਲ ਟੈਕਸ ਅਦਾ ਕਰਨਾ ਪਵੇਗਾ। ਹਾਲਾਂਕਿ, ਸਰਕਾਰ ਨੇ ਡੀਜ਼ਲ ਨਿਰਯਾਤ 'ਤੇ ਲਾਗੂ ਡਿਊਟੀ 23 ਰੁਪਏ ਤੋਂ ਘਟਾ ਕੇ 16.5 ਰੁਪਏ ਪ੍ਰਤੀ ਲੀਟਰ ਅਤੇ ਏਟੀਐਫ (ਬਾਕੀ ਸਫਾ 2 'ਤੇ)

ਮੋਦੀ ਲੋਕਾਂ ਨੂੰ ਕਹਿੰਦੇ ਨੇ 'ਵਿਦੇਸ਼ ਨਾ ਜਾਓ' ਪਰ ਖ਼ੁਦ ਵਿਦੇਸ਼ੀ ਦੌਰਿਆਂ 'ਤੇ ਨਿਕਲ ਜਾਂਦੇ ਨੇ: ਮਾਨ

ਅੰਮ੍ਰਿਤਪਾਲ ਸਿੰਘ

ਚੰਡੀਗੜ੍ਹ, 16 ਮਈ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਤੇਲ ਦੀਆਂ ਕੀਮਤਾਂ ਵਿੱਚ ਕੀਤੇ ਭਾਰੀ ਵਾਧੇ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਚੋਣਾਂ ਤੋਂ ਤੁਰੰਤ ਬਾਅਦ ਇੱਕ ਵਾਰ ਫਿਰ ਆਮ ਲੋਕਾਂ 'ਤੇ ਭਾਰੀ ਕੀਮਤਾਂ ਦਾ ਬੋਝ ਸੁੱਟ ਦਿੱਤਾ ਗਿਆ ਹੈ, ਜਦੋਂ ਕਿ ਸੱਤਾ 'ਤੇ ਕਾਬਜ਼ ਲੋਕ ਖ਼ਰਚਿਆਂ ਵਿੱਚ ਕਟੌਤੀ ਅਤੇ ਬੱਚਤ ਕਰਨ ਬਾਰੇ ਨਾਗਰਿਕਾਂ ਨੂੰ ਭਾਸ਼ਣ ਦਿੰਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਭਰ ਦੇ ਲੋਕ ਮਹਿੰਗਾਈ, ਵਧਦੀ ਆਵਾਜਾਈ ਲਾਗਤ ਅਤੇ ਵਧਦੇ ਘਰੇਲੂ ਖ਼ਰਚਿਆਂ ਦੀ ਮਾਰ ਨਾਲ ਜੂਝ ਰਹੇ ਹਨ ਪਰ ਉਨ੍ਹਾਂ ਨੂੰ ਰਾਹਤ ਦੇਣ ਦੀ ਬਜਾਏ ਕੇਂਦਰ ਸਰਕਾਰ ਨਾਗਰਿਕਾਂ ਨੂੰ ਨਿੱਜੀ ਖਰਚ ਘਟਾਉਣ ਲਈ ਕਹਿ ਰਹੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪ੍ਰਧਾਨ ਮੰਤਰੀ ਦੇਸ਼ ਦੇ ਲੋਕਾਂ ਨੂੰ ਬੱਚਤ ਕਰਨ ਦਾ ਸਬਕ ਦਿੰਦੇ ਹੋਏ ਵਿਦੇਸ਼ ਘੁੰਮ ਰਹੇ ਹਨ।" ਉਨ੍ਹਾਂ ਦੱਸਿਆ ਕਿ ਆਮ ਨਾਗਰਿਕਾਂ ਨੂੰ ਵਾਰ-ਵਾਰ ਬੇਲੋੜੀ ਯਾਤਰਾ ਤੋਂ ਬਚਣ ਅਤੇ ਖਰਚੇ ਘਟਾਉਣ ਦੀ ਸਲਾਹ ਦਿੱਤੀ ਜਾਂਦੀ ਹੈ, ਜਦੋਂ ਕਿ ਪ੍ਰਧਾਨ ਮੰਤਰੀ ਖੁਦ ਜਨਤਕ ਖਰਚੇ 'ਤੇ ਲਗਾਤਾਰ ਵਿਦੇਸ਼ੀ ਦੌਰੇ ਕਰ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੇ ਦੇਸ਼ ਦੇ ਲੋਕਾਂ ਨੂੰ ਵਿਦੇਸ਼ ਯਾਤਰਾ ਕਰਨਾ ਬੰਦ ਕਰ ਦੇਣਾ ਚਾਹੀਦਾ ਹੈ ਅਤੇ ਘਰੋਂ ਕੰਮ ਕਰਨਾ ਚਾਹੀਦਾ ਹੈ, ਤਾਂ ਕੀ ਪ੍ਰਧਾਨ ਮੰਤਰੀ ਘਰੋਂ ਕੰਮ ਨਹੀਂ ਕਰ ਸਕਦੇ?" ਉਨ੍ਹਾਂ ਅੱਗੇ ਕਿਹਾ ਕਿ ਪੂਰੀ ਦੁਨੀਆਂ ਜੰਗ ਅਤੇ ਵਿਸ਼ਵ-ਵਿਆਪੀ ਆਰਥਿਕਤਾ ਦੇ ਉਤਾਰ-ਚੜ੍ਹਾਅ ਤੋਂ ਪ੍ਰਭਾਵਿਤ ਹੋਈ ਹੈ ਪਰ ਕਿਸੇ ਹੋਰ ਦੇਸ਼ ਦੇ ਮੁਖੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਾਂਗ ਨਾਗਰਿਕਾਂ ਨੂੰ ਬੱਚਤ ਕਰਨ ਦੀ ਸਲਾਹ ਨਹੀਂ ਦਿੱਤੀ।

ਕੇਂਦਰ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸ਼ੁਕਰ ਹੈ, ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਸਿਰਫ਼ ਪੈਸੇ ਬਚਾਉਣ ਦੀ ਸਲਾਹ ਦਿੱਤੀ ਅਤੇ ਉਨ੍ਹਾਂ ਨੂੰ ਥਾਲ਼ੀਆਂ ਵਜਾਉਣ ਅਤੇ ਤਾੜੀਆਂ ਵਜਾਉਣ ਲਈ ਨਹੀਂ ਕਿਹਾ।" ਉਨ੍ਹਾਂ ਕਿਹਾ ਕਿ ਬੇਤੁਕੀਆਂ ਸਲਾਹਾਂ ਅਤੇ ਭਾਸ਼ਣਾਂ ਦੀ ਬਜਾਏ ਲੋਕ ਮਹਿੰਗਾਈ ਨੂੰ ਕੰਟਰੋਲ ਕਰਨ ਅਤੇ ਘਰਾਂ, ਕਿਸਾਨਾਂ ਅਤੇ ਛੋਟੇ ਕਾਰੋਬਾਰਾਂ 'ਤੇ ਵਿੱਤੀ ਬੋਝ ਘਟਾਉਣ ਲਈ ਠੋਸ ਕਦਮਾਂ ਦੀ ਉਮੀਦ ਕਰਦੇ ਹਨ।

ਵਿਸ਼ਵ-ਵਿਆਪੀ ਪ੍ਰਭਾਵ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੰਗ ਅਤੇ ਆਰਥਿਕ ਅਸਥਿਰਤਾ ਨੇ ਦੁਨੀਆਂ ਭਰ ਦੇ ਦੇਸ਼ਾਂ ਨੂੰ ਪ੍ਰਭਾਵਿਤ ਕੀਤਾ ਹੈ ਪਰ ਹੋਰ ਦੇਸ਼ਾਂ ਦੀਆਂ ਸਰਕਾਰਾਂ ਉੱਚ ਕੀਮਤਾਂ ਅਤੇ ਖ਼ਰਚਿਆਂ 'ਤੇ ਨੈਤਿਕ ਭਾਸ਼ਣਾਂ ਰਾਹੀਂ ਜਨਤਾ 'ਤੇ ਬੋਝ ਪਾਉਣ ਦੀ ਬਜਾਏ ਨਾਗਰਿਕਾਂ ਨੂੰ ਰਾਹਤ ਪ੍ਰਦਾਨ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ।

(ਬਾਕੀ ਸਫਾ 2 'ਤੇ)

ਪੰਜਾਬ 'ਚ ਕਈ ਥਾਵਾਂ 'ਤੇ ਪੰਜ ਦਿਨਾਂ ਲਈ ਹੀਟਵੇਵ ਦਾ ਯੈਲੋ ਅਲਰਟ ਜਾਰੀ

ਚੰਡੀਗੜ੍ਹ, 16 ਮਈ (ਚ.ਨ.ਸ.): ਪੰਜਾਬ ਦੇ ਮੌਸਮ ਵਿਚ ਵੱਡਾ ਬਦਲਾਅ ਵੇਖਣ ਨੂੰ ਮਿਲੇਗਾ। ਆਉਣ ਵਾਲੇ ਦਿਨਾਂ ਵਿਚ ਗਰਮੀ ਕਹਿਰ ਵਰ੍ਹਾਏਗੀ। ਮੌਸਮ ਵਿਭਾਗ ਨੇ ਅੱਜ ਤੋਂ ਲੈ ਕੇ 21 ਮਈ ਤੱਕ ਪੰਜਾਬ ਦੇ ਮੌਸਮ ਦੀ ਤਾਜ਼ਾ ਜਾਣਕਾਰੀ ਸਾਂਝੀ ਕੀਤੀ ਹੈ। ਮੌਸਮ ਵਿਭਾਗ ਨੇ 21 ਮਈ ਤੱਕ ਪੰਜ ਦਿਨਾਂ ਲਈ ਕਈ ਥਾਵਾਂ 'ਤੇ ਹੀਟਵੇਵ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਚੰਡੀਗੜ੍ਹ ਦੇ ਮੌਸਮ ਵਿਗਿਆਨ ਕੇਂਦਰ ਦੇ ਡਾਇਰੈਕਟਰ ਮੁਤਾਬਕ ਹੁਣ ਅਗਲੇ ਕੁਝ ਦਿਨ ਮੌਸਮ ਖੁਸ਼ਕ ਰਹੇਗਾ। ਅਗਲੇ ਹਫ਼ਤੇ ਤੱਕ ਸੂਬੇ 'ਚ ਵੱਧ ਤੋਂ ਵੱਧ ਤਾਪਮਾਨ ਹੌਲੀ-ਹੌਲੀ 3 ਤੋਂ 4 ਡਿਗਰੀ ਸੈਲਸੀਅਸ ਵਧਣ ਦੀ ਉਮੀਦ ਹੈ। 16 ਮਈ ਤੋਂ 20 ਮਈ ਤੱਕ ਰਾਜ ਦੇ ਕੁਝ ਇਲਾਕਿਆਂ ਵਿੱਚ ਹੀਟਵੇਵ ਚੱਲਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਵੱਲੋਂ ਫਾਜ਼ਿਲਕਾ, ਫਰੀਦਕੋਟ, (ਬਾਕੀ ਸਫਾ 2 'ਤੇ)

ਭ੍ਰਿਸ਼ਟਾਚਾਰ ਮਾਮਲੇ 'ਚ ਹੋਈ ਕਾਰਵਾਈ

ਐਸ.ਡੀ.ਐਮ. ਗੁਰਦਾਸਪੁਰ ਡਾ. ਅਨੁਪ੍ਰੀਤ ਕੌਰ ਰੰਧਾਵਾ ਗ੍ਰਿਫ਼ਤਾਰ

ਚੜ੍ਹਦੀਕਲਾ ਬਿਊਰੋ

ਗੁਰਦਾਸਪੁਰ, 16 ਮਈ : ਰਾਜਸਥਾਨ-ਜੰਮੂ ਕਸ਼ਮੀਰ ਰਾਸ਼ਟਰੀ ਰਾਜਮਾਰਗ ਦੀ ਉਸਾਰੀ ਲਈ ਜ਼ਮੀਨ ਪ੍ਰਾਪਤੀ ਮੁਆਵਜ਼ਾ ਵੰਡ ਦੇ ਮਾਮਲੇ ਨੇ ਅੱਜ ਉਸ ਸਮੇਂ ਨਵਾਂ ਮੋੜ ਲੈ ਲਿਆ ਜਦੋਂ ਤਰਨ ਤਾਰਨ ਜ਼ਿਲ੍ਹਾ ਪੁਲਿਸ ਨੇ ਗੁਰਦਾਸਪੁਰ ਵਿੱਚ ਤਾਇਨਾਤ ਐਸਡੀਐਮ ਡਾ.ਅਨੁਪ੍ਰੀਤ ਕੌਰ ਰੰਧਾਵਾ ਨੂੰ ਸ਼ਨੀਵਾਰ ਸਵੇਰੇ 7 ਵਜੇ ਦੇ ਕਰੀਬ ਉਨ੍ਹਾਂ ਦੇ ਸਰਕਾਰੀ ਨਿਵਾਸ ਤੋਂ ਗ੍ਰਿਫ਼ਤਾਰ ਕਰ ਲਿਆ। ਇਹ ਕਾਰਵਾਈ ਤਰਨ ਤਾਰਨ ਪੱਟੀ ਪੁਲਿਸ ਨੇ ਲੰਬੀ ਜਾਂਚ ਦੇ ਆਧਾਰ 'ਤੇ ਕੀਤੀ। ਇਸ ਦੀ ਪੁਸ਼ਟੀ ਐਸਐਸਪੀ ਗੁਰਦਾਸਪੁਰ ਸ੍ਰੀ ਆਦਿੱਤਿਆ ਅਤੇ ਐਸਐਸਪੀ ਤਰਨ ਤਾਰਨ ਸੁਰਿੰਦਰ ਲਾਂਬਾ ਨੇ ਕੀਤੀ। ਧਿਆਨਦੇਣ ਯੋਗ ਹੈ ਕਿ ਇਹ ਮਾਮਲਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਲੰਬੇ ਸਮੇਂ ਤੋਂ ਲੰਬਿਤ ਹੈ। ਇਹ ਭ੍ਰਿਸ਼ਟਾਚਾਰ ਦਾ ਮਾਮਲਾ 2018 ਦਾ

ਹੈ। ਸੂਤਰਾਂ ਅਨੁਸਾਰ, ਮਹਿਲਾ ਐਸਡੀਐਮ ਡਾ. ਅਨੁਪ੍ਰੀਤ ਕੌਰ 'ਤੇ ਰਾਸ਼ਟਰੀ ਰਾਜਮਾਰਗ ਦੀ ਉਸਾਰੀ ਦੌਰਾਨ ਜ਼ਮੀਨ ਪ੍ਰਾਪਤੀ ਲਈ ਮੁਆਵਜ਼ੇ ਵਜੋਂ 1 ਕਰੋੜ 63 ਲੱਖ ਰੁਪਏ ਦੀ ਰਕਮ ਉਨ੍ਹਾਂ ਵਿਅਕਤੀਆਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕਰਨ ਦਾ ਦੋਸ਼ ਹੈ, ਜਿਨ੍ਹਾਂ ਦਾ ਜ਼ਮੀਨ ਨਾਲ ਕੋਈ ਸਬੰਧ ਨਹੀਂ ਸੀ। ਰਿਪੋਰਟਾਂ ਅਨੁਸਾਰ, ਉਸ ਸਮੇਂ ਅਨੁਪ੍ਰੀਤ ਕੌਰ ਰੰਧਾਵਾ ਤਰਨਤਾਰਨ ਵਿੱਚ ਸਬ-ਡਿਵੀਜ਼ਨਲ ਅਫਸਰ ਵਜੋਂ ਤਾਇਨਾਤ ਸੀ। ਜਾਂਚ 'ਚ ਖੁਲਾਸਾ ਹੋਇਆ ਕਿ 2018 ਤੋਂ 2019 ਦੇ ਵਿਚਕਾਰ ਨੈਸ਼ਨਲ ਹਾਈਵੇ 54 ਲਈ ਜ਼ਮੀਨ ਪ੍ਰਾਪਤੀ ਦਾ ਕੰਮ ਚੱਲ ਰਿਹਾ ਸੀ। ਇਸ ਦੌਰਾਨ, ਪੰਜ ਅਯੋਗ ਵਿਅਕਤੀਆਂ ਦੇ ਖਾਤਿਆਂ ਵਿੱਚ ਸਰਕਾਰੀ ਮੁਆਵਜ਼ਾ ਵੰਡਿਆ ਗਿਆ। ਦੋਸ਼ ਹੈ ਕਿ ਇਹ ਭੁਗਤਾਨ ਮਾਲ ਵਿਭਾਗ ਦੇ ਰਿਕਾਰਡ ਦੀ ਤਸਦੀਕ ਕੀਤੇ ਬਿਨਾਂ ਕੀਤੇ ਗਏ ਸਨ।

ਮਾਮਲਾ ਉਦੋਂ ਸ਼ੁਰੂ ਹੋਇਆ ਜਦੋਂ ਪੱਟੀ ਦੇ ਤਤਕਾਲੀ ਸਬ-ਡਿਵੀਜ਼ਨਲ ਅਫਸਰ ਨਵਰਾਜ ਸਿੰਘ ਬਰਾੜ ਨੇ ਤਤਕਾਲੀ ਡਿਪਟੀ ਕਮਿਸ਼ਨਰ ਪ੍ਰਦੀਪ ਸੱਭਰਵਾਲ ਨੂੰ ਸ਼ਿਕਾਇਤ ਭੇਜੀ। ਸ਼ਿਕਾਇਤ ਵਿੱਚ ਕਿਹਾ ਗਿਆ ਸੀ ਕਿ ਜਿਨ੍ਹਾਂ ਵਿਅਕਤੀਆਂ ਦੇ ਨਾਮ 'ਤੇ ਫੰਡ ਵੰਡੇ ਗਏ ਸਨ, ਉਨ੍ਹਾਂ ਦੀ ਜ਼ਮੀਨ ਰਾਸ਼ਟਰੀ ਹਾਈਵੇ ਪ੍ਰੋਜੈਕਟ ਲਈ ਪ੍ਰਾਪਤ ਨਹੀਂ ਕੀਤੀ ਗਈ ਸੀ। ਜਾਂਚ ਤੋਂ ਬਾਅਦ, 5 ਸਤੰਬਰ, 2019 ਨੂੰ ਸਿਟੀ ਪੱਟੀ ਪੁਲਿਸ ਸਟੇਸ਼ਨ ਵਿੱਚ ਧੋਖਾਧੜੀ, ਅਪਰਾਧਿਕ ਵਿਸ਼ਵਾਸ ਉਲੰਘਣਾ ਅਤੇ ਸਾਜਿਸ਼ ਦੀਆਂ (ਬਾਕੀ ਸਫਾ 2 'ਤੇ)

ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਅਨੁਸ਼ਾਸਨੀ ਕਮੇਟੀ ਦਾ ਗਠਨ

ਗੋਬਿੰਦ ਸਿੰਘ ਲੌਂਗੋਵਾਲ ਹੋਣਗੇ ਕਮੇਟੀ ਦੇ ਚੇਅਰਮੈਨ

ਚੰਡੀਗੜ੍ਹ, 16 ਮਈ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪਾਰਟੀ ਵਿੱਚ ਅਨੁਸ਼ਾਸਨ ਨੂੰ ਬਣਾ ਕੇ ਰੱਖਣ ਲਈ ਇਕ ਅਨੁਸ਼ਾਸਨੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਐੱਸ.ਜੀ.ਪੀ.ਸੀ. ਇਸ ਕਮੇਟੀ ਦੇ ਚੇਅਰਮੈਨ ਹੋਣਗੇ। ਜਦਕਿ ਕਮੇਟੀ ਵਿੱਚ ਮੈਂਬਰ ਵਜੋਂ ਸਰਵਣ ਸਿੰਘ ਫਿਲੌਰ, ਭਰਪੂਰ ਸਿੰਘ ਧਾਂਦਰਾ, ਰਣਧੀਰ ਸਿੰਘ ਰੱਖੜਾ ਅਤੇ ਪਰਮਪਾਲ ਸਿੰਘ ਸਭਰਾ ਨੂੰ ਸ਼ਾਮਲ ਕੀਤਾ ਗਿਆ ਹੈ। (ਬਾਕੀ ਸਫਾ 2 'ਤੇ)

ਸੰਜੀਵ ਅਰੋੜਾ ਨੂੰ 2 ਦਿਨਾਂ ਪੁਲਿਸ ਰਿਮਾਂਡ 'ਤੇ ਭੇਜਿਆ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 16 ਮਈ :ਆਮ ਆਦਮੀ ਪਾਰਟੀ (ਆਪ) ਸਰਕਾਰ ਦੌਰਾਨ ਪੰਜਾਬ ਦੇ ਸ਼ਕਤੀਸ਼ਾਲੀ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਦੀਆਂ ਮੁਸ਼ਕਲਾਂ ਲਗਾਤਾਰ ਜਾਰੀ ਹਨ। ਈ.ਡੀ. ਨੇ ਅਰੋੜਾ ਦੇ ਰਿਮਾਂਡ ਵਿੱਚ ਦੋ ਦਿਨ ਦਾ ਵਾਧਾ ਕਰ ਦਿੱਤਾ ਹੈ, ਜਿਨ੍ਹਾਂ ਨੂੰ 100 ਕਰੋੜ ਰੁਪਏ ਤੋਂ ਵੱਧ ਦੇ ਮਨੀ ਲਾਂਡਰਿੰਗ ਅਤੇ ਧੋਖਾਧੜੀ ਵਾਲੇ ਜੀ.ਐਸ.ਟੀ. ਘੁਟਾਲੇ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਗੁਰੂਗ੍ਰਾਮ ਦੀ ਵਿਸ਼ੇਸ਼ ਪੀ.ਐਮ.ਐਲ.ਏ. ਅਦਾਲਤ ਨੇ ਹੋਰ ਪੁੱਛ-ਗਿੱਛ ਲਈ ਅਰੋੜਾ ਦੇ ਰਿਮਾਂਡ ਦਾ ਹੁਕਮ ਦਿੱਤਾ ਹੈ। ਇਸ ਤੋਂ ਪਹਿਲਾਂ, ਈ.ਡੀ. ਨੇ 9 ਮਈ ਨੂੰ ਦੇਰ ਸ਼ਾਮ ਚੰਡੀਗੜ੍ਹ ਵਿੱਚ ਉਨ੍ਹਾਂ ਦੇ ਸਰਕਾਰੀ ਨਿਵਾਸ 'ਤੇ ਇੱਕ ਦਿਨ ਭਰ ਛਾਪੇਮਾਰੀ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਬਾਅਦ, ਅਦਾਲਤ ਨੇ

ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਪ੍ਰਕਿਰਿਆ ਦੌਰਾਨ ਪੰਜਾਬ ਵਿੱਚ ਇੱਕ ਵੀ ਅਸਲੀ ਵੋਟ ਕੱਟਣ ਨਹੀਂ ਦਿੱਤੀ ਜਾਵੇਗੀ: ਮਾਨ

ਚੰਡੀਗੜ੍ਹ, 16 ਮਈ (ਅੰਮ੍ਰਿਤਪਾਲ ਸਿੰਘ) : ਦੇਸ਼ ਦੇ ਕਈ ਸੂਬਿਆਂ ਵਿੱਚ ਵੋਟਰ ਸੂਚੀਆਂ 'ਚ ਬੇਨਿਯਮੀਆਂ ਨੂੰ ਲੈ ਕੇ ਵਧਦੀਆਂ ਚਿੰਤਾਵਾਂ ਦੇ ਚੱਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ (ਆਪ) ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਪ੍ਰਕਿਰਿਆ ਤਹਿਤ ਪੰਜਾਬ ਵਿੱਚ ਕਿਸੇ ਵੀ ਯੋਗ ਵੋਟਰ ਦੀ ਵੋਟ ਹਟਾਉਣ ਨਹੀਂ ਦਿੱਤੀ ਜਾਵੇਗੀ। ਕਿਸੇ ਖਾਸ ਰਾਜਨੀਤਿਕ ਪਾਰਟੀ ਲਈ 'ਜਾਅਲੀ ਵੋਟਾਂ' ਬਣਾਉਣ ਦੀ ਕਿਸੇ ਵੀ ਕੋਸ਼ਿਸ਼ ਵਿਰੁੱਧ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਆਗੂ ਅਤੇ ਵਰਕਰ ਸੂਬੇ ਭਰ ਦੇ ਹਰੇਕ ਪੋਲਿੰਗ ਬੂਥ 'ਤੇ ਬੂਥ ਲੈਵਲ ਅਫਸਰਾਂ (ਬੀ.ਐਲ.ਓਜ਼.) ਦੇ ਨਾਲ ਤਾਇਨਾਤ ਰਹਿਣਗੇ ਤਾਂ ਜੋ ਇਸ ਪ੍ਰਕਿਰਿਆ ਦੀ ਸਖ਼ਤ ਨਿਗਰਾਨੀ ਕੀਤੀ ਜਾ ਸਕੇ ਅਤੇ ਬੇਨਿਯਮੀਆਂ ਨੂੰ ਰੋਕਿਆ ਜਾ ਸਕੇ।

ਹੋਰ ਸੂਬਿਆਂ ਤੋਂ ਲੱਖਾਂ ਯੋਗ ਵੋਟਾਂ ਨੂੰ ਹਟਾਉਣ ਅਤੇ ਤਸਦੀਕ ਪ੍ਰਕਿਰਿਆ ਵਿੱਚ ਬੇਨਿਯਮੀਆਂ ਸਬੰਧੀ ਆਈਆਂ ਸ਼ਿਕਾਇਤਾਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਸੂਬੇ ਵਿੱਚ ਅਜਿਹੀਆਂ ਬੇਨਿਯਮੀਆਂ ਦੀ ਇਜਾਜ਼ਤ ਨਹੀਂ ਦੇਣਗੇ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ (ਈ.ਸੀ.) ਨੂੰ ਐਸ.ਆਈ.ਆਰ. ਪ੍ਰਕਿਰਿਆ ਨੂੰ ਪੂਰੀ ਇਮਾਨਦਾਰੀ, ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਨੇਪਰੇ ਚਾੜ੍ਹਨ ਅਤੇ ਜਨਤਕ ਇਤਰਾਜ਼ਾਂ ਦਾ ਨਿਪਟਾਰਾ ਬਿਨਾਂ ਦੇਰੀ ਤੋਂ ਕਰਨ ਦੀ ਅਪੀਲ ਕੀਤੀ ਗਈ ਹੈ।

ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਪੂਰੀ ਪਾਰਦਰਸ਼ਤਾ, ਇਮਾਨਦਾਰੀ, ਨਿਰਪੱਖਤਾ ਅਤੇ ਜਵਾਬਦੇਹੀ ਨਾਲ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਹਰ ਯੋਗ ਵੋਟਰ ਬਿਨਾਂ ਕਿਸੇ ਡਰ ਜਾਂ ਨਿਰਵਿਘਨ ਢੰਗ ਨਾਲ ਆਪਣੇ ਜਮਹੂਰੀ ਅਧਿਕਾਰ ਦੀ ਵਰਤੋਂ ਕਰ ਸਕੇ। ਪੂਰੀ ਪ੍ਰਕਿਰਿਆ ਦੌਰਾਨ ਸਾਰੀਆਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਸਰਗਰਮੀ ਨਾਲ ਸ਼ਾਮਲ ਹੋਣਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪੰਜਾਬ ਵਿੱਚ ਕਿਤੇ ਵੀ ਕੋਈ ਹੇਰਾਫੇਰੀ ਨਾ ਹੋਵੇ।

ਮੁੱਖ ਮੰਤਰੀ ਨੇ ਕਿਹਾ, ਵੱਖ-ਵੱਖ ਸੂਬਿਆਂ ਵਿੱਚ ਯੋਗ ਵੋਟਾਂ ਨੂੰ ਹਟਾਉਣ ਅਤੇ ਜਾਅਲੀ ਐਂਟਰੀਆਂ ਕਰਨ ਬਾਰੇ ਪੈਦਾ ਹੋਏ ਖਦਸ਼ਿਆਂ ਕਾਰਨ ਨਾਗਰਿਕਾਂ ਦਰਮਿਆਨ ਚਿੰਤਾ ਪੈਦਾ ਹੋ ਗਈ ਹੈ, ਜਿਸ ਕਾਰਨ ਚੋਣ ਕਮਿਸ਼ਨ ਲਈ ਪੂਰੀ ਜ਼ਿੰਮੇਵਾਰੀ ਅਤੇ ਨਿਰਪੱਖਤਾ ਨਾਲ ਕੰਮ ਕਰਨਾ ਲਾਜ਼ਮੀ ਹੋ ਗਿਆ ਹੈ। ਲੱਖਾਂ ਯੋਗ ਵੋਟਾਂ ਨੂੰ ਹਟਾਉਣ ਅਤੇ ਤਸਦੀਕ ਪ੍ਰਕਿਰਿਆ ਵਿੱਚ ਹੇਰਾਫੇਰੀ ਬਾਰੇ ਵੱਖ-ਵੱਖ ਸੂਬਿਆਂ ਤੋਂ ਸ਼ਿਕਾਇਤਾਂ ਸਾਹਮਣੇ ਆਈਆਂ ਹਨ, ਪਰ ਪੰਜਾਬ ਦੇ ਲੋਕ ਸੂਬੇ ਵਿੱਚ ਅਜਿਹੇ ਅਮਲਾਂ ਦੀ ਇਜ਼ਾਜਤ ਨਹੀਂ ਦੇਣਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜੇ ਵੋਟਰ ਸੂਚੀਆਂ ਦੀ ਦਰੁਸਤੀ ਅਤੇ ਚੋਣਾਂ ਕਰਵਾਉਣ ਵਾਲੀਆਂ ਸੰਵਿਧਾਨਕ ਸੰਸਥਾਵਾਂ ਪ੍ਰਤੀ ਲੋਕਾਂ ਦਾ ਵਿਸ਼ਵਾਸ ਘਟਣਾ ਸ਼ੁਰੂ ਹੋ ਜਾਵੇ ਤਾਂ ਲੋਕਤੰਤਰ ਦੀ ਬੁਨਿਆਦ ਖ਼ਤਰੇ ਵਿੱਚ ਪੈ ਸਕਦੀ ਹੈ। ਉਨ੍ਹਾਂ ਅੱਗੇ ਕਿਹਾ, ਚੋਣ ਕਮਿਸ਼ਨ ਨੂੰ ਹਰੇਕ ਯੋਗ ਵੋਟਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਅਤੇ ਰਾਜਨੀਤਿਕ ਪਾਰਟੀਆਂ ਵੱਲੋਂ ਉਠਾਏ ਗਏ ਇਤਰਾਜ਼ਾਂ ਦਾ ਪੂਰੀ ਇਮਾਨਦਾਰੀ, ਪਾਰਦਰਸ਼ੀ ਅਤੇ ਬਿਨਾਂ ਕਿਸੇ ਦੇਰੀ ਤੋਂ ਹੱਲ ਕਰਨਾ ਚਾਹੀਦਾ ਹੈ।

ਵੋਟਰ ਸੂਚੀਆਂ ਦੀ ਸੋਧ ਬਾਰੇ 'ਆਪ' ਦੇ ਸਟੈਂਡ ਨੂੰ ਸਪੱਸ਼ਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮ੍ਰਿਤਕ ਵਿਅਕਤੀਆਂ ਜਾਂ ਵਿਦੇਸ਼ੀ ਨਾਗਰਿਕਤਾ ਪ੍ਰਾਪਤ ਕਰਨ ਤੋਂ ਬਾਅਦ ਸਥਾਈ ਤੌਰ 'ਤੇ ਵਿਦੇਸ਼ ਚਲੇ ਗਏ ਲੋਕਾਂ ਦੇ ਨਾਮ ਵੋਟਰ ਸੂਚੀਆਂ ਤੋਂ ਹਟਾ ਦਿੱਤੇ ਜਾਣੇ ਚਾਹੀਦੇ ਹਨ, ਪਰ ਪੰਜਾਬ ਦੇ ਕਿਸੇ ਵੀ ਅਸਲ ਨਿਵਾਸੀ ਨੂੰ ਕਿਸੇ ਵੀ ਹਾਲਤ ਵਿੱਚ ਪਰੇਸ਼ਾਨ ਨਹੀਂ ਕੀਤਾ ਜਾਣਾ ਚਾਹੀਦਾ ਜਾਂ ਉਸ ਦੇ ਵੋਟ ਦੇਣ ਦੇ ਅਧਿਕਾਰ ਤੋਂ ਉਸ ਨੂੰ ਵਾਂਝਾ ਨਹੀਂ ਕਰਨਾ ਚਾਹੀਦਾ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਪੰਜਾਬ ਵਿੱਚ ਲੱਗਭੱਗ 83 ਫ਼ੀਸਦੀ ਵੋਟਰ ਮੈਪਿੰਗ ਪਹਿਲਾਂ ਹੀ ਮੁਕੰਮਲ ਹੋ ਚੁੱਕੀ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਆਪਣੇ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਤਸਦੀਕ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਨੇ ਪੁਸ਼ਟੀ ਕੀਤੀ, 'ਚੋਣ ਕਮਿਸ਼ਨ ਨੂੰ ਸਮੁੱਚੀ ਐਸ.ਆਈ.ਆਰ. ਪ੍ਰਕਿਰਿਆ ਦੌਰਾਨ ਪੂਰੀ ਇਮਾਨਦਾਰੀ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਅਤੇ ਲੋਕਾਂ ਵੱਲੋਂ ਉਠਾਏ ਗਏ ਇਤਰਾਜ਼ਾਂ ਦਾ ਤੁਰੰਤ ਤੇ ਨਿਰਪੱਖ ਢੰਗ ਨਾਲ ਨਿਪਟਾਰਾ ਕਰਨਾ ਚਾਹੀਦਾ ਹੈ।

ਮਾਨਸਿਕ ਰੋਗੀ ਦਾ ਹੁਣ ਨਹੀਂ ਚੱਲੇਗਾ ਬਹਾਨਾ, ਬੇਅਦਬੀ ਕਰਨ 'ਤੇ ਹੋਵੇਗੀ ਸਖ਼ਤ ਸਜ਼ਾ: ਮੁੱਖ ਮੰਤਰੀ

ਚੰਡੀਗੜ੍ਹ, 16 ਮਈ (ਅੰਮ੍ਰਿਤਪਾਲ ਸਿੰਘ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਨੀਵਾਰ ਨੂੰ ਪਟਿਆਲਾ ਜ਼ਿਲ੍ਹੇ ਦੇ ਸਮਾਣਾ ਵਿਖੇ ਇੱਕ ਵਿਸ਼ਾਲ ਜਨਸਭਾ ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਨ੍ਹਾਂ ਨੇ ਨਵੇਂ ਬਣੇ ਬੇਅਦਬੀ ਵਿਰੋਧੀ ਕਾਨੂੰਨ, ਪੰਜਾਬ ਦੇ ਵਿਕਾਸ ਕਾਰਜਾਂ, ਬਿਜਲੀ ਸੁਧਾਰਾਂ, ਸਿੰਚਾਈ ਪ੍ਰੋਜੈਕਟਾਂ, ਰੁਜ਼ਗਾਰ ਦੇ ਮੌਕਿਆਂ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਬਾਰੇ ਵਿਸਥਾਰਪੂਰਵਕ ਗੱਲ ਕੀਤੀ।

ਬੇਅਦਬੀ ਦੇ ਮੁੱਦੇ 'ਤੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਦੀਆਂ ਲਗਾਤਾਰ ਘਟਨਾਵਾਂ ਕਾਰਨ ਕਈ ਸਾਲਾਂ ਤੋਂ ਲੋਕਾਂ ਦੇ ਮਨਾਂ ਨੂੰ ਡੂੰਘੀ ਠੇਸ ਪਹੁੰਚੀ ਸੀ। ਉਨ੍ਹਾਂ ਕਿਹਾ ਕਿ ਕਮਜ਼ੋਰ ਕਾਨੂੰਨੀ ਪ੍ਰਬੰਧਾਂ ਕਾਰਨ ਦੋਸ਼ੀ ਲੋਕ ਮਾਨਸਿਕ ਬਿਮਾਰੀ ਜਾਂ ਕਾਨੂੰਨੀ ਖਾਮੀਆਂ ਦਾ ਹਵਾਲਾ ਦੇ ਕੇ ਸਜ਼ਾ ਤੋਂ ਬਚ ਨਿੱਕਲਦੇ ਸਨ।

ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਗਿਆ ਨਵਾਂ ਕਾਨੂੰਨ ਬੇਅਦਬੀ ਲਈ ਸਖ਼ਤ ਸਜ਼ਾ ਯਕੀਨੀ ਬਣਾਉਂਦਾ ਹੈ ਅਤੇ ਪੁਰਾਣੀਆਂ ਖਾਮੀਆਂ ਨੂੰ ਖ਼ਤਮ ਕਰਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹੁਣ ਬੇਅਦਬੀ ਦੇ ਮਾਮਲਿਆਂ ਵਿੱਚ ਮਾਨਸਿਕ ਤੌਰ 'ਤੇ ਅਸਥਿਰ ਦੋਸ਼ੀਆਂ ਦੇ ਦੇਖਭਾਲ ਕਰਨ ਵਾਲਿਆਂ, ਸਰਪ੍ਰਸਤਾਂ ਜਾਂ ਪਰਿਵਾਰਕ ਮੈਂਬਰਾਂ ਨੂੰ ਵੀ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀਆਂ ਵਿੱਚ ਡਰ ਪੈਦਾ ਕਰਨ ਲਈ ਕਾਨੂੰਨ ਵਿੱਚ ਉਮਰ ਕੈਦ ਅਤੇ ਭਾਰੀ ਜੁਰਮਾਨੇ ਸ਼ਾਮਲ ਕੀਤੇ ਗਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਅਜਿਹਾ ਕਾਨੂੰਨ ਬਣਾਉਣ ਦੀ ਸਿਆਸੀ ਇੱਛਾ ਸ਼ਕਤੀ ਦੀ ਘਾਟ ਸੀ, ਕਿਉਂਕਿ ਉਨ੍ਹਾਂ ਵਿੱਚੋਂ ਕਈ ਖੁਦ ਬੇਅਦਬੀ ਦੀਆਂ ਘਟਨਾਵਾਂ ਦੇ ਜ਼ਿੰਮੇਵਾਰ ਲੋਕਾਂ ਨੂੰ ਬਚਾਉਣ ਵਿੱਚ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਲਗਾਤਾਰ ਇਨਸਾਫ਼ ਦੀ ਮੰਗ ਕਰ ਰਹੇ ਸਨ, ਪਰ ਉਨ੍ਹਾਂ ਕਿਹਾ ਕਿ ਅਜਿਹੇ ਸਮੇਂ ਜਦੋਂ ਅਤਿਵਾਦੀ ਘਟਨਾਵਾਂ ਵਧ ਰਹੀਆਂ ਹਨ, ਉਹ ਨਿੱਜੀ ਤੌਰ 'ਤੇ ਮਹਿਸੂਸ ਕਰਦੇ ਹਨ ਕਿ ਸਰਕਾਰ ਨੂੰ ਪ੍ਰਧਾਨ ਮੰਤਰੀ ਦੀ ਸੁਰੱਖਿਆ ਲਈ ਹੋਰ ਵੀ ਬਿਹਤਰ ਅਤੇ ਵਿਸ਼ੇਸ਼ ਪ੍ਰਬੰਧ ਕਰਨੇ ਚਾਹੀਦੇ ਹਨ।

ਉਨ੍ਹਾਂ ਨੇ ਇੱਥੇ ਇੱਕ ਸਮਾਗਮ ਦੇ ਦੌਰਾਨ ਗੱਲਬਾਤ ਕਰਦਿਆਂ ਕਿਹਾ, ਮੌਜੂਦਾ ਖ਼ਤਰੇ ਦੇ ਮੁਲਾਂਕਣਾਂ ਅਨੁਸਾਰ ਡਰੋਨ ਅਤੇ ਸਨਾਈਪਰ ਗਨ (ਨਿਸ਼ਾਨੇਬਾਜ਼ ਬੰਦੂਕਾਂ) ਵਰਤੋਂ ਵਿੱਚ ਆ ਚੁੱਕੇ ਹਨ। ਇਸ ਲਈ, ਸਾਨੂੰ ਪ੍ਰਧਾਨ ਮੰਤਰੀ ਦੀ ਸੁਰੱਖਿਆ ਦੀ ਸਮੀਖਿਆ ਕਰਨ ਅਤੇ ਇਸ ਨੂੰ ਮਜ਼ਬੂਤ ਕਰਨ ਦੀ ਲੋੜ ਹੈ, ਨਾ ਕਿ ਇਸ ਦਾ ਆਕਾਰ ਛੋਟਾ ਕਰਨ ਦੀ। ਮੈਂ ਮਹਿਸੂਸ ਕਰਦਾ ਹਾਂ ਕਿ ਇਹ ਸਹੀ ਨਹੀਂ ਹੈ। ਇਹ ਦੇਸ਼ ਦੇ ਹਿੱਤ ਵਿੱਚ ਨਹੀਂ ਹੈ।"ਮੋਦੀ ਨੇ ਤੇਲ ਬਚਾਉਣ ਅਤੇ ਉਪਲਬਧ ਸਰੋਤਾਂ ਦੀ ਉਚਿਤ ਵਰਤੋਂ ਕਰਨ ਦੇ ਆਪਣੇ ਸੱਦੇ ਤੋਂ ਬਾਅਦ, ਹੋਰ ਮੰਤਰੀਆਂ ਵਾਂਗ ਆਪਣੇ ਕਾਫ਼ਲੇ ਨੂੰ ਘਟਾ ਕੇ ਦੋ ਵਾਹਨਾਂ ਤੱਕ ਕਰ ਦਿੱਤਾ ਹੈ।

ਸੁਪਰੀਮ ਕੋਰਟ 'ਚ 2 ਦਿਨ ਵਰਕ ਫਰਾਮ ਹੋਮ ਲਾ

ਮੁਤਾਬਕ ਸੋਮਵਾਰ ਤੇ ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਵਿਚ ਵੀਡੀਓ ਕਾਨਫਰਸਿੰਗ ਰਾਹੀਂ ਸੁਣਵਾਈ ਹੋਇਆ ਕਰੇਗੀ। ਇਸੇ ਤਰੀਕੇ ਹਫਤੇ ਵਿਚ ਦੋ ਦਿਨ 50 ਫੀਸਦੀ ਸਟਾਫ ਵਰਕ ਫਰਾਮ ਹੋਮ ਵਿਚ ਸ਼ਮੂਲੀਅਤ ਕਰੇਗਾ ਜਿਸ ਲਈ ਡਿਊਟੀ ਰੋਸਟਰ ਹਰ ਹਫਤੇ ਤਿਆਰ ਹੋਵੇਗਾ। ਘਰ ਤੋਂ ਕੰਮ ਕਰਨ ਵਾਲੇ ਕਰਮਚਾਰੀ ਹਰ ਵੇਲੇ ਫੋਨ 'ਤੇ ਉਪਲਬਧ ਰਹਿਣਗੇ। ਇਸੇ ਤਰੀਕੇ ਜੱਜ ਆਪਸ ਵਿਚ ਕਾਰ ਪੂਲਿੰਗ ਦੀ ਵਰਤੋਂ ਕਰਨਗੇ।

9 ਘੰਟਿਆਂ ਬਾਅਦ ਬੋਰਵੈੱਲ 'ਚੋਂ ਬੱਚੇ ਨੂੰ ਸੁਰੱਖਿਅਤ

ਲਗਭਗ 30 ਫੁੱਟ ਹੇਠਾਂ ਫਸ ਗਿਆ ਸੀ। ਉਸ ਨੂੰ ਸ਼ੁੱਕਰਵਾਰ-ਸ਼ਨੀਵਾਰ ਰਾਤ ਨੂੰ ਲਗਭਗ 12:40 ਵਜੇ ਬੋਰਵੈੱਲ ਵਿੱਚੋਂ ਬਾਹਰ ਕੱਢਿਆ ਗਿਆ ਅਤੇ ਤੁਰੰਤ ਡਾਕਟਰੀ ਜਾਂਚ ਲਈ ਹਸਪਤਾਲ ਲਿਜਾਇਆ ਗਿਆ। ਜਿਥੇ ਡਾਕਟਰਾਂ ਨੇ ਬੱਚੇ ਨੂੰ ਖ਼ਤਰੇ ਤੋਂ ਬਾਹਰ ਘੋਸ਼ਿਤ ਕੀਤਾ ਗਿਆ। ਸਫਲ ਬਚਾਅ ਤੋਂ ਬਾਅਦ, ਡੀ.ਸੀ. ਨੇ ਕਿਹਾ ਕਿ ਬੱਚੇ ਨੂੰ ਹੋਰ ਮੁਲਾਂਕਣ ਲਈ ਇੱਕ ਮੈਡੀਕਲ ਟੀਮ ਦੇ ਨਾਲ ਐਂਬੂਲੈਂਸ ਵਿੱਚ ਹਸਪਤਾਲ ਲਿਜਾਇਆ ਗਿਆ। ਉਸ ਦਾ ਇਸ ਸਮੇਂ ਇਲਾਜ ਚੱਲ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਘਟਨਾ ਹੁਸ਼ਿਆਰਪੁਰ ਵਿੱਚ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਚੱਕ ਸਮਾਣਾ ਪਿੰਡ ਵਿੱਚ ਸ਼ਾਮ 4 ਵਜੇ ਦੇ ਕਰੀਬ ਵਾਪਰੀ। ਸੂਚਨਾ ਮਿਲਣ 'ਤੇ ਪ੍ਰਸ਼ਾਸਨਿਕ ਅਧਿਕਾਰੀ ਤੁਰੰਤ ਮੌਕੇ 'ਤੇ ਪਹੁੰਚੇ। ਜ਼ਿਕਰਯੋਗ ਹੈ ਕਿ ਮਜ਼ਦੂਰ ਹਰਿੰਦਰ ਅਤੇ ਆਸ਼ਾ ਦਾ ਪੁੱਤਰ ਗੁਰਕਰਨ ਸਿੰਘ ਆਪਣੇ ਘਰ ਦੇ ਨਾਲ ਇੱਕ ਖੁੱਲ੍ਹੇ ਬੋਰਵੈੱਲ ਵਿੱਚ ਡਿੱਗ ਪਿਆ ਸੀ। ਇਹ ਬੋਰਵੈੱਲ ਲਗਭਗ 15 ਦਿਨਾਂ ਤੋਂ ਪੁੱਟਿਆ ਜਾ ਰਿਹਾ ਸੀ। ਪਾਈਪ ਵਿਛਾਉਣ ਲਈ ਨੇੜੇ ਇੱਕ ਟੋਆ ਪੁੱਟਿਆ ਗਿਆ ਸੀ ਪਰ 15 ਇੰਚ ਦੀ ਪਾਈਪ ਲਗਾਉਣ ਤੋਂ ਬਾਅਦ ਵੀ ਟੋਆ ਪੂਰੀ ਤਰ੍ਹਾਂ ਨਹੀਂ ਭਰਿਆ ਗਿਆ ਸੀ। ਇਸ ਦੌਰਾਨ, ਬੱਚਾ ਖੇਡਦੇ ਹੋਏ ਮੌਕੇ 'ਤੇ ਪਹੁੰਚ ਗਿਆ। ਰੇਤਲੇ ਇਲਾਕੇ ਕਾਰਨ ਉਸ ਦਾ ਪੈਰ ਫਿਸਲ ਗਿਆ ਅਤੇ ਉਹ ਪਾਈਪ ਦੁਆਰਾ ਬਣਾਏ ਗਏ ਪਾੜੇ ਵਿੱਚ ਡਿੱਗ ਗਿਆ ਸੀ।

ਪਿਛਲੀਆਂ ਸਰਕਾਰਾਂ ਨੇ ਜਾਣਬੁੱਝ ਕੇ ਕਾਨੂੰਨ ਨੂੰ ਕਮਜ਼ੋਰ ਰੱਖਿਆ।

ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਮਾਨ ਨੇ ਕਿਹਾ ਕਿ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਨੇ ਸਿਆਸੀ ਹਿੱਤਾਂ ਲਈ ਪੰਜਾਬ ਨਾਲ ਲਗਾਤਾਰ ਧ੍ਰੋਹ ਕਮਾਇਆ ਹੈ। ਉਨ੍ਹਾਂ ਨੇ ਬਾਦਲ ਪਰਿਵਾਰ 'ਤੇ ਤਨਜ਼ ਕਸਦਿਆਂ ਕਿਹਾ ਕਿ ਕਦੇ ਉਹ ਪੰਜਾਬ 'ਤੇ 25 ਸਾਲ ਰਾਜ ਕਰਨ ਦੇ ਦਾਅਵੇ ਕਰਦੇ ਸਨ, ਪਰ ਅੱਜ ਉਨ੍ਹਾਂ ਦੇ ਨਾਲ 25 ਵਫ਼ਾਦਾਰ ਵਰਕਰ ਵੀ ਨਹੀਂ ਬਚੇ।

ਪੰਜਾਬੀਆਂ ਦੀ ਮਿਹਨਤੀ ਪ੍ਰਵਿਰਤੀ ਦੀ ਸ਼ਲਾਘਾ ਕਰਦਿਆਂ ਮਾਨ ਨੇ ਕਿਹਾ ਕਿ ਪੰਜਾਬੀਆਂ ਨੇ ਦੁਨੀਆਂ ਦੇ ਹਰ ਕੋਨੇ ਵਿੱਚ ਸਫ਼ਲਤਾ ਹਾਸਲ ਕੀਤੀ ਹੈ, ਪਰ ਪੰਜਾਬ ਖੁਦ ਪਿੱਛੇ ਰਹਿ ਗਿਆ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਅਜਿਹਾ ਸਿਸਟਮ ਬਣਾਇਆ। ਜਿਸ ਨੇ ਇਮਾਨਦਾਰ ਤਰੱਕੀ ਨੂੰ ਨਿਰਉਤਸ਼ਾਹਿਤ ਕੀਤਾ ਅਤੇ ਭ੍ਰਿਸ਼ਟਾਚਾਰ ਤੇ ਸਿਆਸੀ ਦਖਲਅੰਦਾਜ਼ੀ ਨੂੰ ਬੜ੍ਹਾਵਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸਿਆਸੀ ਕਮਿਸ਼ਨਖੋਰੀ ਦੇ ਦੌਰ ਦਾ ਖ਼ਾਤਮਾ ਕਰ ਦਿੱਤਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪਿਛਲੀਆਂ ਸਰਕਾਰਾਂ ਦੇ ਉਲਟ, ਭਗਵੰਤ ਮਾਨ ਦਾ ਰੇਤ ਦੀ ਮਾਈਨਿੰਗ, ਟ੍ਰਾਂਸਪੋਰਟ ਦੇ ਠੇਕਿਆਂ, ਢਾਬਿਆਂ ਜਾਂ ਹੋਰ ਕਾਰੋਬਾਰੀ ਸੌਦਿਆਂ ਵਿੱਚ ਕੋਈ ਵਿੱਤੀ ਹਿੱਤ ਨਹੀਂ ਹੈ। ਬਿਜਲੀ ਖੇਤਰ ਬਾਰੇ ਗੱਲ ਕਰਦਿਆਂ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸਰਕਾਰੀ ਜਾਇਦਾਦਾਂ ਨੂੰ ਵੇਚਣ ਦੀ ਬਜਾਏ ਗੋਇੰਦਵਾਲ ਸਾਹਿਬ ਥਰਮਲ ਪਾਵਰ ਪਲਾਂਟ ਨੂੰ ਖਰੀਦ ਕੇ ਇੱਕ ਇਤਿਹਾਸਕ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜਾਣਬੁੱਝ ਕੇ ਸਰਕਾਰੀ ਅਦਾਰਿਆਂ ਨੂੰ ਘਾਟੇ ਵਿੱਚ ਧੱਕਿਆ ਅਤੇ ਫਿਰ ਨਿੱਜੀ ਮੁਨਾਫ਼ੇ ਲਈ ਉਨ੍ਹਾਂ ਨੂੰ ਵੇਚ ਦਿੱਤਾ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪੰਜਾਬ ਜਲਦੀ ਹੀ ਵੱਡੇ ਪੱਧਰ 'ਤੇ ਜ਼ਮੀਨਦੋਜ਼ ਬਿਜਲੀ ਦਾ ਬੁਨਿਆਦੀ ਢਾਂਚਾ ਤਿਆਰ ਕਰਨ ਵਾਲਾ ਭਾਰਤ ਦਾ ਪਹਿਲਾ ਸੂਬਾ ਬਣੇਗਾ। ਮਾਨ ਨੇ ਕਿਹਾ ਕਿ ਬਿਜਲੀ ਦੀਆਂ ਤਾਰਾਂ ਅਤੇ ਖੰਭਿਆਂ ਨੂੰ ਹੌਲੀ-ਹੌਲੀ ਹਟਾ ਕੇ ਉਨ੍ਹਾਂ ਦੀ ਥਾਂ ਅੰਡਰ ਗਰਾਊਂਡ ਫਾਈਬਰ ਪ੍ਰਣਾਲੀ ਲਗ

ਭਾਜਪਾ ਆਗੂ ਗੋਸ਼ਾ ਵੱਲੋਂ ਕੇਂਦਰੀ ਸਿਹਤ ਮੰਤਰੀ ਜੇ.ਪੀ.ਨੱਡਾ ਨਾਲ ਮੁਲਾਕਾਤ

ਲੁਧਿਆਣਾ: 16 ਮਈ (ਰਵਿੰਦਰ ਸਿੰਘ ਨਿੱਝਰ): ਪਵਿੱਤਰ ਧਰਤੀ ਸ਼੍ਰੀ ਅਨੰਦਪੁਰ ਸਾਹਿਬ ਅੱਜ ਗੰਭੀਰ ਸਮੱਸਿਆਵਾਂ ਨਾਲ ਜੂਝ ਰਹੀ ਹੈ। ਇਲਾਕੇ ਵਿੱਚ ਰੇਤ ਮਾਫੀਆ ਅਤੇ ਨਸ਼ਾ ਮਾਫੀਆ ਦਾ ਦਿਨੋਂ-ਦਿਨ ਕਬਜ਼ਾ ਵੱਧਦਾ ਜਾ ਰਿਹਾ ਹੈ, ਜਿਸ ਕਾਰਨ ਆਮ ਲੋਕ ਡਰ ਅਤੇ ਅਸੁਰੱਖਿਆ ਦੇ ਮਾਹੌਲ ਵਿੱਚ ਜੀਵਨ ਬਤੀਤ ਕਰਨ ਲਈ ਮਜਬੂਰ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ ਅਤੇ ਸਰਕਾਰ ਵੱਲੋਂ ਗੁੰਡਾਗਰਦੀ ਨੂੰ ਖੁੱਲ੍ਹੀ ਸ਼ੈਅ ਦਿੱਤੀ ਜਾ ਰਹੀ ਹੈ। ਉਪਰੋਕਤ ਵਿਚਾਰ ਪੰਜਾਬ ਭਾਜਪਾ ਦੇ ਮੀਡੀਆ ਪੈਨਲਿਸਟ ਤੇ ਸ਼੍ਰੀ ਅਨੰਦਪੁਰ ਸਾਹਿਬ ਦੇ ਇਲੈਕਸ਼ਨ ਇੰਚਾਰਜ ਗੁਰਦੀਪ ਸਿੰਘ ਗੋਸ਼ਾ ਨੇ ਕੇਂਦਰੀ ਸਿਹਤ ਮੰਤਰੀ ਜੇ ਪੀ ਨੱਢਾ ਨਾਲ ਮੁਲਾਕਾਤ ਦੌਰਾਨ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਸ਼੍ਰੀ ਅਨੰਦਪੁਰ ਸਾਹਿਬ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਗੈਰਕਾਨੂੰਨੀ ਮਾਈਨਿੰਗ ਬੇਰੋਕਟੋਕ ਚੱਲ ਰਹੀ ਹੈ ਜਿਸ ਨਾਲ ਕੁਦਰਤੀ ਸਾਧਨਾਂ ਦੀ ਲੁੱਟ ਹੋ ਰਹੀ ਹੈ ਅਤੇ ਸਰਕਾਰੀ ਖ਼ਜ਼ਾਨੇ ਨੂੰ ਵੱਡਾ ਨੁਕਸਾਨ ਪਹੁੰਚ ਰਿਹਾ ਹੈ।ਉਨ੍ਹਾਂ ਕਿਹਾ ਕਿ ਨਸ਼ੇ ਦਾ ਕਾਰੋਬਾਰ ਵੀ ਚਿੰਤਾਜਨਕ ਢੰਗ ਨਾਲ ਵੱਧ ਰਿਹਾ ਹੈ। ਪਰ ਸਰਕਾਰ ਇਸਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਆਮ ਆਦਮੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਗੋਸ਼ਾ ਨੇ ਦੋਸ਼ ਲਗਾਇਆ ਕਿ ਸਰਕਾਰ ਦੇ ਰਾਜ ਵਿੱਚ ਧੱਕੇਸ਼ਾਹੀ, ਗੁੰਡਾਗਰਦੀ ਅਤੇ ਭ੍ਰਿਸ਼ਟਾਚਾਰ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਲੋਕਾਂ ਦੀ ਆਵਾਜ਼ ਬਣ ਕੇ ਹਰ ਮਸਲੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਂਦੇ ਰਹਿਣਗੇ ਅਤੇ ਪੰਜਾਬ ਨੂੰ ਮਾਫੀਆ ਰਾਜ ਤੋਂ ਮੁਕਤ ਕਰਵਾਉਣ ਲਈ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਡਾ ਸੁਭਾਸ਼ ਸ਼ਰਮਾ ਮੀਤ ਪ੍ਰਧਾਨ ਭਾਜਪਾ ਪੰਜਾਬ, ਜਤਿੰਦਰ ਸਿੰਘ ਅਠਵਾਲ, ਰਤਨਾ ਧਾਨੇਰਾ ਮੰਡਲ ਪ੍ਰਧਾਨ, ਡਾ ਪਰਵਿੰਦਰ ਸਿੰਘ, ਪ੍ਰਦੀਪ ਕੁਮਾਰ, ਐਡਵੋਕੇਟ ਸਿਮਰਨ ਕੌਰ ਅਤੇ ਪ੍ਰਭਜੀਤ ਸਿੰਘ ਪੰਧੇਰ ਆਦਿ ਵੀ ਮੌਜੂਦ ਸਨ।

ਪੈਟਰੋਲ-ਡੀਜ਼ਲ ਦੀਆਂ ਵਧਦੀਆਂ ਕੀਮਤਾਂ ਖ਼ਿਲਾਫ਼ ਰੋਸ ਧਰਨਾ

ਲੁਧਿਆਣਾ, 16 ਮਈ (ਵਿਸ਼ਾਲ ਸ਼ਰਮਾ): ਕੇਂਦਰ ਵਿੱਚ ਭਾਜਪਾ ਦੀ ਅਗਵਾਈ ਵਾਲੀ ਮੋਦੀ ਸਰਕਾਰ ਦੀਆਂ ਨੀਤੀਆਂ ਦੇ ਖਿਲਾਫ ਆਮ ਆਦਮੀ ਪਾਰਟੀ ਵਲੋਂ ਇੱਕ ਸ਼ਾਂਤਮਈ ਰੋਸ ਧਰਨਾ ਜ਼ਿਲ੍ਹਾ ਪ੍ਰਧਾਨ ਜਤਿੰਦਰ ਖੰਗੂੜਾ ਦੀ ਅਗਵਾਈ ਹੇਠ ਰਘੂਨਾਥ ਹਸਪਤਾਲ ਦੇ ਸਾਹਮਣੇ ਅਗਰ ਨਗਰ ਦੇ ਬਾਹਰ ਸਥਿਤ ਪਟਰੋਲ ਪੰਪ ਤੇ ਸਮੁੱਚੀ ਲੀਡਰਸ਼ਿਪ ਵੱਲੋਂ ਦਿੱਤਾ ਗਿਆ। ਇਸ ਮੌਕੇ ਲੁਧਿਆਣਾ ਦੇ ਪ੍ਰਧਾਨ ਜਤਿੰਦਰ ਖੰਗੂੜਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜ ਰਾਜਾਂ ਦੀਆਂ ਚੋਣਾਂ ਖਤਮ ਹੋਣ ਤੋਂ ਬਾਅਦ ਨਿਰੰਤਰ ਪਹਿਲਾਂ ਗੈਸ ਸਿਲੰਡਰ ਦੀ ਕੀਮਤ ਅਤੇ ਹੁਣ ਪੈਟਰੋਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ, ਜਿਸ ਦਾ ਕਿ ਆਮ ਲੋਕਾਂ ਦੀ ਜ਼ਿੰਦਗੀ 'ਤੇ ਆਰਥਿਕ ਬੋਝ ਪਿਆ ਹੈ। ਮੋਦੀ ਸਰਕਾਰ ਦੀ ਵਿਦੇਸ਼ ਨੀਤੀ ਫੇਲ ਸਾਬਤ ਹੋਈ ਹੈ। ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਤੇ ਮਹਿੰਗਾਈ ਵਧਾਉਣ ਵਾਲੀਆਂ ਨੀਤੀਆਂ ਖਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਵਧੀਆਂ ਹੋਈਆਂ ਕੀਮਤਾਂ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।

ਧਰਨੇ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਹਲਕਾ ਉੱਤਰੀ ਦੇ ਸੰਗਠਨ ਇੰਚਾਰਜ ਦਸਮੇਸ਼ ਸਿੰਘ ਨੇ ਕਿਹਾ ਕਿ ਪੈਟਰੋਲ ਤੇ ਡੀਜ਼ਲ ਦੀਆਂ ਲਗਾਤਾਰ ਵੱਧ ਰਹੀਆਂ ਕੀਮਤਾਂ ਨੇ ਆਮ ਲੋਕਾਂ ਦੀ ਜ਼ਿੰਦਗੀ ਭਾਰੀ ਤੌਰ ਉੱਤੇ ਪ੍ਰਭਾਵਿਤ ਕਰ ਦਿੱਤੀ ਹੈ। ਆਵਾਜਾਈ ਦੇ ਖਰਚਿਆਂ ਵਿੱਚ ਵਾਧੇ ਕਾਰਨ ਰੋਜ਼ਮਰ੍ਹਾ ਦੀਆਂ ਲੋੜੀਂਦੀਆਂ ਚੀਜ਼ਾਂ ਦੀਆਂ ਕੀਮਤਾਂ ਵੀ ਆਸਮਾਨ ਛੂਹ ਰਹੀਆਂ ਹਨ, ਜਿਸ ਦਾ ਸਿੱਧਾ ਬੋਝ ਗਰੀਬ ਅਤੇ ਮੱਧਵਰਗੀ ਪਰਿਵਾਰਾਂ ਉੱਤੇ ਪੈ ਰਿਹਾ ਹੈ। ਉਨ੍ਹਾਂ ਆਖਿਆ, ਸਰਕਾਰ ਨੂੰ ਲੋਕਾਂ ਦੀਆਂ ਮੁਸ਼ਕਲਾਂ ਸਮਝਣੀਆਂ ਚਾਹੀਦੀਆਂ ਹਨ ਅਤੇ ਤੁਰੰਤ ਇਸ ਵਾਧੇ ਨੂੰ ਵਾਪਸ ਲੈਣਾ ਚਾਹੀਦਾ ਹੈ। ਉਨ੍ਹਾਂ ਚੇਤਾਵਨੀ ਵੀ ਦਿੱਤੀ ਕਿ ਜੇਕਰ ਸਰਕਾਰ ਲੋਕ ਹਿੱਤਾਂ ਨੂੰ ਨਜ਼ਰਅੰਦਾਜ਼ ਕਰਦੀ ਰਹੀ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਹੋਰ ਤੀਬਰ ਬਣਾਇਆ ਜਾਵੇਗਾ। ਧਰਨੇ ਵਿੱਚ ਲੁਧਿਆਣਾ ਸ਼ਹਿਰ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਹੋਈ, ਜਿਸ ਵਿੱਚ ਲੁਧਿਆਣਾ ਸ਼ਹਿਰ ਦੇ ਸੈਕਟਰੀ ਅਤੇ ਵਾਰਡ 19 ਤੋਂ ਕੌਂਸਲਰ ਨਿਧੀ ਗੁਪਤਾ, ਸੂਬਾ ਮੀਤ ਪ੍ਰਧਾਨ ਯੂਥ ਵਿੰਗ ਪਰਮਿੰਦਰ ਸੰਧੂ, ਗੁਰਵੀਰ ਸਿੰਘ ਗੋਲੂ ਬਾਜਵਾ, ਚੇਅਰਮੈਨ ਰਾਜੂ ਕਨੋਜੀਆਂ, ਸੋਸ਼ਲ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਰਾਜਾ, ਯੂਥ ਵਿੰਗ ਇਨਚਾਰਜ ਅਮਰਿੰਦਰ ਸਿੰਘ ਐਮ.ਪੀ. ਜੱਵਦੀ, ਐਸ.ਸੀ ਵਿੰਗ ਇੰਚਾਰਜ ਕਪਿਲ ਸਿੱਧੂ, ਬੀ, ਸੀ ਵਿੰਗ ਇੰਚਾਰਜ ਵਿਜੇ ਸਿੰਘ ਮੀਡੀਆ ਇੰਚਾਰਜ ਪੁਨੀਤ ਸਾਹਨੀ, ਜਸਪ੍ਰੀਤ ਸਿੰਘ ਕਾਕਾ ਮਾਛੀਵਾੜਾ, ਸਨੀ ਬੇਦੀ, ਬਲਾਕ ਪ੍ਰਧਾਨ ਵਿਪਨ ਸੇਠੀ, ਹਲਕਾ ਸਾਊਥ ਤੋਂ ਪਰਮਿੰਦਰ ਸਿੰਘ ਗਿੱਲ, ਹਲਕਾ ਉਤਰੀ ਤੋਂ ਸੰਗਠਨ ਇੰਚਾਰਜ ਦਸਮੇਸ਼ ਸਿੰਘ, ਤੀਰਥ ਯਾਤਰਾ ਇੰਚਾਰਜ ਜਤਿੰਦਰ ਸਿੰਘ ਸੇਵਕ, ਮਹਿਲਾ ਵਿੰਗ ਇੰਚਾਰਜ ਲੁਧਿਆਣਾ ਸ਼ਹਿਰੀ ਮਨੀਸ਼ਾ ਕਪੂਰ, ਹਲਕਾ ਆਤਮ ਨਗਰ ਤੋਂ ਸੁਖਪ੍ਰੀਤ, ਹਲਕਾ ਪੂਨਮ ਅਰੋੜਾ, ਰਾਧਾ ਮਲਹੋਤਰਾ, ਬੁਲਾਕ ਇੰਚਾਰਜ ਸੁਮਨਜੀਤ ਕੌਰ, ਬਲਾਕ ਇੰਚਾਰਜ ਮਨਪ੍ਰੀਤ ਕੌਰ ਖੰਗੂੜਾ, ਪੂਨਮ ਅਰੋੜਾ ਜਸਮੀਤ ਸਿੰਘ ਕੋਹਲੀ, ਬਲਵਿੰਦਰ ਸਿੰਘ, ਰਮੇਸ਼ ਸ਼ਰਮਾ, ਵਰੁਣ ਮਹਿਤਾ, ਉਦੇ ਭਾਨ ਅਤੇ ਸੈਂਕੜੇ ਹੋਰ ਸਾਥੀ ਵੀ ਮੌਜੂਦ ਸਨ।

ਵਿਧਾਇਕ ਬੱਗਾ ਵੱਲੋਂ ਨਵੇਂ ਟਿਊਬਵੈੱਲ ਦਾ ਉਦਘਾਟਨ

ਲੁਧਿਆਣਾ, 16 ਮਈ (ਵਿਸ਼ਾਲ ਸ਼ਰਮਾ): ਇਲਾਕਾ ਨਿਵਾਸੀਆਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਵਿਧਾਨ ਸਭਾ ਹਲਕਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 95 ਵਿੱਚ 25 ਹਾਰਸ ਪਾਵਰ ਵਾਲੇ ਟਿਊਬਵੈੱਲ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀ ਪਿਛਲੇ ਲੰਮੇ ਸਮੇਂ ਤੋਂ ਪਾਣੀ ਦੀ ਸਮੱਸਿਆ ਤੋਂ ਪ੍ਰੇਸ਼ਾਨ ਸਨ ਅਤੇ ਹੁਣ ਟਿਊਬਵੈੱਲ ਦੀ ਸ਼ੁਰੂਆਤ ਨਾਲ ਰਾਹਤ ਮਿਲੇਗੀ।

ਉਨ੍ਹਾਂ ਕਿਹਾ ਕਿ ਸਥਾਨਕ ਵਸਨੀਕਾਂ ਵੱਲੋਂ ਪਿਛਲੀਆਂ ਸਰਕਾਰਾਂ ਤੋਂ ਟਿਊਬਵੈੱਲਾਂ ਦੀ ਮੰਗ ਕੀਤੀ ਜਾਂਦੀ ਰਹੀ, ਪਰ ਕਿਸੇ ਨੇ ਬਾਂਹ ਨਾ ਫੜੀ। ਹੁਣ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੌਰਾਨ ਉਨ੍ਹਾਂ ਦੀ ਚਿਰੋਕਣੀ ਮੰਗ ਨੂੰ ਬੂਰ ਪਿਆ ਹੈ।

ਇਸ ਮੌਕੇ ਵਿਧਾਇਕ ਮਦਨ ਲਾਲ ਬੱਗਾ ਦੇ ਨਾਲ ਕੌਂਸਲਰ ਅਸ਼ੋਕ ਕੁਮਾਰ, ਕੌਂਸਲਰ ਅਮਨ ਬੱਗਾ ਖੁਰਾਣਾ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

ਨਗਰ ਕੌਂਸਲ ਚੋਣਾਂ: ਅਕਾਲੀ ਦਲ ਨੇ 23 ਵਾਰਡਾਂ 'ਚ ਉਮੀਦਵਾਰ ਉਤਾਰੇ

ਜਗਰਾਓਂ, 16 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ) : ਅਕਾਲੀ ਦਲ ਨੇ ਵੱਲੋਂ ਨਵੀਂ ਚੋਣ ਰਣਨੀਤੀ ਅਪਣਾਉਂਦੇ ਹੋਏ ਕੁੱਲ 23 ਵਾਰਡਾਂ ਵਿੱਚ ਆਪਣੇ ਸਮਰਥਿਤ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਗਏ ਹਨ, ਜਿਨ੍ਹਾਂ ਵਿੱਚੋਂ 20 ਉਮੀਦਵਾਰ ਪਾਰਟੀ ਦੇ ਚੋਣ ਨਿਸ਼ਾਨ 'ਤੱਕੜੀ' 'ਤੇ ਚੋਣ ਲੜਣਗੇ, ਜਦਕਿ 3 ਆਜ਼ਾਦ ਉਮੀਦਵਾਰਾਂ ਨੂੰ ਸਮਰਥਨ ਦਿੱਤਾ ਗਿਆ ਹੈ।ਅੱਜ ਹਲਕਾ ਇੰਚਾਰਜ ਐਸ. ਆਰ. ਕਲੇਰ ਦੀ ਅਗਵਾਈ ਹੇਠ ਪਾਰਟੀ ਦੇ ਸਾਰੇ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ। ਇਸ ਮੌਕੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਵੱਡੀ ਗਿਣਤੀ ਵਿੱਚ ਅਕਾਲੀ ਆਗੂ, ਵਰਕਰ ਅਤੇ ਹਮਾਇਤੀ ਨਾਮਜ਼ਦਗੀ ਦੌਰਾਨ ਮੌਜੂਦ ਰਹੇ, ਜਿਨ੍ਹਾਂ ਨੇ ਨਾਅਰੇਬਾਜ਼ੀ ਕਰਦਿਆਂ ਉਮੀਦਵਾਰਾਂ ਦਾ ਹੌਸਲਾ ਵਧਾਇਆ।ਨਾਮਜ਼ਦਗੀ ਪ੍ਰਕਿਰਿਆ ਦੌਰਾਨ ਪੂਰਾ ਮਾਹੌਲ ਚੋਣੀ ਰੰਗ ਵਿੱਚ ਰੰਗਿਆ ਹੋਇਆ ਦਿਖਾਈ ਦਿੱਤਾ ਅਤੇ ਪਾਰਟੀ ਵੱਲੋਂ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਨ ਲਈ ਸਮੱਰਥਕ ਵੱਡੀ ਗਿਣਤੀ ਵਿਚ ਪੁੱਜੇ ਅਤੇ ਆਪਣੀ ਤਾਕਤ ਦਾ ਪ੍ਰਦਰਸ਼ਨ ਵੀ ਕੀਤਾ ਗਿਆ। ਇਸ ਮੌਕੇ ਪਾਰਟੀ ਆਗੂਆਂ ਨੇ ਦਾਅਵਾ ਕੀਤਾ ਕਿ ਅਕਾਲੀ ਦਲ ਦੀਆਂ ਨੀਤੀਆਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਕਾਰਨ ਪਾਰਟੀ ਪ੍ਰਤੀ ਲੋਕਾਂ ਦਾ ਵਿਸ਼ਵਾਸ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਇਸ ਮੌਕੇ ਐਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ 3 ਆਜ਼ਾਦ ਉਮੀਦਵਾਰਾਂ ਨੂੰ ਦਿੱਤਾ ਗਿਆ ਸਮਰਥਨ ਪਾਰਟੀ ਦੀ ਮਜ਼ਬੂਤ ਸਥਿਤੀ ਅਤੇ ਜਨ ਸਮਰਥਨ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਚੱਲ ਰਹੀ ਹੈ। ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ. ਆਰ. ਕਲੇਰ ਨੇ ਕਿਹਾ ਕਿ ਸ਼ਹਿਰ ਦੇ ਪੱਛੜੇ ਵਿਕਾਸ ਲਈ ਕਾਂਗਰਸ ਅਤੇ ਆਦਮੀ ਪਾਰਟੀ ਦੋਵੇਂ ਜ਼ਿੰਮੇਵਾਰ ਹਨ।

ਵਿਸ਼ਵ ਹਾਈਪਰਟੈਨਸ਼ਨ ਦਿਵਸ ਮੌਕੇ ਬੀ. ਪੀ. ਨਿਗਰਾਨੀ ਕੈਂਪ ਲਗਾਇਆ

ਲੁਧਿਆਣਾ, 16 ਮਈ (ਵਿਸ਼ਾਲ ਸ਼ਰਮਾ): ਵਿਸ਼ਵ ਹਾਈਪਰਟੈਨਸ਼ਨ ਦਿਵਸ ਦੇ ਮੌਕੇ 'ਤੇ ਸੀਨੀਅਰ ਸਿਟੀਜ਼ਨਜ਼ ਵੈਲਫੇਅਰ ਐਸੋਸੀਏਸ਼ਨ ਵਿਖੇ ਮਿਸ਼ਨ ਸਵਸਥ ਕਵਚ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੀ ਜਨਤਕ ਸਿਹਤ ਜਾਗਰੂਕਤਾ ਪਹਿਲ ਦੇ ਬੈਨੱਰ ਹੇਠ ਇੱਕ ਬੀਪੀ ਨਿਗਰਾਨੀ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸਦਾ ਉਦੇਸ਼ ਸਿਹਤ ਸੰਭਾਲ, ਐਮਰਜੈਂਸੀ ਪ੍ਰਤੀਕਿਰਿਆ ਤਿਆਰੀ ਅਤੇ ਭਾਈਚਾਰਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਹੈ। ਕੈਂਪ ਵਿੱਚ ਨੌਜਵਾਨ ਵਲੰਟੀਅਰਾਂ ਨੇ ਸੀਨੀਅਰ ਨਾਗਰਿਕਾਂ ਨਾਲ ਗੱਲਬਾਤ ਕਰਦਿਆਂ ਹਾਈਪਰਟੈਨਸ਼ਨ ਬਾਰੇ ਜਾਗਰੂਕਤਾ ਫੈਲਾਉਂਦੇ ਹੋਏ ਅੰਤਰ-ਪੀੜ੍ਹੀ ਸਬੰਧ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਮਜ਼ਬੂਤ ਕੀਤਾ। ਇਹ ਸਮਾਗਮ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦੀ ਅਗਵਾਈ ਹੇਠ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ (ਡੀਐਮਸੀਐਚ), ਲੁਧਿਆਣਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਮਿਸ਼ਨ ਸਵਸਥ ਕਵਚ ਅਧੀਨ ਸਿਖਲਾਈ ਪ੍ਰਾਪਤ ਵਿਦਿਆਰਥੀਆਂ ਨੇ ਕੈਂਪ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਸੀਨੀਅਰ ਸਿਟੀਜ਼ਨਜ਼ ਵੈਲਫੇਅਰ ਐਸੋਸੀਏਸ਼ਨ ਦੇ ਸੀਨੀਅਰ ਨਾਗਰਿਕਾਂ ਦਾ ਬਲੱਡ ਪ੍ਰੈਸ਼ਰ ਚੈੱਕ ਕੀਤਾ। ਉਨ੍ਹਾਂ ਨੇ ਹਾਜ਼ਰੀਨ ਨੂੰ ਹਾਈਪਰਟੈਨਸ਼ਨ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ

ਸਤਯਮੇਵ ਜਯਤੇ
ਚੰਡੀਗੜ੍ਹ ਪ੍ਰਸ਼ਾਸਨ
CHANDIGARH ADMINISTRATION

ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਵਲੋਂ ਵਿਦਿਅਕ ਉਤਮਤਾ ਦੇ ਨਵੇਂ ਆਯਾਮ ਸਥਾਪਿਤ

ਹਾਰਦਿਕ ਵਧਾਈ

" ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਵਿਚ ਵਿਦਿਆਰਥੀਆਂ ਨੇ ਆਪਣੇ ਸਰਵੋਤਮ ਪ੍ਰਦਰਸ਼ਨ ਨਾਲ ਸ਼ਹਿਰ ਦਾ ਨਾਮ ਰੌਸ਼ਨ ਕੀਤਾ ਹੈ। ਮੈਂ ਸਾਰੇ ਸਫ਼ਲ ਵਿਦਿਆਰਥੀਆਂ ਨੂੰ ਹਾਰਦਿਕ ਵਧਾਈ ਦਿੰਦਾ ਹਾਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਾ ਹਾਂ। ਸਾਡੇ ਅਧਿਆਪਕਾਂ ਅਤੇ ਸਕੂਲ ਮੁਖੀਆਂ ਦਾ ਸਮਰਪਣ, ਮਾਰਗਦਰਸ਼ਨ ਅਤੇ ਅਣਥੱਕ ਮਿਹਨਤ ਅਤਿਅੰਤ ਸਲਾਹੁਣਯੋਗ ਹੈ।"

ਗੁਲਾਬ ਚੰਦ ਕਟਾਰੀਆ
ਰਾਜਪਾਲ ਪੰਜਾਬ ਅਤੇ ਪ੍ਰਸ਼ਾਸਕ ਯੂ.ਟੀ., ਚੰਡੀਗੜ੍ਹ

348 ਵਿਦਿਆਰਥੀ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ



ਟ੍ਰਾਈਸਿਟੀ ਸਰਵੋਤਮ ਵਿਦਿਆਰਥੀ
ਅਨੂਪ ਸੈਣੀ
99.4%



57 ਵਿਦਿਆਰਥੀ 95% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ

55% ਵਾਧਾ 90% ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸੰਖਿਆ 'ਚ

2x 95% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸੰਖਿਆ 'ਚ

ਭਵਿੱਖ ਬਣਾਉਣ ਦੇ ਲਈ ਤਿਆਰ ਵਿਦਿਆਰਥੀ

ਗੁਣਵੱਤਾਪੂਰਨ ਸਿੱਖਿਆ

ਸਮਰਪਿਤ ਅਤੇ ਅਨੁਭਵੀ ਅਧਿਆਪਕ

ਮਜ਼ਬੂਤ ਵਿਅਕਤੀਤਵ ਵਿਕਾਸ

Phoenix App ਦੇ ਮਾਧਿਅਮ ਨਾਲ ਵਿਦਿਆਰਥੀਆਂ ਦੀ ਵਿਦਿਅਕ ਪ੍ਰਗਤੀ ਦੀ ਨਿਰੰਤਰ ਅਤੇ ਪ੍ਰਭਾਵੀ ਨਿਗਰਾਨੀ

ਸੁਰੱਖਿਅਤ ਅਤੇ ਸੰਮਲਿਤ ਵਾਤਾਵਰਣ

ਉੱਚ ਪੱਧਰੀ ਮੂੰਚਲਾ ਢਾਂਚਾ

ਕਲਾਸ 12ਵੀਂ ਤੱਕ ਮੁਫ਼ਤ ਕਿਤਾਬਾਂ

ਵਿਦਿਆਰਥੀਆਂ ਨੂੰ ਸਰਵੋਤਮ ਪ੍ਰਦਰਸ਼ਨ ਲਈ ਨਿਰੰਤਰ ਅਕਾਦਮਿਕ ਸਹਿਯੋਗ

ਲੋਕ ਸੰਪਰਕ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ

ਸੰਪਾਦਕੀ

ਊਰਜਾ ਸੰਕਟ ਤੇ ਵਧਦੀ ਮਹਿੰਗਾਈ

ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਕਟ ਦੌਰਾਨ, ਇਹ ਪਹਿਲਾਂ ਹੀ ਡਰ ਸੀ ਕਿ ਤੇਲ ਅਤੇ ਗੈਸ ਦੀ ਘਾਟ ਕਾਰਨ ਆਉਣ ਵਾਲੇ ਦਿਨਾਂ ਵਿੱਚ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਵਧਣਗੀਆਂ। ਆਮ ਲੋਕਾਂ ਨੂੰ ਖਾਸ ਕਰਕੇ ਰਸੋਈ ਗੈਸ ਦੀ ਘਾਟ ਕਾਰਨ, ਜਿਸ ਭਿਆਨਕ ਸਥਿਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਹ ਸਭ ਜਾਣਦੇ ਹਨ। ਇਸ ਦੌਰਾਨ, ਬਾਲਣ, ਬਿਜਲੀ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ, ਦੇਸ਼ ਵਿੱਚ ਥੋਕ ਮਹਿੰਗਾਈ ਅਪ੍ਰੈਲ ਵਿੱਚ 8.3 ਪ੍ਰਤੀਸ਼ਤ ਤੱਕ ਪਹੁੰਚ ਗਈ, ਜੋ ਮਾਰਚ ਵਿੱਚ 3.88 ਪ੍ਰਤੀਸ਼ਤ ਸੀ। ਇਹ ਸਪੱਸ਼ਟ ਹੈ ਕਿ ਅੰਤਰਰਾਸ਼ਟਰੀ ਹਾਲਾਤ ਹੁਣ ਘਰੇਲੂ ਬਾਜ਼ਾਰ 'ਤੇ ਪ੍ਰਭਾਵ ਪਾਉਣ ਲੱਗੇ ਹਨ। ਹਾਲਾਂਕਿ ਕੁਝ ਸਮਾਂ ਪਹਿਲਾਂ ਵਪਾਰਕ ਗੈਸ ਸਿਲੰਡਰਾਂ ਅਤੇ ਹਵਾਬਾਜ਼ੀ ਟਰਬਾਈਨ ਬਾਲਣ ਦੀਆਂ ਕੀਮਤਾਂ ਵਿੱਚ ਮਹੱਤਵਪੂਰਨ ਵਾਧਾ ਕੀਤਾ ਗਿਆ ਸੀ, ਪਰ ਉਨ੍ਹਾਂ ਦਾ ਪ੍ਰਭਾਵ ਸੀਮਤ ਸੀ। ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਮੌਜੂਦਾ ਵਾਧਾ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਜੇਕਰ ਈਰਾਨ ਅਤੇ ਅਮਰੀਕਾ ਵਿਚਕਾਰ ਟਕਰਾਅ ਦੇ ਪਰਛਾਵੇਂ ਹੇਠ ਲੰਬੇ ਸਮੇਂ ਤੱਕ ਤੇਲ ਦੀ ਸਪਲਾਈ ਵਿਘਨ ਪਾਉਂਦੀ ਰਹੀ, ਤਾਂ ਇਸਦਾ ਜਨਤਕ ਜੀਵਨ 'ਤੇ ਗੰਭੀਰ ਪ੍ਰਭਾਵ ਪਵੇਗਾ। ਧਿਆਨ ਦੇਣ ਯੋਗ ਹੈ ਕਿ ਤੇਲ ਕੰਪਨੀਆਂ ਨੇ ਸ਼ੁੱਕਰਵਾਰ ਨੂੰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਤਿੰਨ ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ। ਸੀਐਨਜੀ ਦੀ ਕੀਮਤ ਵਿੱਚ ਵੀ ਦੋ ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਕੀਤਾ ਗਿਆ। ਸਪੱਸ਼ਟ ਤੌਰ 'ਤੇ, ਇਜ਼ਰਾਈਲ-ਅਮਰੀਕੀ ਈਰਾਨ 'ਤੇ ਸਾਂਝੇ ਹਮਲੇ ਤੋਂ ਬਾਅਦ ਵਿਸ਼ਵਵਿਆਪੀ ਊਰਜਾ ਕੀਮਤਾਂ ਵਿੱਚ ਵਾਧੇ ਨੇ ਹੁਣ ਤੇਲ ਕੰਪਨੀਆਂ ਨੂੰ ਸਿੱਧੇ ਤੌਰ 'ਤੇ ਆਮ ਖਪਤਕਾਰਾਂ 'ਤੇ ਬੋਝ ਪਾਉਣ ਲਈ ਮਜਬੂਰ ਕਰ ਦਿੱਤਾ ਹੈ। ਜਦੋਂ ਈਰਾਨ ਨੇ ਹੋਰਮੁਜ਼ ਜਲਡਮਰੂ ਨੂੰ ਰੋਕ ਦਿੱਤਾ ਅਤੇ ਦੋਵਾਂ ਪਾਸਿਆਂ ਨੇ ਇੱਕ ਦੂਜੇ ਦੀਆਂ ਰਿਫਾਇਨਰੀਆਂ ਅਤੇ ਸਹੂਲਤਾਂ 'ਤੇ ਮਿਜ਼ਾਈਲਾਂ ਦਾਗੀਆਂ, ਤਾਂ ਇਹ ਸਪੱਸ਼ਟ ਸੀ ਕਿ ਇਸਦਾ ਵਿਸ਼ਵਵਿਆਪੀ ਤੇਲ ਅਤੇ ਗੈਸ ਸਪਲਾਈ 'ਤੇ ਅਸਰ ਪਵੇਗਾ, ਜਿਸ ਨਾਲ ਸਾਰੇ ਖੇਤਰਾਂ ਵਿੱਚ ਮਹਿੰਗਾਈ ਵਧੇਗੀ। ਇਹ ਖਾਸ ਤੌਰ 'ਤੇ ਉਨ੍ਹਾਂ ਦੇਸ਼ਾਂ ਲਈ ਮੁਸ਼ਕਲ ਹੋ ਸਕਦਾ ਹੈ ਜਿਨ੍ਹਾਂ ਕੋਲ ਤੇਲ ਅਤੇ ਗੈਸ ਦੀ ਸੁਚਾਰੂ ਸਪਲਾਈ ਬਣਾਈ ਰੱਖਣ ਲਈ ਸੀਮਤ ਵਿਕਲਪ ਹਨ। ਦਰਅਸਲ, ਹੋਰਮੁਜ਼ ਜਲਡਮਰੂ ਦੁਨੀਆ ਦੀ ਤੇਲ ਅਤੇ ਗੈਸ ਸਪਲਾਈ ਦਾ ਲਗਭਗ 20 ਤੋਂ 25 ਪ੍ਰਤੀਸ਼ਤ ਲੈ ਕੇ ਜਾਂਦਾ ਹੈ ਅਤੇ ਇਸ ਲਈ, ਇਸਦੇ ਵਿਘਨ ਦੇ ਪ੍ਰਭਾਵ ਦੀ ਕਲਪਨਾ ਕਰਨਾ ਮੁਸ਼ਕਲ ਨਹੀਂ ਹੈ। ਕੁਦਰਤੀ ਤੌਰ 'ਤੇ ਭਾਰਤ ਨੂੰ ਵੀ ਤੇਲ ਅਤੇ ਗੈਸ ਦੀ ਕਮੀ ਦਾ ਸਾਹਮਣਾ ਕਰਨਾ ਪਿਆ। ਹਾਲਾਂਕਿ ਭਾਰਤ ਨੇ ਅਮਰੀਕਾ ਦੁਆਰਾ ਲਗਾਈਆਂ ਗਈਆਂ ਸ਼ਰਤਾਂ ਦੇ ਆਲੇ-ਦੁਆਲੇ ਰਸਤਾ ਲੱਭਣ ਦੀ ਕੋਸ਼ਿਸ਼ ਕੀਤੀ ਸੀ, ਜਿਵੇਂ-ਜਿਵੇਂ ਯੁੱਧ ਦੀਆਂ ਗੁੰਝਲਾਂ ਵਧਦੀਆਂ ਜਾ ਰਹੀਆਂ ਹਨ, ਇਸਦੇ ਵਿਕਲਪ ਘੱਟ ਰਹੇ ਹਨ। ਇਹ ਕੋਈ ਭੇਤ ਨਹੀਂ ਹੈ ਕਿ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਦੇ ਨਾਲ, ਮਾਲ ਭਾੜੇ ਦੀਆਂ ਲਾਗਤਾਂ ਵੀ ਵਧਦੀਆਂ ਹਨ, ਜਿਸ ਨਾਲ ਸਾਰੀਆਂ ਜ਼ਰੂਰੀ ਖਪਤਕਾਰ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧਾ ਹੁੰਦਾ ਹੈ। ਡੀਜ਼ਲ ਦੀਆਂ ਕੀਮਤਾਂ ਵਿੱਚ ਇਸ ਵੇਲੇ ਤਿੰਨ ਰੁਪਏ ਦਾ ਵਾਧਾ ਹੋਇਆ ਹੈ, ਪਰ ਈਰਾਨ ਅਤੇ ਅਮਰੀਕਾ ਦੇ ਰੁਖ਼ ਕਾਰਨ ਪੈਦਾ ਹੋਏ ਵਿਸ਼ਵਵਿਆਪੀ ਊਰਜਾ ਸੰਕਟ ਨੂੰ ਦੇਖਦੇ ਹੋਏ, ਇਹ ਅੰਦਾਜ਼ਾ ਲਗਾਉਣਾ ਮੁਸ਼ਕਲ ਹੈ ਕਿ ਕੀ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਇੱਥੇ ਹੀ ਰੁਕੇਗਾ। ਅਜਿਹੀ ਸਥਿਤੀ ਵਿੱਚ, ਜੇਕਰ ਭੋਜਨ ਤੋਂ ਲੈ ਕੇ ਜ਼ਰੂਰੀ ਵਸਤੂਆਂ ਤੱਕ ਹਰ ਚੀਜ਼ ਦੀਆਂ ਕੀਮਤਾਂ ਕਾਬੂ ਤੋਂ ਬਾਹਰ ਹੋ ਜਾਂਦੀਆਂ ਹਨ, ਤਾਂ ਇਹ ਇੱਕ ਕੁਦਰਤੀ ਨਤੀਜਾ ਹੋਵੇਗਾ। ਅਮਰੀਕਾ ਅਤੇ ਈਰਾਨ ਵਿਚਕਾਰ ਤਣਾਅ ਕਾਰਨ ਪੈਦਾ ਹੋਏ ਊਰਜਾ ਸੰਕਟ ਲਈ ਸਰਕਾਰ ਨੂੰ ਅੰਤਰਰਾਸ਼ਟਰੀ ਤੇਲ ਅਤੇ ਗੈਸ ਸਰੋਤਾਂ ਵਾਲੇ ਦੇਸ਼ਾਂ ਨਾਲ ਕੂਟਨੀਤਕ ਗੱਲਬਾਤ ਸਥਾਪਤ ਕਰਨ ਅਤੇ ਦੇਸ਼ ਵਿੱਚ ਵਧਦੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਪਹਿਲਕਦਮੀਆਂ ਕਰਨ ਦੀ ਲੋੜ ਹੈ।

-ਜਗਜੀਤ ਸਿੰਘ ਦਰਦੀ

ਅੱਜ ਦੇਸ਼ ਦੀ ਚਿੰਤਾ ਕਿਸ ਨੂੰ ਹੈ ?

ਨਾਰਵੇ ਵਿੱਚ ਬੋਲੇ ਮੋਦੀ , ਭਾਰਤ ਦੁਨੀਆਂ ਨਾਲ ਸਿਰਫ ਵਪਾਰ ਦੀ ਨਹੀਂ, ਭਰੋਸੇ ਦੀ ਭਾਸ਼ਾ ਬੋਲ ਰਿਹੈ

ਰਾਜਨੀਤੀ ਨੂੰ ਰਾਸ਼ਟਰਵਾਦ ਦੇ ਨਾਅਰੇ ਤੋਂ ਅੱਗੇ ਰਾਸ਼ਟਰ ਨਿਰਮਾਣ ਦੇ ਕਾਰਜ ਵਿੱਚ ਬਦਲਣ ਦੀ ਲੋੜ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਭਾਰਤ ਅੱਜ ਇੱਕ ਅਜਿਹੇ ਦੌਰ ਵਿੱਚ ਖੜ੍ਹਾ ਹੈ, ਜਿੱਥੇ ਰਾਜਨੀਤੀ ਦਾ ਸ਼ੋਰ ਬਹੁਤ ਉੱਚਾ ਹੈ, ਪਰ ਰਾਸ਼ਟਰ ਦੀ ਚਿੰਤਾ ਦੀ ਆਵਾਜ਼ ਕਿਤੇ ਹੌਲੀ ਪੈਂਦੀ ਜਾ ਰਹੀ ਹੈ। ਹਰ ਪਾਸੇ ਇਲਜ਼ਾਮ ਹਨ, ਵਿਰੋਧ ਹੈ, ਟਕਰਾਅ ਹੈ, ਟੀਵੀ ਦਾ ਸ਼ੋਰ ਹੈ, ਸੋਸ਼ਲ ਮੀਡੀਆ ਦੀਆਂ ਜੰਗਾਂ ਹਨ, ਪਰ ਇਸ ਸਾਰੇ ਹੰਗਾਮੇ ਵਿਚ ਸਭ ਤੋਂ ਵੱਡਾ ਸਵਾਲ ਇਹ ਖੜ੍ਹਾ ਹੁੰਦਾ ਹੈ ਕਿ ਆਖਿਰ ਦੇਸ਼ ਦੀ ਚਿੰਤਾ ਕਿਸ ਨੂੰ ਹੈ ?
ਕੀ ਸਿਰਫ ਸਰਕਾਰ ਨੂੰ ?

ਕੀ ਸਿਰਫ ਵਿਰੋਧੀ ਧਿਰ ਨੂੰ ਜਾਂ ਫਿਰ ਉਹ ਆਮ ਲੋਕ ਜੋ ਹਰ ਸਵੇਰ ਆਪਣੇ ਘਰ ਦੀ ਰੋਟੀ ਅਤੇ ਦੇਸ਼ ਦੇ ਭਵਿੱਖ ਦੇ ਵਿਚਕਾਰ ਸੰਤੁਲਨ ਬਣਾਉਣ ਦੀ ਕੋਸ਼ਿਸ਼ ਕਰਦੇ ਹਨ ?

ਅੱਜ ਭਾਰਤ ਦੇ ਸਾਹਮਣੇ ਸਿਰਫ ਸਿਆਸੀ ਚੁਣੌਤੀਆਂ ਨਹੀਂ ਹਨ। ਦੁਨੀਆ ਇੱਕ ਨਵੇਂ ਆਰਥਿਕ ਅਤੇ ਰਣਨੀਤਿਕ ਸੰਕਟ ਵਿੱਚ ਦਾਖਲ ਹੋ ਰਹੀ ਹੈ। ਯੁੱਧਾਂ ਦੀਆਂ ਲਪਟਾਂ, ਗਲੋਬਲ ਮੰਦੀ ਦਾ ਡਰ, ਊਰਜਾ ਸੰਕਟ, ਟੈਕਨੋਲੋਜੀ ਦੀ ਦੌੜ ਅਤੇ ਡੂ-ਰਾਜਨੀਤਿਕ ਟਕਰਾਅ—ਇਹ ਸਾਰੇ ਉਹ ਤੂਫ਼ਾਨ ਹਨ, ਜਿਨ੍ਹਾਂ ਵਿੱਚ ਭਾਰਤ ਨੂੰ ਆਪਣੀ ਦਿਸ਼ਾ ਵੀ ਬਚਾਉਣੀ ਹੈ ਅਤੇ ਆਪਣਾ ਭਵਿੱਖ ਵੀ ਸੁਰੱਖਿਅਤ ਕਰਨਾ ਹੈ। ਐਸੇ ਸਮੇਂ ਵਿੱਚ ਜਦੋਂ ਦੁਨੀਆ ਦੇ ਕਈ ਦੇਸ਼ ਅੰਦਰੂਨੀ ਕਮਜ਼ੋਰੀਆਂ ਨਾਲ ਟੁੱਟ ਰਹੇ ਹਨ, ਭਾਰਤ ਲਈ ਸਭ ਤੋਂ ਵੱਡੀ ਲੋੜ ਇੱਕ ਰਾਸ਼ਟਰੀ ਸੋਚ ਦੀ ਹੈ।

ਇਸੇ ਪ੍ਰਸੰਗ ਵਿੱਚ ਜਦੋਂ ਪ੍ਰਧਾਨ ਮੰਤਰੀ ਮੋਦੀ ਵਿਦੇਸ਼ ਦੌਰਿਆਂ 'ਤੇ ਜਾ ਕੇ ਦੁਨੀਆ ਨਾਲ ਨਵੇਂ ਸੰਬੰਧ ਬਣਾ ਰਹੇ ਹਨ, ਵੱਡੇ ਆਰਥਿਕ ਅਤੇ ਰਣਨੀਤਿਕ ਸਮਝੌਤੇ ਕਰ ਰਹੇ ਹਨ ਤਾਂ ਇਹ ਸਿਰਫ਼ ਸਿਆਸੀ ਘਟਨਾਵਾਂ ਨਹੀਂ ਰਹਿੰਦੀਆਂ; ਇਹ ਭਾਰਤ ਦੇ ਭਵਿੱਖ ਦੀ ਰਚਨਾ ਬਣ ਜਾਂਦੀਆਂ ਹਨ। ਦੁਬਈ ਹੋਵੇ, ਨਾਰਵੇ ਹੋਵੇ ਜਾਂ ਯੂਰਪ ਦੇ ਹੋਰ ਦੇਸ਼—ਅੱਜ ਭਾਰਤ ਦੁਨੀਆ ਨਾਲ ਸਿਰਫ ਵਪਾਰ ਦੀ ਨਹੀਂ, ਭਰੋਸੇ ਦੀ ਭਾਸ਼ਾ ਬੋਲ ਰਿਹਾ ਹੈ।

ਦੁਬਈ ਨਾਲ ਹੋਏ ਸਮਝੌਤਿਆਂ ਨੂੰ ਦੇਖੀਏ ਤਾਂ ਇਹ ਸਿਰਫ਼ ਕਾਰੋਬਾਰ ਦੀ ਗੱਲ ਨਹੀਂ। ਇਹ ਉਸ ਭਵਿੱਖ ਦੀ ਤਿਆਰੀ ਹੈ, ਜਿੱਥੇ ਊਰਜਾ, ਨਿਵੇਸ਼, ਟੈਕਨੋਲੋਜੀ ਅਤੇ ਸੁਰੱਖਿਆ ਵਿੱਚ ਭਾਰਤ ਨੂੰ ਮਜ਼ਬੂਤ ਸਾਥੀ ਚਾਹੀਦੇ ਹਨ। ਦੁਨੀਆ ਵਿੱਚ ਅੱਜ ਜੋ ਨਵਾਂ ਆਰਥਿਕ ਬਲਾਕ ਬਣ ਰਿਹਾ ਹੈ, ਉਸ ਵਿੱਚ ਭਾਰਤ ਆਪਣੀ ਜਗ੍ਹਾ ਮਜ਼ਬੂਤ ਕਰਨਾ ਚਾਹੁੰਦਾ ਹੈ। ਇਹ ਕੋਈ ਛੋਟੀ ਗੱਲ ਨਹੀਂ ਕਿ ਜਦੋਂ ਪੱਛਮੀ ਦੇਸ਼ ਵੀ ਆਰਥਿਕ ਅਸਥਿਰਤਾ ਨਾਲ ਜੂਝ ਰਹੇ ਹਨ, ਉਦੋਂ ਭਾਰਤ ਨੂੰ ਇੱਕ ਭਰੋਸੇਯੋਗ ਅਤੇ ਉਭਰਦੀ ਤਾਕਤ ਵਜੋਂ ਦੇਖਿਆ ਜਾ ਰਿਹਾ ਹੈ।

ਪਰ ਸਵਾਲ ਇਹ ਹੈ ਕਿ ਕੀ ਇਸ ਦਿਸ਼ਾ ਨੂੰ ਦੇਸ਼ ਦੇ ਅੰਦਰ ਵੀ ਉਹੀ ਸਮਰਥਨ ਮਿਲ ਰਿਹਾ ਹੈ ? ਅੱਜ ਦੁੱਖ ਦੀ ਗੱਲ ਹੈ ਕਿ ਅਕਸਰ ਨਹੀਂ। ਸਾਡੇ ਦੇਸ਼ ਵਿੱਚ ਹਰ ਰਾਸ਼ਟਰੀ ਮਸਲੇ ਨੂੰ ਵੀ ਸਿਰਫ ਚੋਣਾਂ ਦੀ ਐਨਕ ਨਾਲ ਦੇਖਿਆ ਜਾਂਦਾ ਹੈ। ਜੇ ਸਰਕਾਰ ਕੋਈ ਵਿਦੇਸ਼ੀ ਸਮਝੌਤਾ ਕਰੇ ਤਾਂ ਵਿਰੋਧੀ ਧਿਰ ਉਸ ਵਿੱਚ ਖਾਮੀਆਂ ਲੱਭਣ ਲੱਗ ਪੈਂਦੀ ਹੈ; ਜੇ ਵਿਰੋਧੀ ਧਿਰ ਕੋਈ ਗੰਭੀਰ ਚਿੰਤਾ ਜਤਾਏ ਤਾਂ ਸਰਕਾਰ ਉਸ ਨੂੰ ਸਿਰਫ ਰਾਜਨੀਤਿਕ ਹਮਲਾ ਮੰਨ ਲੈਂਦੀ ਹੈ। ਇਸ ਤਰ੍ਹਾਂ ਰਾਸ਼ਟਰ ਕਿਤੇ ਵਿਚਕਾਰ ਗੁੰਮ ਹੋ ਜਾਂਦਾ ਹੈ।

ਅੱਜ ਦੇਸ਼ ਨੂੰ ਸਭ ਤੋਂ ਵੱਧ ਜਿਸ ਚੀਜ਼ ਦੀ ਲੋੜ ਹੈ, ਉਹ ਹੈ ਰਾਸ਼ਟਰੀ ਸਹਿਮਤੀ। ਲੋਕਤੰਤਰ ਵਿੱਚ ਵਿਰੋਧ ਜ਼ਰੂਰੀ ਹੈ, ਪਰ ਵਿਰੋਧ ਅਤੇ ਵੈਰ ਵਿੱਚ ਫ਼ਰਕ ਹੁੰਦਾ ਹੈ। ਜਦੋਂ ਹਰ ਗੱਲ 'ਤੇ ਸਿਰਫ ਸਿਆਸੀ ਲਾਭ ਦੇਖਿਆ ਜਾਵੇ, ਤਦੋਂ ਦੇਸ਼ ਦੀ ਚਿੰਤਾ ਪਿੱਛੇ ਰਹਿ ਜਾਂਦੀ ਹੈ।

ਅੱਜ ਭਾਰਤ ਦੀ ਵਿਰੋਧੀ ਰਾਜਨੀਤੀ ਨੂੰ ਵੀ ਆਪਣੇ ਅੰਦਰ ਝਾਤ ਮਾਰਨੀ ਪਵੇਗੀ। ਕੀ ਉਹ ਸੱਚਮੁੱਚ ਦੇਸ਼ ਲਈ ਇੱਕ ਵਿਕਲਪਕ ਦਿਸ਼ਾ ਦੇ ਰਹੀ ਹੈ ਜਾਂ ਸਿਰਫ ਇੱਕ ਵਿਅਕਤੀ ਵਿਰੋਧ ਤੱਕ ਸੀਮਿਤ ਹੋ ਗਈ ਹੈ? ਅੱਜ ਜੇ ਦੁਨੀਆ ਦੇ ਮੰਚ 'ਤੇ ਭਾਰਤ ਦੀ ਆਵਾਜ਼ ਮਜ਼ਬੂਤ ਹੋ ਰਹੀ ਹੈ ਤਾਂ ਇਸ ਦਾ ਸਿਹਰਾ ਸਿਰਫ ਕਿਸੇ ਇੱਕ ਸਰਕਾਰ ਨੂੰ ਨਹੀਂ, ਸਗੋਂ 14 2 ਕਰੋੜ ਭਾਰਤੀਆਂ ਦੀ ਸਮੂਹਕ ਤਾਕਤ ਨੂੰ ਜਾਂਦਾ ਹੈ। ਪਰ ਇਹ ਤਾਕਤ ਤਦੋਂ ਹੀ ਅਰਥਪੂਰਨ ਬਣਦੀ ਹੈ ਜਦੋਂ ਦੇਸ਼ ਦੇ ਅੰਦਰ ਇੱਕ ਸਾਂਝਾ ਰਾਸ਼ਟਰੀ ਮਨ ਬਣੇ। ਨਾਰਵੇ ਦੇ ਹੋਰ ਵਿੱਚ ਪ੍ਰਧਾਨ ਮੰਤਰੀ ਦੇ ਭਾਸ਼ਣ ਨੂੰ ਵੀ ਇਸੇ ਸੰਦਰਭ ਵਿੱਚ ਦੇਖਣਾ ਚਾਹੀਦਾ ਹੈ। ਜਦੋਂ ਉਹ ਵਿਦੇਸ਼ੀ ਧਰਤੀ 'ਤੇ ਭਾਰਤੀ ਡਾਇਸਪੋਰਾ ਨਾਲ ਗੱਲ ਕਰਦੇ ਹਨ, ਤਾਂ ਉਹ ਸਿਰਫ ਭਾਸ਼ਣ ਨਹੀਂ ਹੁੰਦਾ; ਉਹ ਇੱਕ ਮਨੋਵਿਗਿਆਨਿਕ ਸੰਦੇਸ਼ ਹੁੰਦਾ ਹੈ ਕਿ ਭਾਰਤ ਹੁਣ ਆਪਣੇ ਆਪ ਨੂੰ ਨਵੇਂ ਆਤਮਵਿਸ਼ਵਾਸ ਨਾਲ ਦੇਖ ਰਿਹਾ ਹੈ। ਭਾਰਤੀ ਡਾਇਸਪੋਰਾ ਅੱਜ ਦੁਨੀਆ ਦੀਆਂ ਸਭ ਤੋਂ ਪ੍ਰਭਾਵਸ਼ਾਲੀ ਕੌਮਾਂ ਵਿੱਚੋਂ ਇੱਕ ਹੈ। ਉਹ ਸਿਰਫ ਪੈਸਾ ਨਹੀਂ ਭੇਜਦੀ; ਉਹ ਭਾਰਤ ਦਾ ਅਕਸ ਭਾਰਤ ਦੀ ਯੋਗਤਾ ਅਤੇ ਭਾਰਤ ਦੇ ਭਵਿੱਖ ਦਾ ਸੰਦੇਸ਼ ਦੁਨੀਆ ਤੱਕ ਲੈ ਕੇ ਜਾਂਦੀ ਹੈ। ਪਰ ਇੱਕ ਕੌੜਾ ਸੱਚ ਇਹ ਵੀ ਹੈ ਕਿ ਜਦੋਂ ਵਿਦੇਸ਼ਾਂ ਵਿੱਚ ਭਾਰਤ ਦੀ ਇੱਜ਼ਤ ਵਧਦੀ ਹੈ, ਤਦੋਂ ਦੇਸ਼ ਦੇ ਅੰਦਰ ਅਸੀਂ ਆਪਸੀ ਨਫ਼ਰਤਾਂ ਵਿੱਚ ਫਸ ਜਾਂਦੇ ਹਾਂ। ਧਰਮ ਦੇ ਨਾਮ 'ਤੇ, ਜਾਤ ਦੇ ਨਾਮ 'ਤੇ, ਭਾਸ਼ਾ ਦੇ ਨਾਮ 'ਤੇ, ਖੇਤਰ ਦੇ ਨਾਮ 'ਤੇ ਅਸੀਂ ਇਕ ਦੂਜੇ ਨੂੰ ਕਮਜ਼ੋਰ ਕਰਨ ਵਿੱਚ ਲੱਗੇ ਹੋਏ ਹਾਂ। ਇਹ ਰਾਸ਼ਟਰ ਲਈ ਸਭ ਤੋਂ ਵੱਡਾ ਖ਼ਤਰਾ ਹੈ। ਕੋਈ ਵੀ ਦੇਸ਼ ਬਾਹਰੋਂ ਨਹੀਂ ਟੁੱਟਦਾ ਹੈ, ਉਹ ਪਹਿਲਾਂ ਅੰਦਰੋਂ ਕਮਜ਼ੋਰ ਹੁੰਦਾ ਹੈ।

ਅੱਜ ਦੇਸ਼ ਦੀ ਚਿੰਤਾ ਸਿਰਫ ਸਰਕਾਰ ਦੀ ਜ਼ਿੰਮੇਵਾਰੀ ਨਹੀਂ। ਇਹ ਵਿਰੋਧੀ ਧਿਰ ਦੀ ਵੀ ਜ਼ਿੰਮੇਵਾਰੀ ਹੈ, ਮੀਡੀਆ ਦੀ ਵੀ, ਬੁੱਧੀਜੀਵੀਆਂ ਦੀ ਵੀ ਅਤੇ ਆਮ ਨਾਗਰਿਕ ਦੀ ਵੀ ਪਰ ਅਫ਼ਸੋਸ, ਅਸੀਂ ਸਭ ਨੇ ਆਪਣੇ-ਆਪਣੇ ਖੇਮੇ ਬਣਾ ਲਏ ਹਨ। ਮੀਡੀਆ ਦਾ ਇੱਕ ਹਿੱਸਾ ਸਿਰਫ ਪ੍ਰਚਾਰ ਵਿੱਚ ਲੱਗਾ ਹੈ, ਦੂਜਾ ਸਿਰਫ ਨਕਾਰਾਤਮਕਤਾ ਵਿੱਚ। ਸੋਸ਼ਲ ਮੀਡੀਆ ਨੇ ਤੱਥਾਂ ਤੋਂ ਵੱਧ ਟਰੋਲਿੰਗ ਨੂੰ ਤਾਕਤ ਦੇ ਦਿੱਤੀ ਹੈ। ਬੁੱਧੀਜੀਵੀ ਵਰਗ ਵੀ ਅਕਸਰ ਵਿਚਾਰਧਾਰਾਵਾਂ ਵਿੱਚ ਵੰਡਿਆ ਹੋਇਆ ਦਿਸਦਾ ਹੈ।

ਅੱਜ ਦੇਸ਼ ਦੀ ਚਿੰਤਾ ਦਾ ਅਰਥ ਕੀ ਹੁੰਦਾ ਹੈ ? ਕੀ ਸਿਰਫ ਸਰਹੱਦਾਂ ਦੀ ਸੁਰੱਖਿਆ ? ਨਹੀਂ। ਦੇਸ਼ ਦੀ ਚਿੰਤਾ ਦਾ ਅਰਥ ਹੈ—ਨੌਜਵਾਨਾਂ ਦਾ ਭਵਿੱਖ, ਕਿਸਾਨ ਦੀ ਮਿੱਟੀ, ਮਜ਼ਦੂਰ ਦੀ ਰੋਟੀ, ਸਿੱਖਿਆ ਦੀ ਗੁਣਵੱਤਾ, ਨਿਆਂ ਦੀ ਪਹੁੰਚ ਅਤੇ ਸਮਾਜ ਦੀ ਏਕਤਾ। ਜੇ ਇਹ ਸਭ ਕਮਜ਼ੋਰ ਹੋ ਜਾਵੇ ਤਾਂ ਕੋਈ ਵੀ ਵਿਦੇਸ਼ੀ ਸਮਝੌਤਾ ਦੇਸ਼ ਨੂੰ ਅਸਲ ਤਾਕਤ ਨਹੀਂ ਦੇ ਸਕਦਾ।

ਅੱਜ ਭਾਰਤ ਦਾ ਨੌਜਵਾਨ ਦੋਹਰੇ ਸੰਕਟ ਵਿੱਚ ਹੈ। ਇੱਕ ਪਾਸੇ ਉਸ ਦੇ ਸਾਹਮਣੇ ਮੌਕੇ ਵਧ ਰਹੇ ਹਨ—ਡਿਜ਼ੀਟਲ ਭਾਰਤ, ਸਟਾਰਟਅਪ, ਨਵੀਂ ਟੈਕਨੋਲੋਜੀ, ਵਿਸ਼ਵ ਪੱਧਰ 'ਤੇ ਭਾਰਤੀ ਹੁਨਰ ਦੀ ਮੰਗ। ਦੂਜੇ ਪਾਸੇ ਬੇਰੁਜ਼ਗਾਰੀ, ਨਸ਼ੇ, ਮਾਨਸਿਕ ਦਬਾਅ ਅਤੇ ਪਰਵਾਸ ਦੀ ਲਹਿਰ ਉਸ ਨੂੰ ਅੰਦਰੋਂ ਖਾਲੀ ਕਰ ਰਹੀ ਹੈ। ਕੀ ਰਾਜਨੀਤਿਕ ਪਾਰਟੀਆਂ ਨੇ ਇਸ ਨੌਜਵਾਨ ਦੀ ਚਿੰਤਾ ਨੂੰ ਸੱਚਮੁੱਚ ਆਪਣਾ ਕੇਂਦਰ ਬਣਾਇਆ ਹੈ ? ਜ਼ਿਆਦਾਤਰ ਵਾਰ ਜਵਾਬ ਨਾ ਵਿੱਚ ਹੀ ਮਿਲਦਾ ਹੈ। ਇਸੇ ਤਰ੍ਹਾਂ ਕਿਸਾਨ ਅੱਜ ਵੀ ਅਸੁਰੱਖਿਅਤ ਮਹਿਸੂਸ ਕਰਦਾ ਹੈ। ਭਾਵੇਂ ਸਰਕਾਰਾਂ ਕਿੰਨੇ ਵੀ ਐਲਾਨ ਕਰ ਲੈਣ, ਪਰ ਜਦ ਤੱਕ ਪਿੰਡਾਂ ਦੀ ਅਰਥਵਿਵਸਥਾ ਮਜ਼ਬੂਤ ਨਹੀਂ ਹੁੰਦੀ, ਦੇਸ਼ ਦੀ ਜੜ੍ਹ ਮਜ਼ਬੂਤ ਨਹੀਂ ਹੋ ਸਕਦੀ। ਭਾਰਤ ਦੀ ਰੂਹ ਅਜੇ ਵੀ ਉਸ ਦੇ ਪਿੰਡਾਂ ਵਿੱਚ ਵੱਸਦੀ ਹੈ।

ਅੱਜ ਦੇਸ਼ ਨੂੰ ਸਿਰਫ ਰਾਜਨੀਤਿਕ ਜਿੱਤਾਂ ਨਹੀਂ, ਸਾਂਝੇ ਰਾਸ਼ਟਰੀ ਸੁਪਨੇ ਦੀ ਲੋੜ ਹੈ। ਜਦੋਂ ਜਪਾਨ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਖੜ੍ਹਾ ਹੋਇਆ, ਜਦੋਂ ਜਰਮਨੀ ਨੇ ਆਪਣੀ ਟੁੱਟੀ ਹੋਈ ਅਰਥਵਿਵਸਥਾ ਨੂੰ ਦੁਬਾਰਾ ਬਣਾਇਆ, ਜਦੋਂ ਸਿੰਗਾਪੁਰ ਨੇ ਇੱਕ ਛੋਟੇ ਟਾਪੂ ਤੋਂ ਵਿਸ਼ਵ ਤਾਕਤ ਦਾ ਰੂਪ ਲਿਆ—ਤਾਂ ਉਨ੍ਹਾਂ ਦੇ ਕੋਲ ਇੱਕ ਸਾਂਝੀ ਰਾਸ਼ਟਰੀ ਦਿਸ਼ਾ ਸੀ। ਭਾਰਤ ਕੋਲ ਵੀ ਉਹ ਸੰਭਾਵ

ਘੱਲੂਘਾਰਾ ਦਿਵਸ 'ਤੇ ਵਿਸ਼ੇਸ਼

ਛੋਟੇ ਘੱਲੂਘਾਰਾ ਦੇ ਸ਼ਹੀਦਾਂ ਨੂੰ ਪ੍ਰਣਾਮ ਕਰਦਿਆਂ

ਭਗਵਾਨ ਸਿੰਘ ਜੌਹਲ
ਮੋ. 98143-24040

ਸਾਡੇ ਕੌਮੀ ਇਤਿਹਾਸ ਵਿੱਚ ਛੋਟੇ ਘੱਲੂਘਾਰੇ ਦੇ ਨਾਂਅ ਨਾਲ ਜਾਣਿਆ ਜਾਂਦਾ ਖ਼ੂਨੀ ਸਾਕਾ 1746 ਈ: ਦੇ ਮਈ-ਜੂਨ ਦੇ ਮਹੀਨਿਆਂ ਵਿੱਚ ਵਾਪਰਿਆ । ਇਤਿਹਾਸਕ ਤੱਥਾਂ ਮੁਤਾਬਕ 1745 ਈ: ਦੇ ਜੁਲਾਈ ਮਹੀਨੇ ਵਿੱਚ ਜ਼ਕਰੀਆ ਖਾਨ ਦੀ ਮੌਤ ਤੋਂ ਪਿੱਛੋਂ ਉਸ ਦਾ ਲੜਕਾ ਯਹੀਆ ਖਾਨ ਲਾਹੌਰ ਦਾ ਸੂਬੇਦਾਰ ਬਣਿਆ । ਉਹ ਆਪਣੇ ਪਿਉ ਨਾਲੋਂ ਵੀ ਵੱਧ ਕੇ ਜ਼ੁਲਮੀ ਸ਼ਾਸਕ ਸੀ । ਉਹ ਆਪਣੇ ਪਿਉ ਵਾਂਗ ਹੀ ਸਿੱਖਾਂ ਦਾ ਖ਼ੁਰਾ-ਖੋਜ ਮਿਟਾਉਣ ਲਈ ਹਰ ਸਮੇਂ ਗੋਂਦਾਂ ਗੁੰਦਦਾ ਰਹਿੰਦਾ ਸੀ । ਉਸ ਨੇ ਲਖਪਤ ਰਾਏ ਨੂੰ ਆਪਣਾ ਦੀਵਾਨ ਨਿਯੁਕਤ ਕੀਤਾ । ਐਮਨਾਬਾਦ (ਸ਼ੈਦਪੁਰ) ਹੁਣ ਲਹਿੰਦਾ ਪੰਜਾਬ (ਪਾਕਿਸਤਾਨ) ਦੇ ਨੇੜੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ-ਛੋਹ ਪ੍ਰਾਪਤ ਗੁਰਦੁਆਰਾ ਰੋੜੀ ਸਾਹਿਬ ਦੇ ਦਰਸ਼ਨ ਲਈ ਇਕ ਸਿੱਖ ਜਥੇ ਦੀ ਆਮਦ ਦਾ ਲਖਪਤ ਰਾਏ ਨੂੰ ਪਤਾ ਲੱਗਾ । ਉਸ ਨੇ ਇਸ ਜਥੇ ਨੂੰ ਰੋਕਣ ਲਈ ਆਪਣੇ ਭਰਾ ਜਸਪਤ ਰਾਏ ਦੀ ਅਗਵਾਈ ਵਿੱਚ ਇਕ ਫੌਜੀ ਟੁਕੜੀ ਲਾਹੌਰ ਤੋਂ ਭੇਜੀ । ਇਸ ਸਿੱਖ ਜਥੇ ਨੂੰ ਐਮਨਾਬਾਦ ਤੋਂ 25 ਕੁ ਕਿਲੋਮੀਟਰ ਦੂਰ ਪਿੰਡ ਬਦੋਲੀ ਗੁਜਾਈਆਂ ਨੇੜੇ ਰੋਕਣ ਦਾ ਯਤਨ ਕੀਤਾ ਗਿਆ। ਇਹ ਘਟਨਾ 1746 ਈ: ਦੇ ਆਰੰਭਕ ਦਿਨਾਂ ਦੀ ਹੈ । ਸਿੱਖ ਜਥਾ ਲੜਨਾ ਨਹੀਂ ਸੀ ਚਾਹੁੰਦਾ, ਉਹ ਕੇਵਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਸ ਅਸਥਾਨ ਦੇ ਸ਼ਰਧਾ ਸਾਹਿਤ ਦਰਸ਼ਨ ਹੀ ਕਰਨਾ ਚਾਹੁੰਦਾ ਸੀ । ਪਰ ਜਸਪਤ ਰਾਏ ਨੇ ਜਥੇ ਦੇ ਜ਼ਿੰਮੇਦਾਰ ਸਿੰਘਾਂ ਦੀ ਇਕ ਵੀ ਨਾ ਸੁਣੀ । ਸ਼ਰਧਾਲੂ ਜਥੇ ਉੱਪਰ ਹਮਲਾ ਕਰ ਦਿੱਤਾ ਗਿਆ । ਇਸ ਝੜਪ ਵਿੱਚ ਭਾਈ ਨਿਭਾਰੂ ਸਿੰਘ ਦੇ ਨਾਂਅ ਦੇ ਇਕ ਸਿੱਖ ਯੋਧੇ ਨੇ ਹਾਥੀ ਦੀ ਪੂਛ ਫੜਦੇ ਹੋਏ ਵਿੱਚ ਬੈਠੇ ਦੀਵਾਨ ਜਸਪਤ ਰਾਏ ਦਾ ਸਿਰ ਕਲਮ ਕਰ ਦਿੱਤਾ । ਇਸ ਘਟਨਾ ਤੋਂ ਪਿੱਛੋਂ ਇਸ ਘੱਲੂਘਾਰੇ ਦਾ ਮੁੱਢ ਬੱਝਦਾ ਹੈ ।

ਲਖਪਤ ਰਾਏ ਨੂੰ ਜਦੋਂ ਭਰਾ ਦੀ ਮੌਤ ਦੀ ਖ਼ਬਰ ਮਿਲੀ ਤਾਂ ਉਸ ਨੇ ਕ੍ਰੋਧ ਵਿੱਚ ਆ ਕੇ ਫੌਜਦਾਰ ਯਹੀਆ ਖਾਨ ਦੀ ਹਾਜ਼ਰੀ ਵਿੱਚ ਪੱਗ ਲਾਹ ਕੇ ਸਹੁੰ ਖਾਧੀ ਕਿ ਹੁਣ ਮੇਰੀ ਹਕੂਮਤ ਸਿੱਖੀ ਦਾ ਨਾਮੋ-ਨਿਸ਼ਾਨ ਮਿਟਾ ਦੇਵੇਗੀ । ਉਸ ਨੇ ਲਾਹੌਰ ਦੇ ਸੂਬੇਦਾਰ ਯਹੀਆ ਖਾਨ ਦੀ ਸਹਿਮਤੀ ਨਾਲ ਲਾਹੌਰ ਦੀ ਫੌਜ ਤੋਂ ਇਲਾਵਾ ਮੁਲਤਾਨ, ਬਹਾਵਲਪੁਰ ਅਤੇ ਜਲੰਧਰ ਦੇ ਫੌਜਦਾਰਾਂ ਤੋਂ ਸਹਾਇਤਾ ਮੰਗੀ । ਨਾਲ ਹੀ ਪਹਾੜੀ ਰਾਜਿਆਂ ਨੂੰ ਵੀ ਸੁਚੇਤ ਕੀਤਾ ਕਿ ਸਿੱਖ ਕਿਧਰੇ ਪਹਾੜੀ ਰਿਆਸਤਾਂ ਵੱਲ ਕੂਚ ਨਾ ਕਰ ਜਾਣ । ਸਭ ਤੋਂ ਪਹਿਲਾਂ ਲਾਹੌਰ ਦੇ ਸਾਰੇ ਸਿੱਖਾਂ ਨੂੰ ਫੜ ਕੇ ਕਤਲ ਕਰਨ ਦਾ ਹੁਕਮ ਦਿੱਤਾ । ਲਾਹੌਰ ਦੇ ਮੁਖੀ ਸੱਜਣਾਂ ਨੇ ਲਖਪਤ ਰਾਏ ਨੂੰ ਬਹੁਤ ਸਮਝਾਇਆ, ਪਰ ਉਸ ਦੇ ਕੰਨ 'ਤੇ ਜੂੰ ਨਾ ਸਰਕੀ । ਉਸ ਨੇ ਢੋਲ ਵਜਾ ਕੇ ਡੌਂਡੀ ਪਿਟਵਾਈ ਅਤੇ

ਐਲਾਨ ਕੀਤਾ, ਕੋਈ ਸਿੱਖ ਗੁਰਬਾਣੀ ਨਹੀਂ ਪੜ੍ਹੇਗਾ, ਗੁਰ ਸ਼ਬਦ ਦਾ ਉਚਾਰਨ ਨਹੀਂ ਕਰੇਗਾ । ਕਿਉਂਕਿ ਅਜਿਹਾ ਕਰਨ ਨਾਲ ਗੁਰੂ ਯਾਦ ਆਉਂਦਾ ਹੈ । ਸਾਰੇ ਸਿੰਘਾਂ ਨੇ ਗੁਰਮਤਾ ਕਰਕੇ ਯੁੱਧ ਨੀਤੀ ਨੂੰ ਵਿਚਾਰਦਿਆਂ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਕਸਬੇ ਤੋਂ ਅੱਠ ਕਿਲੋਮੀਟਰ ਦੂਰ ਕਾਹਨੂੰਵਾਨ ਦੇ ਛੰਭ ਵਿੱਚ ਡੇਰੇ ਲਾ ਲਏ । ਇਸ ਛੰਭ ਦਾ ਸੰਘਣਾ ਜੰਗਲ ਪਹਿਲਾਂ ਵੀ ਮੁਸੀਬਤ ਸਮੇਂ ਸਿੰਘਾਂ ਦੀ ਲੁਕਣਗਾਹ ਸੀ । ਲਖਪਤ ਰਾਏ ਨੇ ਲਾਹੌਰ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਸਿੱਖਾਂ ਦਾ ਬਹੁਤ ਨੁਕਸਾਨ ਕੀਤਾ । ਹੁਣ ਉਸ ਨੇ ਕਾਹਨੂੰਵਾਨ ਦੇ ਛੰਭ ਨੂੰ ਘੇਰਨ ਦਾ ਹੁਕਮ ਦਿੱਤਾ । ਛੰਭ ਵਿੱਚ ਘਿਰੇ ਹੋਏ ਸਿੰਘ ਕੰਡਿਆਂ, ਝਾੜੀਆਂ ਦੇ ਜੰਗਲ ਵਿੱਚ ਭੁੱਖਣ-ਭਾਣੇ ਦੁਸ਼ਮਣ ਨਾਲ ਗੁਰੀਲਾ ਢੰਗ ਨਾਲ ਲੜਦੇ ਰਹੇ । ਸਿੰਘਾਂ ਕੋਲ ਲਖਪਤ ਰਾਏ ਦੇ ਮੁਕਾਬਲੇ ਦਾ ਕੋਈ ਤੋਪਖਾਨਾ ਵੀ ਨਹੀਂ ਸੀ, ਨਾ ਹੀ ਅਜਿਹੇ ਹਥਿਆਰ ਜਿਨ੍ਹਾਂ ਨਾਲ ਦੁਸ਼ਮਣ ਨੂੰ ਭਾਂਜ ਦਿੱਤੀ ਜਾ ਸਕੇ । ਸਿੰਘਾਂ ਨੂੰ ਜੰਗਲ ਵਿੱਚ ਰਹਿਣ ਦੀ ਜਾਚ ਸੀ ।

ਲਖਪਤ ਰਾਏ ਨੇ ਪਹਿਲਾਂ ਜੰਗਲ ਕੱਟ ਕੇ ਤੋਪਾਂ ਲਈ ਰਸਤਾ ਬਣਾਇਆ ਅਤੇ ਨਾਲ ਹੀ ਜੰਗਲ ਨੂੰ ਅੱਗ ਲਾ ਦਿੱਤੀ । ਛੰਭ ਵਿੱਚ ਪੰਜ ਹਜ਼ਾਰ ਸਿੰਘਾਂ 'ਤੇ ਮੁਸੀਬਤ ਦਾ ਪਹਾੜ ਟੁੱਟ ਪਿਆ । ਸਿੰਘਾਂ ਲਈ ਇਹ ਘੋਰ ਬਿਪਤਾ ਦਾ ਸਮਾਂ ਸੀ, ਪਰ ਫਿਰ ਵੀ ਮੁਗਲ ਸੈਨਾ ਦਾ ਟਾਕਰਾ ਉਨ੍ਹਾਂ ਬੜੀ ਬਹਾਦਰੀ ਨਾਲ ਕੀਤਾ । ਛੰਭ ਛੱਡ ਕੇ ਜਾਣ ਦਾ ਕੋਈ ਰਸਤਾ ਨਹੀਂ ਸੀ । ਲਖਪਤ ਰਾਏ ਦੀਆਂ ਫੌਜਾਂ ਮਾਰੋ-ਮਾਰ ਕਰਦੀਆਂ ਆ ਰਹੀਆਂ ਸਨ । ਇਸ ਘੇਰੇ ਵਿੱਚ ਮੁਖੀ ਜਰਨੈਲਾਂ ਵਿੱਚ ਬੁੱਢਾ ਦਲ ਦੇ ਮੁਖੀ ਨਵਾਬ ਕਪੂਰ ਸਿੰਘ, ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਸ. ਸੁੱਖਾ ਸਿੰਘ ਮਾੜੀ ਕੰਬੋਦੀ, ਸ. ਗੁਰਦਿਆਲ ਸਿੰਘ ਡੱਲੇਵਾਲ ਆਦਿ ਅਗਵਾਈ ਕਰ ਰਹੇ ਸਨ । ਲਖਪਤ ਰਾਏ ਦੇ ਨਾਮੀ ਜਰਨੈਲ ਇਸ ਯੁੱਧ ਵਿੱਚ ਮਾਰੇ ਗਏ । ਕੁਝ ਕੁ ਸਿੰਘਾਂ ਨੇ ਬਚ-ਬਚਾ ਕੇ ਲੰਮਾ ਸਫ਼ਰ ਤੈਅ ਕਰਕੇ ਰਾਵੀ ਦਰਿਆ ਪਾਰ ਕਰਕੇ ਕਠੂਆ ਤੋਂ ਬਸੌਲੀ ਵੱਲ ਮੂੰਹ ਕੀਤਾ । ਪਰ ਮੁੱਢ ਤੋਂ ਖ਼ਾਲਸੇ ਨਾਲ ਵੈਰ ਭਾਵ ਰੱਖਣ ਵਾਲੇ ਪਹਾੜੀ ਰਾਜਿਆਂ ਨੇ ਵੀ ਗੋਲੀਆਂ ਨਾਲ ਸਵਾਗਤ ਕੀਤਾ । ਇਸ ਲੜਾਈ ਵਿੱਚ ਸੱਤ ਹਜ਼ਾਰ ਤੋਂ ਦੱਸ ਹਜ਼ਾਰ ਤੱਕ ਸਿੰਘਾਂ ਨੇ ਸ਼ਹਾਦਤ ਦਾ ਜਾਮ ਪੀਤਾ । ਤਿੰਨ ਹਜ਼ਾਰ ਸਿੰਘਾਂ ਨੂੰ ਫੜ ਕੇ ਲਾਹੌਰ ਦੇ ਨਖਾਸ ਚੌਂਕ ਵਿੱਚ ਸ਼ਹੀਦ ਕੀਤਾ ਗਿਆ । ਕੁਝ ਕੁ ਸਿੰਘ ਮਾਲਵੇ ਵੱਲ ਤੇ ਕੁਝ ਕੁ ਸਿੰਘ ਪਹਾੜਾਂ ਵੱਲ ਨਿਕਲ ਗਏ । ਪਹਿਲਾਂ ਇਸ ਯੁੱਧ ਨੂੰ ਕੇਵਲ ਘੱਲੂਘਾਰਾ ਹੀ ਕਿਹਾ ਜਾਂਦਾ ਸੀ, ਪਰ ਇਸ ਯੁੱਧ ਤੋਂ 16 ਸਾਲ ਪਿੱਛੋਂ 1762 ਈ: ਵਿੱਚ ਕੁੱਪ-ਰੁਹੀੜਾ ਦੇ ਅਸਥਾਨ 'ਤੇ ਹੋਏ ਵੱਡੇ ਘੱਲੂਘਾਰੇ ਤੋਂ ਬਾਅਦ ਇਸ ਨੂੰ ਛੋਟਾ ਘੱਲੂਘਾਰਾ ਕਿਹਾ ਜਾਣ ਲੱਗਾ । ਇਸ ਤਰ੍ਹਾਂ ਪਹਿਲੀ ਵਾਰ ਸਿੱਖਾਂ ਦਾ ਏਨਾ ਜਾਨੀ ਨੁਕਸਾਨ ਹੋਇਆ । ਲਖਪਤ ਰਾਏ ਨੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਨੂੰ ਸਾੜਨ ਤੋਂ ਇਲਾਵਾ ਗੁਰਧਾਮਾਂ ਦਾ ਵੀ ਰੱਜ ਕੇ ਨੁਕਸਾਨ ਕੀਤਾ । ਘੱਲੂਘਾਰਾ ਦੇ ਇਸ ਅਸਥਾਨ ਉੱਪਰ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਉਸਾਰੀ ਕੀਤੀ ਗਈ । ਹਰ ਸਾਲ ਸ਼ਹੀਦਾਂ ਦੀ ਯਾਦ ਵਿੱਚ ਪ੍ਰਬੰਧਕ ਕਮੇਟੀ ਸੁਚਾਰੂ ਢੰਗ ਨਾਲ ਤਿੰਨ ਦਿਨਾਂ ਸ਼ਹੀਦੀ ਜੋੜ ਮੇਲਾ ਮਨਾਉਂਦੀ ਹੈ ਇਸ ਤੋਂ ਇਲਾਵਾ ਕੁਝ ਕੁ ਸਾਲ ਪਹਿਲਾਂ ਪੰਜਾਬ ਸਰਕਾਰ ਨੇ ਘੱਲੂਘਾਰੇ ਦੀ ਯਾਦਗਾਰ ਬਣਾਈ ਹੈ । ਘੱਲੂਘਾਰੇ ਦੇ ਸ਼ਹੀਦਾਂ ਨੂੰ ਸਾਡਾ ਪ੍ਰਣਾਮ ।

HDFC BANK
We understand your world

ਮੁੱਖ ਦਫ਼ਤਰ : ਐਚਡੀਐਫਸੀ ਬੈਂਕ ਹਾਊਸ, ਸੇਨਾਪਤੀ ਬਾਪਤ ਮਾਰਗ, ਲੋਅਰ ਪਰੇਲ (ਪੱਛਮ), ਮੁੰਬਈ-400013
ਖੇਤਰੀ ਦਫ਼ਤਰ : ਐਚਡੀਐਫਸੀ ਬੈਂਕ ਲਿਮ., ਸਪੈਸ਼ਲ ਆਪ੍ਰੇਸ਼ਨਜ਼ ਵਿਭਾਗ, ਜ਼ਮੀਨੀ ਤਲ, ਗੁਲਾਬ ਭਵਨ, 6, ਬਹਾਦਰਸ਼ਾਹ ਜ਼ਫਰ ਮਾਰਗ, ਨਵੀਂ ਦਿੱਲੀ 110002

ਕਬਜ਼ੇ ਦਾ ਨੋਟਿਸ
(ਅਚੱਲ ਜਾਇਦਾਦ/ਆਂ ਲਈ)
(ਸੁਰੱਖਿਆ ਹਿੱਤ ਲਾਗੂ ਕਰਨ ਦੇ ਨਿਯਮ, 2002 ਦੇ ਨਿਯਮ 8(1) ਦੇ ਨਾਲ ਪੜ੍ਹੇ ਗਏ ਅੰਤਿਕਾ IV ਦੇ ਅਨੁਸਾਰ)

ਜਦੋਂ ਕਿ, HDFC ਬੈਂਕ ਲਿਮਟਿਡ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਵਿੱਤੀ ਸੰਪਤੀਆਂ ਦੇ ਸੁਰੱਖਿਆਕਰਨ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਲਾਗੂ ਕਰਨ ਦੇ ਐਕਟ, 2002 ਦੇ ਅਧੀਨ ਅਤੇ ਸੁਰੱਖਿਆ ਹਿੱਤ (ਲਾਗੂ ਕਰਨ) ਨਿਯਮਾਂ, 2002 ਦੇ ਨਿਯਮ 9 ਦੇ ਨਾਲ ਪੜ੍ਹੇ ਗਏ ਧਾਰਾ 13(2) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਹੇਠਾਂ ਦਿੱਤੀ ਮਿਤੀ ਨੂੰ, ਕਰਜ਼ਦਾਰ/ਗਰੰਟਰ/ਮੋਰਗੇਜਰ ਨੂੰ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੇ ਨਾਲ-ਨਾਲ ਭਵਿੱਖ ਦੇ ਵਿਆਜ ਅਤੇ ਇਸ 'ਤੇ ਹੋਰ ਵਾਲੇ ਖਰਚਿਆਂ ਅਤੇ ਲਾਗਤ ਨੂੰ ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਕਰਨ ਲਈ ਇੱਕ ਡਿਮਾਂਡ ਨੋਟਿਸ ਜਾਰੀ ਕੀਤਾ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰ ਨੂੰ, ਖਾਸ ਕਰਕੇ ਅਤੇ ਆਮ ਤੌਰ 'ਤੇ ਜਨਤਾ ਨੂੰ, ਨੋਟਿਸ ਦਿੱਤਾ ਜਾਂਦਾ ਹੈ ਕਿ ਐਚਡੀਐਫਸੀ ਬੈਂਕ ਲਿਮਟਿਡ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਹੇਠਾਂ ਦੱਸੇ ਗਏ ਖਾਤੇ ਦੇ ਵਿਰੁੱਧ ਦੱਸੇ ਗਏ ਮਿਤੀਆਂ 'ਤੇ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਖਾਸ ਤੌਰ 'ਤੇ, ਕਰਜ਼ਦਾਰ ਨੂੰ, ਅਤੇ ਆਮ ਤੌਰ 'ਤੇ ਜਨਤਾ ਨੂੰ, ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰੇ ਅਤੇ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਐਚਡੀਐਫਸੀ ਬੈਂਕ ਲਿਮਟਿਡ ਦੇ ਚਾਰਜ ਦੇ ਅਧੀਨ ਹੋਵੇਗਾ, ਜਿਸ 'ਤੇ ਭਵਿੱਖ ਦੇ ਵਿਆਜ ਦੇ ਨਾਲ-ਨਾਲ ਹੋਰ ਦੱਸੀ ਗਈ ਰਕਮ ਹੋਵੇਗੀ।

ਲ. ਨੰ.	ਕਰਜ਼ਦਾਰ/ਜ਼ਾਮਨ/ਗਿਰਵੀਕਾਰ (†) ਅਤੇ ਨਿਰਦੇਸ਼ਕ ਦਾ ਨਾਮ	ਮੰਗ ਸੂਚਨਾ ਦੀ ਮਿਤੀ	ਕਬਜ਼ੇ ਦੀ ਮਿਤੀ	ਬਕਾਇਆ ਰਕਮ
1.	ਮੈਸਰਜ਼ ਨਿਊ ਮੋਗਾ ਆਇਰਨ ਐਂਡ ਸੀਮਿੰਟ ਸਟੋਰ (ਕਰਜ਼ਦਾਰ), ਸ਼੍ਰੀਮਤੀ ਸ਼ਾਂਤਾ ਰਾਣੀ ਪਤਨੀ ਸ੍ਰੀ ਰੋਸ਼ਨ ਲਾਲ (ਮਾਲਕ, ਜ਼ਾਮਨ), ਸ੍ਰੀ ਸੁਨੀਲ ਕੁਮਾਰ ਮੋਗਾ ਪੁੱਤਰ ਰੋਸ਼ਨ ਲਾਲ (ਜ਼ਾਮਨ ਅਤੇ ਗਿਰਵੀਕਾਰ), ਅਤੇ ਸ੍ਰੀ ਰਵੀ ਕੁਮਾਰ ਮੋਗਾ ਪੁੱਤਰ ਸ੍ਰੀ ਰੋਸ਼ਨ ਲਾਲ (ਜ਼ਾਮਨ ਅਤੇ ਗਿਰਵੀਕਾਰ)	25.03.2025	15.05.2026	ਰੁ. 33,12,916/- (ਰੁ. ਤੇਤੀ ਲੱਖ ਬਾਰਾਂ ਹਜ਼ਾਰ ਨੌ ਸੌ ਸੋਲਾਂ ਕੇਵਲ) 21.03.2025 ਨੂੰ, ਇਸ 'ਤੇ ਭਾਵੀ ਵਿਆਜ ਸਮੇਤ।

ਅਚੱਲ ਸੰਪਤੀਆਂ ਦੇ ਵੇਰਵੇ

7 ਮਰਲੇ ਦੀ ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸਦਾ ਮਾਪ 50' x 38' 1½" ਹੈ, ਜੋ ਕਿ ਰਕਬਾ ਨੰਬਰ 243 ਕਿਲ੍ਹਾ ਨੰਬਰ 19/2/1(1-13), ਖੇਵਟ ਨੰਬਰ 295 ਖਤੌਨੀ ਨੰਬਰ 514 ਦਾ 7/33 ਹਿੱਸਾ ਹੈ, ਜੋ ਕਿ ਸਾਲ 2008-09 ਦੀ ਜਮ੍ਹਾਂਬੰਦੀ ਅਨੁਸਾਰ ਗ੍ਰਾਮ ਹਰਮਹਾਏ ਦਰਮਾਇਆਨੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ ਹੈ, ਜਿਸਦਾ ਪਤਾ ਮਕਾਨ ਨੰਬਰ 282, ਵਾਰਡ ਨੰਬਰ 11, ਆਦਰਸ਼ ਨਗਰ, ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਹੈ ਅਤੇ ਹੇਠ ਲਿਖੇ ਅਨੁਸਾਰ ਹੱਦਬੰਦੀ ਹੈ: ਪੂਰਬ: ਮਾਸਟਰ ਸੀਤਾ ਰਾਮ ਸਕੂਲ (50'), ਪੱਛਮ: ਗੁਆਂ(50'), ਉੱਤਰ: ਗਲੀ (38'6"), ਦੱਖਣ: ਪਲਾਟ (38'6"). ਗਿਰਵੀਕਾਰ: ਸ਼੍ਰੀ ਰਵੀ ਕੁਮਾਰ ਅਤੇ ਸ਼੍ਰੀ ਸੁਨੀਲ ਕੁਮਾਰ ਦੋਵੇਂ ਪੁੱਤਰ ਸ਼੍ਰੀ ਰੋਸ਼ਨ ਲਾਲ।

| 2. | ਮੈਸਰਜ਼ ਜਤਿੰਦਰ ਕੁਮਾਰ ਐਂਡ ਸੰਨਜ਼ (ਕਰਜ਼ਦਾਰ)- ਸ੍ਰੀ ਜਤਿੰਦਰ ਕੁਮਾਰ ਪੁੱਤਰ ਦੀਵਾਨ ਚੰਦ, ਸ੍ਰੀ ਜਤਿੰਦਰ ਕੁਮਾਰ ਪੁੱਤਰ ਸ੍ਰੀ ਦੀਵਾਨ ਚੰਦ (ਮਾਲਕ, ਗਿਰਵੀਕਾਰ ਅਤੇ ਜ਼ਾਮਨ) ਅਤੇ ਸ਼੍ਰੀਮਤੀ ਸ਼ਾਰਦਾ ਰਾਣੀ ਪਤਨੀ ਸ੍ਰੀ ਜਤਿੰਦਰ ਕੁਮਾਰ (ਗਿਰਵੀਕਾਰ ਅਤੇ ਜ਼ਾਮਨ) ਦੀ ਇੱਕ ਸੋਲ ਪ੍ਰੋਪਰਾਈਟਰਸ਼ਿਪ ਫਰਮ। | 25.03.2025 | 15.05.2026 | ਰੁ. 50,01,999.15 (ਰੁ.ਪੰਜਾਹ ਲੱਖ ਇੱਕ ਹਜ਼ਾਰ ਨੌ ਸੌ ਨਿੜਨਵੇਂ ਅਤੇ ਪੰਦਰਾਂ ਪੈਸੇ ਕੇਵਲ) 28.03.2025 ਨੂੰ, ਇਸ 'ਤੇ ਭਾਵੀ ਵਿਆਜ ਸਮੇਤ। |

ਅਚੱਲ ਸੰਪਤੀਆਂ ਦੇ ਵੇਰਵੇ

1. ਵਸੀਕਾ ਨੰਬਰ 748 ਮਿਤੀ 08-06-2017 ਵਾਲੇ ਰਿਹਾਇਸ਼ੀ ਪਲਾਟ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ 6 1/2 ਮਰਲਾ ਮਾਪ ਦੀ ਹੈ, ਜੋ ਕਿ ਪ੍ਰਾਪਰਟੀ ਨੰਬਰ 151 ਮੌਗਾ ਗਲੀ, ਜ਼ਿਲ੍ਹਾ ਫਾਜ਼ਿਲਕਾ, ਜਲਾਲਾਬਾਦ (ਪੱਛਮੀ) 152024 ਵਿਖੇ ਸਥਿਤ ਹੈ ਅਤੇ ਇਸ ਦੀ ਹੱਦਬੰਦੀ ਇਸ ਪ੍ਰਕਾਰ ਹੈ: ਪੂਰਬ: ਸ਼੍ਰੀ ਕਸ਼ਮੀਰ ਚੰਦ 44'-0", ਪੱਛਮ: ਗਲੀ 44'-0", ਉੱਤਰ: ਸ਼੍ਰੀ ਸੁਧੀਰ ਕੁਮਾਰ 42'-0", ਦੱਖਣ: ਸ਼੍ਰੀ ਜਗਦੀਸ਼ ਚੰਦਰ 42'-0+ । ਗਿਰਵੀਕਾਰ: ਸ਼੍ਰੀਮਤੀ ਸ਼ਾਰਦਾ ਰਾਣੀ ਪਤਨੀ ਸ੍ਰੀ ਜਤਿੰਦਰ ਕੁਮਾਰ ਧੂਰੀਆ।
2. ਵਪਾਰਕ ਪਲਾਟ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਵਸੀਕਾ ਨੰਬਰ 929 ਮਿਤੀ 28-05-2014 ਸ਼ਾਮਲ ਹੈ, ਜੋ ਕਿ ਅਨਾਜ ਦੀ ਦੁਕਾਨ ਪਲਾਟ ਨੰਬਰ 29 ਨਵੀਂ ਅਨਾਜ ਮੰਡੀ, ਜ਼ਿਲ੍ਹਾ ਫਾਜ਼ਿਲਕਾ, ਜਲਾਲਾਬਾਦ (ਡਬਲਯੂ) 152024, ਵਿਖੇ ਸਥਿਤ ਹੈ ਅਤੇ ਇਸ ਦੀ ਹੱਦਬੰਦੀ ਇਸ ਪ੍ਰਕਾਰ ਹੈ: ਪੂਰਬ: ਸ੍ਰੀ ਵਿਸ਼ਾਲ ਕੁਮਾਰ 20'-0", ਪੱਛਮ: ਰੋਡ 20'-0", ਉੱਤਰ: ਸ੍ਰੀ ਸਾਹਿਲ ਚੱਕੜੀ 10'-4.5", ਦੱਖਣ: ਨਵੀਂ ਅਨਾਜ ਮੰਡੀ ਰੋਡ 10'-4.5" । ਗਿਰਵੀਕਾਰ: ਸ਼੍ਰੀਮਤੀ ਸ਼ਾਰਦਾ ਰਾਣੀ ਪਤਨੀ ਸ੍ਰੀ ਜਤਿੰਦਰ ਕੁਮਾਰ ਧੂੜੀਆ।

| 3. | ਮੈਸਰਜ਼ ਚਰਨ ਦਾਸ ਰੋਸ਼ਨ ਲਾਲ, ਸ਼੍ਰੀ ਅਨਮੋਲ ਅਰੋੜਾ ਪੁੱਤਰ ਰੋਸ਼ਨ ਲਾਲ ਅਰੋੜਾ, ਸ੍ਰੀ ਰੋਸ਼ਨ ਲਾਲ ਅਰੋੜਾ ਪੁੱਤਰ ਸ੍ਰੀ ਚਰਨ ਦਾਸ ਅਰੋੜਾ, ਸ਼੍ਰੀਮਤੀ ਪ੍ਰੇਮ ਲਤਾ ਪਤਨੀ ਸ੍ਰੀ ਰੋਸ਼ਨ ਲਾਲ ਅਰੋੜਾ ਅਤੇ ਮੈਸਰਜ਼ ਅਰੋੜਾ ਟਰੇਡਿੰਗ ਕੰਪਨੀ (ਗਰੁੱਪ ਫਰਮ ਅਤੇ ਜ਼ਾਮਨ)- ਸ੍ਰੀ ਰੋਸ਼ਨ ਲਾਲ ਪੁੱਤਰ ਸ੍ਰੀ ਚਰਨ ਦਾਸ ਅਰੋੜਾ ਦੀ ਇਕਲੌਤੀ ਮਲਕੀਅਤ ਫਰਮ | 25.03.2025 | 15.05.2026 | ਰੁ. 1,41,36,462/- (ਰੁ. ਇੱਕ ਕਰੋੜ ਇਕਤਾਲੀ ਲੱਖ ਛੱਤੀ ਹਜ਼ਾਰ ਚਾਰ

ਨਰਿੰਦਰ ਸਿੰਘ ਘੋਤੜਾ ਵਿਦੇਸ਼ੀ ਸਿਟੀ ਕੌਂਸਲ ਫਰੈਂਕਫੋਰਟ ਦੇ ਡਿਪਟੀ ਚੇਅਰਮੈਨ ਬਣੇ

ਫਰੈਂਕਫੋਰਟ, 16 ਮਈ (ਚ.ਨ.ਸ): ਜਰਮਨੀ ਦੇ ਮੁੱਖ ਵਪਾਰਕ ਕੇਂਦਰ ਤੇ ਅੰਤਰਰਾਸ਼ਟਰੀ ਪ੍ਰਸਿੱਧੀ ਵਾਲੇ ਸ਼ਹਿਰ ਫਰੈਂਕਫੋਰਟ ਵਿੱਚ 15 ਮਾਰਚ 2026 ਨੂੰ ਫਰੈਂਕਫੋਰਟ ਸਿਟੀ ਪਾਰਲੀਮੈਂਟ ਤੇ ਵਿਦੇਸ਼ੀ ਸਿਟੀ ਕੌਂਸਲ ਦੀਆਂ ਹੋਈਆਂ ਚੋਣਾਂ (ਕੋਏਵੀ) ਵਿੱਚ ਨਰਿੰਦਰ ਸਿੰਘ ਘੋਤੜਾ ਨੇ ਗਰੀਨ ਪਾਰਟੀ ਦੇ ਉਮੀਦਵਾਰ ਵਜੋਂ ਵਿਦੇਸ਼ੀ ਸਿਟੀ ਕੌਂਸਲ ਦੀ ਸੀਟ ਵੱਡੇ ਫਰਕ ਨਾਲ ਜਿੱਤੀ ਸੀ। ਚੋਣਾਂ ਤੋਂ ਬਾਅਦ ਨਰਿੰਦਰ ਸਿੰਘ ਨੂੰ ਨਵੀਂ ਵਿਦੇਸ਼ੀ ਸਿਟੀ ਕੌਂਸਲ ਵਿੱਚ ਡਿਪਟੀ ਚੇਅਰਮੈਨ ਦੇ ਅਹੁਦੇ ਨਾਲ ਨਿਵਾਜਿਆ ਗਿਆ ਹੈ। ਨਵੀਂ ਜ਼ਿੰਮੇਵਾਰੀ ਸੰਭਾਲਦੇ ਹੋਏ ਨਰਿੰਦਰ ਸਿੰਘ ਨੇ ਜਿੱਥੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ, ਉਥੇ ਉਨ੍ਹਾਂ ਨੇ ਚੇਅਰਮੈਨ ਜੁਮਾਸ ਮੇਡੋਫ ਤੇ ਫੋਆਸ ਚੇਟੀਨਰ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਹ ਨਿਯੁਕਤੀ ਉਨ੍ਹਾਂ ਦੀ ਲੰਬੇ ਸਮੇਂ ਤੋਂ ਪੰਜਾਬੀ ਤੇ ਖ਼ਾਸਕਰ ਸਿੱਖ ਭਾਈਚਾਰੇ ਦੀ ਕੀਤੀ ਜਾ ਰਹੀ ਸੇਵਾ ਪ੍ਰਤੀ ਵਚਨਬੱਧਤਾ ਵਜੋਂ ਦੇਖੀ ਜਾ ਰਹੀ ਹੈ। ਵਿਦੇਸ਼ੀ ਸਿਟੀ ਕੌਂਸਲ ਦਾ ਮੁੱਖ ਕੰਮ ਫਰੈਂਕਫੋਰਟ ਵਿੱਚ ਰਹਿੰਦੇ ਵਿਦੇਸ਼ੀ ਨਾਗਰਿਕਾਂ ਦੀਆਂ ਇਮੀਗ੍ਰੇਸ਼ਨ ਸਮੱਸਿਆਵਾਂ, ਨਸਲੀ ਭੇਦਭਾਵ, ਰੋਜ਼ਗਾਰ ਤੇ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਵਿਤਕਰੇ, ਅੰਤਰਰਾਸ਼ਟਰੀ ਵਿਦਿਆਰਥੀ ਤੇ ਵੱਖ-ਵੱਖ ਸਭਿਆਚਾਰਕ ਪਿਛੋਕੜ ਵਾਲੇ ਲੋਕਾਂ ਦੀ ਆਵਾਜ਼ ਨੂੰ ਸਿਟੀ ਪਾਰਲੀਮੈਂਟ ਫਰੈਂਕਫੋਰਟ ਤੱਕ ਪਹੁੰਚਾਉਣਾ ਹੁੰਦਾ ਹੈ। ਇਸ ਵਾਰ ਵਿਦੇਸ਼ੀ ਸਿਟੀ ਕੌਂਸਲ ਫਰੈਂਕਫੋਰਟ ਦੇ ਸਭ ਤੋਂ ਸੀਨੀਅਰ ਮੈਂਬਰ ਹੋਣ ਕਰਕੇ ਨਰਿੰਦਰ ਸਿੰਘ ਨੂੰ ਸਿਟੀ ਪਾਰਲੀਮੈਂਟ ਫਰੈਂਕਫੋਰਟ ਵੱਲੋਂ ਚੋਣ ਕਰਵਾਉਣ ਲਈ ਸਪੀਕਰ ਵਜੋਂ ਵਿਸ਼ੇਸ਼ ਡਿਊਟੀ ਲਗਾਈ ਗਈ, ਜਿਸ ਨੂੰ ਉਨ੍ਹਾਂ ਬਾਖੂਬੀ ਨਿਭਾਇਆ। ਇਸ ਪ੍ਰਾਪਤੀ ਲਈ ਬੇਹੱਦ ਖ਼ੁਸ਼ੀ ਜ਼ਾਹਿਰ ਕਰਦਿਆਂ ਉਨ੍ਹਾਂ ਸਤਿਗੁਰੂ ਦਾ ਸ਼ੁਕਰਾਨਾ ਕੀਤਾ ਤੇ ਇਸ ਨੂੰ ਸਿੱਖ ਭਾਈਚਾਰੇ ਦੀ ਸਾਂਝੀ ਪ੍ਰਾਪਤੀ ਦੱਸਿਆ।

ਮੀਰੀ-ਪੀਰੀ ਕੇਸ ਹਾਈ ਕੋਰਟ 'ਚੋਂ ਜਿੱਤਣ 'ਤੇ ਜਥੇ. ਦਾਦੂਵਾਲ ਦਾ ਸਨਮਾਨ

ਕਰਨਾਲ, 16 ਮਈ (ਚ.ਨ.ਸ): ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ/ਮੈਂਬਰ ਸਾਹਿਬਾਨ ਤੇ ਸਿੱਖ ਸੰਗਤ ਵੱਲੋਂ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ/ਫ਼ਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੀਰੀ-ਪੀਰੀ ਮੈਡੀਕਲ ਕਾਲਜ ਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਦਾ ਕੇਸ ਹਾਈਕੋਰਟ 'ਚੋਂ ਜਿੱਤ ਕੇ ਹਰਿਆਣਾ ਕਮੇਟੀ ਹਰਿਆਣਾ ਦੀ ਸਿੱਖ ਸੰਗਤ ਦੀ ਝੋਲੀ ਪਾਉਣ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਅਹੁਦੇਦਾਰ ਮੈਂਬਰ ਸਾਹਿਬਾਨ ਨੇ ਕਿਹਾ ਕਿ ਜਥੇਦਾਰ ਦਾਦੂਵਾਲ ਨੇ ਮਰਦਾਂ ਦੀ ਤਰ੍ਹਾਂ ਮਿਸ਼ਨ ਬਣਾ ਕੇ ਇਸ ਕੇਸ ਨੂੰ ਚੰਗੇ ਵਕੀਲਾਂ ਗੌਰਵ ਚੌਪੜਾ ਤੇ ਗੁਸ਼ਪਿੰਦਰ ਸਿੰਘ ਸੋਹੀ ਨੂੰ ਕਰਕੇ ਲੜਿਆ ਤੇ ਹਾਈ ਕੋਰਟ 'ਚੋਂ ਜਿੱਤ ਕੇ ਹਰਿਆਣਾ ਕਮੇਟੀ ਹਰਿਆਣਾ ਦੀਆਂ ਸਿੱਖ ਸੰਗਤ ਦੀ ਝੋਲੀ ਵਿੱਚ ਪਾਇਆ ਹੈ। ਇਸ ਕਰਕੇ ਜਥੇਦਾਰ ਦਾਦੂਵਾਲ ਦੇ ਅਸੀਂ ਸਾਰੇ ਧੰਨਵਾਦੀ ਹਾਂ। ਇਸ ਸਮੇਂ ਹਰਿਆਣਾ ਕਮੇਟੀ ਦੇ ਸਾਬਕਾ ਪ੍ਰਧਾਨ ਜਥੇ. ਭੁਪਿੰਦਰ ਸਿੰਘ ਅਸੰਧ, ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਕਾਲਕਾ, ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ, ਜਗਤਾਰ ਸਿੰਘ ਮਾਨ ਅੰਤ੍ਰਿੰਗ ਮੈਂਬਰ, ਤਜਿੰਦਰਪਾਲ ਸਿੰਘ ਨਾਰਨਲ ਅੰਤ੍ਰਿੰਗ ਮੈਂਬਰ, ਜਥੇ. ਬਲਦੇਵ ਸਿੰਘ ਹਾਬੜੀ ਮੈਂਬਰ, ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ, ਦੀਦਾਰ ਸਿੰਘ ਨਲਵੀ ਮੈਂਬਰ, ਜਥੇ. ਸਵਰਨ ਸਿੰਘ ਬੁਗਾ ਟਿੱਬੀ ਮੈਂਬਰ, ਗਿਆਨੀ ਜਗਜੀਤ ਸਿੰਘ ਮੁੱਖ ਗ੍ਰੰਥੀ ਨਾਢਾ ਸਾਹਿਬ, ਜਥੇ. ਮਨਮੋਹਨ ਸਿੰਘ ਬਲੌਲੀ, ਢਾਡੀ ਮਲਕੀਤ ਸਿੰਘ ਮੀਤ, ਸਕੱਤਰ ਸਰਬਜੀਤ ਸਿੰਘ ਜੰਮੂ ਵੀ ਇਸ ਸਮੇਂ ਹਾਜ਼ਰ ਸਨ। ਜਥੇਦਾਰ ਦਾਦੂਵਾਲ ਨੇ ਕਿਹਾ ਨੇ ਇਸ ਇਤਿਹਾਸਕ ਜਿੱਤ 'ਤੇ 24 ਮਈ ਨੂੰ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਸਵੇਰੇ 9 ਤੋਂ ਦੁਪਹਿਰ 2 ਵਜੇ ਤੱਕ ਗੁਰੂ ਦਾ ਸ਼ੁਕਰਾਨਾ ਸਮਾਗਮ ਕੀਤਾ ਜਾਵੇਗਾ। ਇਸ ਦੌਰਾਨ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਜਾਵੇਗਾ।

ਸਿਰਸਾ ਤੋਂ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਰੇਲਗੱਡੀ ਰਵਾਨਾ, ਨਾਇਬ ਸੈਣੀ ਨੇ ਦਿਖਾਈ ਹਰੀ ਝੰਡੀ

ਸਿਰਸਾ, 16 ਮਈ (ਚ.ਨ.ਸ): ਹਰਿਆਣਾ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਅੱਜ ਸਿਰਸਾ ਤੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ (ਮਹਾਰਾਸ਼ਟਰ) ਲਈ ਇੱਕ ਵਿਸ਼ੇਸ਼ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਨੇ ਗੁਰਦੁਆਰਾ ਚਿੱਲਾ ਸਾਹਿਬ 'ਚ ਸ਼ੀਸ਼ ਨਿਵਾਇਆ। ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਹਰਿਆਣਾ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ, ਮੈਂਬਰ ਬਲਜੀਤ ਸਿੰਘ ਦਾਦੂਵਾਲ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਯਤਿੰਦਰ ਸਿੰਘ ਐਡਵੋਕੇਟ, ਉਡ਼ੀਸ਼ਾ ਦੇ ਸਾਬਕਾ ਰਾਜਪਾਲ ਗਣੇਸ਼ੀ ਲਾਲ, ਮੁੱਖ ਮੰਤਰੀ ਦੇ ਸਾਬਕਾ ਰਾਜਸੀ ਸਲਾਹਕਾਰ ਜਗਦੀਸ਼ ਚੌਪੜਾ, ਸਾਬਕਾ ਐਮਪੀ ਸੁਨੀਤਾ ਦੁੱਗਲ ਸਮੇਤ ਕਈ ਭਾਜਪਾ

ਦੇ ਆਗੂ ਤੇ ਸਿੱਖ ਭਾਈਚਾਰੇ ਨਾਲ ਜੁੜੇ ਆਗੂ ਮੌਜੂਦ ਸਨ। ਮੁੱਖ ਮੰਤਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਰਿਆਣਾ ਸਰਕਾਰ ਪਵਿੱਤਰ ਥਾਵਾਂ ਦੇ ਦਰਸ਼ਨਾਂ ਲਈ ਵਿਸ਼ੇਸ਼ ਰੇਲਗੱਡੀਆਂ ਚਲਾ ਕੇ ਸ਼ਰਧਾਲੂਆਂ ਨੂੰ ਦਰਸ਼ਨ ਕਰਵਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਸਿੱਖ ਗੁਰੂਆਂ ਦੇ ਪ੍ਰਕਾਸ਼ ਦਿਹਾੜੇ ਵੱਡੀ ਪੱਧਰ 'ਤੇ ਮਨਾਏ ਜਾਣ ਦਾ ਜਿਥੇ ਫ਼ੈਸਲਾ ਲਿਆ ਹੈ, ਉਥੇ ਹੀ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਵੀਰ ਬਾਲ ਦਿਵਸ ਵਜੋਂ ਵੀ ਮਨਾਏ ਜਾਣ ਦਾ ਫ਼ੈਸਲਾ ਲਿਆ ਹੋਇਆ ਹੈ। ਇਸ ਦੌਰਾਨ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਹਰਿਆਣਾ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਵੱਡੀ ਉਮਰ ਦੇ ਸਾਰੇ ਲੋਕਾਂ ਨੂੰ ਧਾਰਮਿਕ ਥਾਵਾਂ ਦੇ ਦਰਸ਼ਨ ਕਰਵਾਉਣ ਦਾ ਫ਼ੈਸਲਾ ਲਿਆ ਹੈ। ਇਸ ਮੌਕੇ ਹਰਿਆਣਾ ਗੁਰਦੁਆਰਾ ਮੈਨੇਜਮੈਂਟ ਦੇ ਪ੍ਰਧਾਨ ਜਗਦੀਸ਼ ਝੀਂਡਾ ਤੇ ਮੈਂਬਰ ਬਲਜੀਤ ਸਿੰਘ ਦਾਦੂਵਾਲ ਨੇ ਅਪਣੇ ਵਿਚਾਰ ਪ੍ਰਗਟ ਕਰਦਿਆਂ ਇਸ ਤੀਰਥ ਯਾਤਰਾ ਲਈ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼ਰਧਾਲੂ ਤੇ ਹੋਰ ਲੋਕ ਮੌਜੂਦ ਸਨ। ਪ੍ਰੋਗਰਾਮ ਦਾ ਮੰਚ ਸੰਚਾਲਨ ਸੀ.ਡੀ.ਐਲ.ਯੂ ਦੇ ਪ੍ਰੋ. ਗੁਰਸਾਹਿਬ ਸਿੰਘ ਨੇ ਕੀਤਾ।

ਝੋਨੇ ਦੇ ਭਾਅ 'ਚ ਮਾਮੂਲੀ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ: ਸੁਖਵਿੰਦਰ ਸਿੰਘ

ਬੰਗਾ, 16 ਮਈ (ਪ੍ਰਭਜੋਤ ਸਿੰਘ): ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਬੱਲੋਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੇਂਦਰ ਸਰਕਾਰ ਵੱਲੋਂ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਕੀਤੀ ਮਾਮੂਲੀ ਵਾਧੇ ਨੂੰ ਕਿਸਾਨਾਂ ਨਾਲ ਕੋਝਾ ਮਜ਼ਾਕ ਕਰਾਰ ਦਿੱਤਾ ਹੈ। ਇਸ ਵਾਧੇ ਨੂੰ ਸਿਰੇ ਤੋਂ ਰੱਦ ਕਰਦੇ ਹੋਏ ਸੁਖਵਿੰਦਰ ਸਿੰਘ ਬੱਲੋਵਾਲ ਨੇ ਕਿਹਾ ਕਿ ਡੀਜ਼ਲ ਖਾਦਾਂ ਕੀਟਨਾਸ਼ਕ ਦਵਾਈਆਂ ਲੇਬਰ ਤੇ ਹੋਰ ਰੋਜ਼ ਵਰਤੋਂ ਦੀਆਂ ਵਸਤੂਆਂ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲਾਗਤ ਕਈ ਗੁਣਾ ਵੱਧ ਗਈ ਹੈ ਪਰ ਝੋਨੇ ਦੇ ਭਾਵ ਵਿੱਚ ਨਾ ਮਾਤਰ ਵਾਧਾ ਕਰਕੇ ਸਰਕਾਰ ਨੇ ਕਿਸਾਨਾਂ ਦੇ ਜ਼ਖਮਾਂ 'ਤੇ ਲੂਣ ਛਿੜਕਿਆ ਹੈ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਫਸਲਾਂ ਦੇ ਰੇਟ ਸਵਾਮੀ ਨਾਥਨ ਕਮਿਸ਼ਨ ਦੀ ਰਿਪੋਰਟ ਮੁਤਾਬਿਕ ਐਲਾਨੇ ਜਾਣ। ਜਦੋਂ ਤੱਕ ਲਾਗਤ ਤੇ ਮੁਨਾਫਾ ਜੋੜ ਕੇ ਭਾਅ ਨਹੀਂ ਦਿੱਤਾ ਜਾਂਦਾ ਕਿਸਾਨ ਕਰਜ਼ੇ 'ਚੋਂ ਨਹੀਂ ਨਿਕਲ ਸਕਦਾ। ਉਨ੍ਹਾਂ ਕਿਹਾ ਕਿ ਮੌਜੂਦਾ ਵਾਧਾ ਮਹਿੰਗਾਈ ਦੀ ਦਰ ਦੇ ਮੁਕਾਬਲੇ ਕੁਝ ਵੀ ਨਹੀਂ। ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨੇ ਪੰਜਾਬ ਤੇ ਕੇਂਦਰ ਸਰਕਾਰ ਤੋਂ ਅਪੀਲ ਕੀਤੀ ਹੈ ਕਿ ਉਹ ਕਿਸਾਨਾਂ ਦੀ ਬਾਂਹ ਫੜ੍ਹਨ, ਕਿਸਾਨ ਦੇਸ਼ ਦਾ ਢਿੱਡ ਭਰਦਾ ਹੈ ਤੇ ਜਦੋਂ ਕਿਸਾਨ ਦੀ ਆਪਣੀ ਵਾਰੀ ਆਉਂਦੀ ਹੈ ਤੇ ਫਸਲਾਂ ਦੀ ਖਰਾਬੀ ਦਾ ਕੋਈ ਮੁਆਵਜ਼ਾ ਨਹੀਂ ਦਿੱਤਾ ਜਾਂਦਾ। ਹੁਣ ਵੀ ਦੋ ਚਾਰ ਦਿਨ ਪਹਿਲਾਂ ਕਈ ਜ਼ਿਲ੍ਹਿਆਂ ਦੇ ਵਿੱਚ ਹਦਵਾਣਿਆਂ ਦੀ ਫਸਲ ਸੀ, ਉਹ ਵੀ ਖਰਾਬ ਹੋ ਗਈ ਤੇ ਛੱਲੀਆਂ ਦੀ ਵੀ ਬਹੁਤ ਖਰਾਬ ਹੋਈ ਹੈ, ਉਸ ਦਾ ਵੀ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ 'ਤੇ ਪਹੁੰਚੇ ਹੋਏ ਆਗੂ ਸੁਖਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਬੱਲੋਵਾਲ, ਜਸਪ੍ਰੀਤ ਸਿੰਘ ਜਿੰਦੋਵਾਲ, ਜਸਪਾਲ ਸਿੰਘ ਮੱਲਾ ਸੋਡੀਆ, ਗੁਰਸੇਵ ਸਿੰਘ ਨੂਰਪੁਰ, ਗੁਰਨੇਕ ਸਿੰਘ ਖੜਕੜ ਕਲਾਂ, ਸੋਤੋਖ ਸਿੰਘ ਝੰਡੇਰ ਹਾਜ਼ਰ ਸਨ।

ਵਾਰਡ ਨੰਬਰ 11 ਤੋਂ ਕਾਂਗਰਸੀ ਉਮੀਦਵਾਰ ਪੂਨਮ ਸ਼ਰਮਾ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ

ਨਗਰ ਪੰਚਾਇਤ ਦੀਆਂ ਚੋਣਾਂ ਕਾਂਗਰਸ ਸ਼ਾਨੋ-ਸ਼ੌਕਤ ਨਾਲ ਜਿੱਤੇਗੀ: ਕਾਕਾ ਲੋਹਗੜ੍ਹ

ਕੌਟ ਈਸੇ ਖਾਂ, 16 ਮਈ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਨਗਰ ਪੰਚਾਇਤ ਕੌਟ ਈਸੇ ਖਾਂ ਦੀਆਂ 26 ਮਈ ਨੂੰ ਹੋਣ ਜਾ ਰਹੀਆਂ ਚੋਣਾਂ ਲਈ ਵਾਰਡ ਨੰਬਰ 11

ਤੋਂ ਪੂਨਮ ਸ਼ਰਮਾ ਧਰਮ ਪਤਨੀ ਰਜੇਸ਼ ਸ਼ਰਮਾ ਨੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਮੈਂਬਰ ਪੀਪੀਸੀਆਈ ਤੇ ਹਲਕਾ ਧਰਮਕੋਟ ਦੇ ਡੈਲੀਗੇਟ ਕੇ.ਕੇ. ਤਿਵਾੜੀ, ਸੀਨੀਅਰ ਕਾਂਗਰਸੀ ਆਗੂ ਬਲਰਾਮ ਬੱਬੀ ਤੇ ਕਾਂਗਰਸ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਹੇਠ ਐਸ.ਡੀ.ਐਮ. ਦਫਤਰ ਧਰਮਕੋਟ ਵਿਖੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਕਿਹਾ ਕਿ ਨਗਰ ਪੰਚਾਇਤ ਕੌਟ ਈਸੇ ਖਾਂ ਦੀਆਂ 13 ਦੀਆਂ 13 ਸੀਟਾਂ ਕਾਂਗਰਸ ਪਾਰਟੀ ਵੱਡੇ ਬਹੁਮਤ ਨਾਲ ਜਿੱਤੇਗੀ, ਕਿਉਂਕਿ ਇਸ ਸਮੇਂ ਮੌਜੂਦਾ ਸਰਕਾਰ ਤੋਂ ਵੀ ਲੋਕ ਅੱਕ ਚੁੱਕੇ ਹਨ, ਅਕਾਲੀ ਦਲ ਤੇ ਭਾਰਤੀ ਜਨਤਾ ਪਾਰਟੀ ਨੂੰ ਵੀ ਲੋਕ ਪਸੰਦ ਨਹੀਂ ਕਰਦੇ ਹਨ, ਇਸ ਲਈ ਲੋਕਾਂ ਕੋਲ ਇੱਕੋ-ਇੱਕ ਬਦਲ ਕਾਂਗਰਸ ਪਾਰਟੀ ਹੀ ਹੈ ਜੋ ਸ਼ਹਿਰ ਕੌਟ ਈਸੇ ਖਾਂ ਦਾ ਸਰਬਪੱਖੀ ਵਿਕਾਸ ਕਰਵਾ ਸਕਦੀ ਹੈ। ਇਸ ਲਈ ਕੌਟ ਈਸੇ ਖਾਂ ਦੇ ਸੂਝਵਾਨ ਵੋਟਰ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਆਪਣੇ ਸ਼ਹਿਰ ਦਾ ਵਿਕਾਸ ਕਰਵਾਉਣ ਲਈ ਤਤਪਰ ਹੋਣਗੇ। ਇਸ ਮੌਕੇ 'ਤੇ ਰਜੇਸ਼ ਤਿਵਾੜੀ, ਜਗਦੀਸ਼ ਤਿਵਾੜੀ, ਰਮੇਸ਼ ਤਿਵਾੜੀ, ਗੁਰਮੁਖ ਸਿੰਘ, ਗੋਪਾਲ ਗਰਗ ਤੇ ਹੋਰ ਕਾਂਗਰਸੀ ਵੀ ਹਾਜ਼ਰ ਸਨ।

ਪੁਲਿਸ ਵੱਲੋਂ ਨਸ਼ਾ ਤਸਕਰ ਖ਼ਿਲਾਫ਼ ਕਾਰਵਾਈ, ਹੈਰੋਇਨ ਸਮੇਤ ਨੌਜਵਾਨ ਕਾਬੂ

ਧਾਰੀਵਾਲ, 16 ਮਈ (ਅਸ਼ੋਕ ਕੁਮਾਰ): ਐਸ.ਐਚ.ਓ. ਧਾਰੀਵਾਲ ਪਰਮਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਪੁਲਿਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਇੱਕ ਨੌਜਵਾਨ ਨੂੰ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਐਸ.ਐਚ.ਓ. ਪਰਮਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸਬ-ਇੰਸਪੈਕਟਰ ਮੋਨਾ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੇ ਸਬੰਧ ਵਿੱਚ ਬਾਈਪਾਸ ਫਲਾਈਓਵਰ ਨੇੜੇ ਮੌਜੂਦ ਸੀ। ਇਸ ਦੌਰਾਨ ਇੱਕ ਨੌਜਵਾਨ ਪੁਲਿਸ ਨੂੰ ਦੇਖ ਕੇ ਘਬਰਾ ਗਿਆ ਤੇ ਭੱਜਣ ਦੀ ਕੋਸ਼ਿਸ਼ ਕਰਨ ਲੱਗਾ, ਜਿਸਨੂੰ ਪੁਲਿਸ ਨੇ ਤੁਰੰਤ ਕਾਬੂ ਕਰ ਲਿਆ। ਪੁਲਿਸ ਵੱਲੋਂ ਸ਼ੱਕ ਦੇ ਆਧਾਰ 'ਤੇ ਕੀਤੀ ਗਈ ਤਲਾਸ਼ੀ ਦੌਰਾਨ ਉਸਦੇ ਕੋਲੋਂ ਇੱਕ ਸਿਲਵਰ ਰੰਗ ਦੀ ਪੰਨੀ ਬ੍ਰਾਮਦ ਹੋਈ, ਜਿਸ ਵਿੱਚੋਂ ਹੈਰੋਇਨ ਮਿਲੀ। ਪੁਲਿਸ ਨੇ ਮੌਕੇ 'ਤੇ ਲਾਇਟਰ ਤੇ 10 ਰੁਪਏ ਦਾ ਨੋਟ ਵੀ ਬ੍ਰਾਮਦ ਕੀਤਾ ਹੈ, ਜੋ ਨਸ਼ਾ ਵਰਤਣ ਲਈ ਵਰਤੇ ਜਾਂਦੇ ਹਨ। ਮੁਲਜ਼ਮ ਦੀ ਪਛਾਣ ਦੋਸ਼ੀ ਸੁਹੇਲ ਮਸੀਹ ਵਾਸੀ ਫਤਿਹਨੰਗਲ ਵਜੋਂ ਹੋਈ ਹੈ। ਥਾਣਾ ਧਾਰੀਵਾਲ ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ

ਕਾਰਨੀ ਸਰਕਾਰ ਨੇ ਦਿੱਤੀ ਰਾਹਤ, ਹੁਣ ਕੈਨੇਡਾ 'ਚੋਂ ਨਹੀਂ ਕੱਢੇ ਜਾਣਗੇ ਪੰਜਾਬੀ

ਓਟਵਾ, 16 ਮਈ (ਚ.ਨ.ਸ): ਕੈਨੇਡਾ ਤੋਂ ਡਿਪੋਰਟ ਕੀਤੇ ਜਾਣ ਦੇ ਖ਼ਤਰੇ ਵਿੱਚ ਘਿਰੇ ਹਜ਼ਾਰਾਂ ਪੰਜਾਬੀਆਂ ਨੂੰ ਵੱਡੀ ਰਾਹਤ ਮਿਲਦੀ ਨਜ਼ਰ ਆ ਰਹੀ ਹੈ। ਮੀਡੀਆ ਖ਼ਬਰਾਂ ਮੁਤਾਬਿਕ ਮਾਰਕ ਕਾਰਨੀ ਸਰਕਾਰ ਦਾ ਬਿੱਲ ਸ ੈ - 1 2 ਸੰ ਵਿ ਧ ਾ ਨ ਕ ਚੁਣੌਤੀਆਂ ਵਿੱਚ ਉਲਝਦਾ ਮਹਿਸੂਸ ਹੋ ਰਿਹਾ ਹੈ।

ਕੈਨੇਡਾ ਦੇ ਕੋਨੇ-ਕੋਨੇ ਵਿੱਚ ਬੈਠੇ ਇਮੀਗ੍ਰੇਸ਼ਨ ਵਕੀਲਾਂ ਨੇ ਨਵੇਂ ਅਸਾਇਲਮ ਕਾਨੂੰਨ ਵਿਰੁੱਧ ਲਾਮਬੰਦ ਹੁੰਦਿਆਂ ਬਿੱਲ ਸੀ-12 ਵਿਰੁੱਧ ਫ਼ੈਡਰਲ ਅਦਾਲਤਾਂ ਵਿੱਚ ਤਿੰਨ ਦਰਜਨ ਮੁਕੱਦਮੇ ਦਾਇਰ ਕਰ ਦਿੱਤੇ ਹਨ ਤੇ ਇਨ੍ਹਾਂ ਦਾ ਨਿਪਟਾਰਾ ਹੋਣ ਤੱਕ ਨਵੇਂ ਕਾਨੂੰਨ ਅਧੀਨ ਅਯੋਗ ਮੰਨੇ ਵਿਦੇਸ਼ੀ ਨਾਗਰਿਕਾਂ ਨੂੰ ਡਿਪੋਰਟ ਨਹੀਂ ਕੀਤਾ ਜਾ ਸਕੇਗਾ। ਕੈਨੇਡੀਅਨ ਐਸੋਸੀਏਸ਼ਨ ਆਫ਼ ਰਫ਼ਿਊਜੀ ਲਾਅਇਰਜ਼ ਤੇ ਕੈਨੇਡੀਅਨ ਇਮੀਗ੍ਰੇਸ਼ਨ ਲਾਅਇਰਜ਼ ਐਸੋਸੀਏਸ਼ਨ ਵੱਲੋਂ ਮੁਹਿੰਮ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਵਕੀਲਾਂ ਦਾ ਕਹਿਣਾ ਬਿੱਲ ਸੀ-12 ਸਿੱਧੇ ਤੌਰ 'ਤੇ ਕੈਨੇਡਾ ਦੇ ਚਾਰਟਰ ਆਫ਼ ਰਾਈਟਸ ਐਂਡ ਫ਼ਰੀਡਮਜ਼ ਦੀ ਉਲੰਘਣਾ ਕਰਦਾ ਹੈ ਪਰ ਲਿਬਰਲ ਸਰਕਾਰ ਕਹਿ ਰਹੀ ਹੈ ਕਿ ਨਵਾਂ ਕਾਨੂੰਨ ਪਨਾਹ ਦੇ ਦਾਅਵਿਆਂ ਦਾ ਬੈਕਲਾਗ ਘਟਾਉਣ ਵਿੱਚ ਮਦਦ ਕਰੇਗਾ ਤੇ ਵਿਦੇਸ਼ੀ ਨਾਗਰਿਕ ਅਸਾਇਲਮ ਸਿਸਟਮ ਦੀ ਦੁਰਵਰਤੋਂ ਵੀ ਨਹੀਂ ਕਰ ਸਕਣਗੇ। ਇਮੀਗ੍ਰੇਸ਼ਨ ਵਕੀਲਾਂ ਮੁਤਾਬਿਕ ਬਿੱਲ ਸੀ-12 ਹਜ਼ਾਰਾਂ ਲੋਕਾਂ ਨੂੰ ਡਿਪੋਰਟ ਕਰਨ ਦਾ ਰਾਹ ਪੱਧਰ ਕਰਨ ਤੋਂ ਸਿਵਾਏ ਕੁੱਝ ਨਹੀਂ ਕਰਦਾ। ਸੀ.ਬੀ.ਸੀ. ਦੀ ਰਿਪੋਰਟ ਮੁਤਾਬਿਕ ਸੰਵਿਧਾਨਕ ਕਾਨੂੰਨ ਵਿੱਚ ਮੁਹਾਰਤ ਰੱਖਣ ਵਾਲਿਆਂ ਦਾ ਮੰਨਣਾ ਹੈ ਕਿ ਨਵੇਂ ਅਸਾਇਲਮ ਕਾਨੂੰਨ ਵਿਰੁੱਧ ਚੁਣੌਤੀਆਂ ਮਜ਼ਬੂਤੀ ਨਾਲ ਉਭਰ ਰਹੀਆਂ ਹਨ। ਜ਼ਿਕਰਯੋਗ ਹੈ ਕਿ ਪਿਛਲੇ ਮਹੀਨੇ ਕੈਨੇਡਾ ਸਰਕਾਰ ਨੇ 30 ਹਜ਼ਾਰ ਲੋਕਾਂ ਨੂੰ ਚਿੱਠੀਆਂ ਜਾਰੀ ਕਰਦਿਆਂ ਜਲਦ ਤੋਂ ਜਲਦ ਮੁਲਕ ਛੱਡਣ ਦੀ ਹਦਾਇਤ ਦੇ ਦਿੱਤੀ, ਜਿਨ੍ਹਾਂ ਦੀਆ ਅਸਾਇਲਮ ਅਰਜ਼ੀਆਂ 'ਤੇ ਬਿੱਲ ਸੀ-12 ਅਧੀਨ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਗਿਆ। ਚਿੱਠੀਆਂ ਵਿੱਚ ਕਿਹਾ ਗਿਆ ਕਿ ਰਫ਼ਿਊਜੀ ਵਜੋਂ ਤੁਹਾਡਾ ਦਾਅਵਾ ਸੰਭਾਵਿਤ ਤੌਰ 'ਤੇ ਜਾਇਜ਼ ਨਹੀਂ, ਜਿਸ ਦੇ ਮੱਦੇਨਜ਼ਰ ਤੁਹਾਡੀ ਅਰਜ਼ੀ ਇਮੀਗ੍ਰੇਸ਼ਨ ਐਂਡ ਰਫ਼ਿਊਜੀ ਬੋਰਡ ਦੀ ਰਫ਼ਿਊਜੀ ਪ੍ਰੋਟੈਕਸ਼ਨ ਕਮੇਟੀ ਕੋਲ ਨਹੀਂ ਭੇਜੀ ਜਾ ਸਕਦੀ।

ਭਾਰਤੀ ਜਨਤਾ ਪਾਰਟੀ ਨੇ ਨਗਰ ਪੰਚਾਇਤ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ

ਕੋਟ ਈਸੇ ਖਾਂ, 16 ਮਈ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਪੰਜਾਬ ਸਰਕਾਰ ਤੇ ਚੋਣ ਕਮਿਸ਼ਨ ਵੱਲੋਂ ਐਲਾਨੀਆਂ ਤਰੀਕਾਂ ਦੇ ਵਿੱਚ ਨਗਰ ਪੰਚਾਇਤ ਕੋਟ ਈਸੇ ਖਾਂ ਚੋਣਾਂ ਦੇ ਲਈ ਭਾਰਤੀ ਜਨਤਾ ਪਾਰਟੀ ਵੱਲੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਕੈਲਾ ਤੇ ਮੰਡਲ ਪ੍ਰਧਾਨ ਜਗਦੀਸ਼ ਬਾਵਾ ਸਾਬਕਾ ਸਰਪੰਚ ਜਾਣੀਆ ਦੀ ਅਗਵਾਈ ਹੇਠ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਐਸਡੀਐਮ ਦਫਤਰ ਧਰਮਕੋਟ ਵਿਖੇ ਦਾਖਲ ਕਰਵਾ ਦਿੱਤੇ ਗਏ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ਮਸ਼ੇਰ ਸਿੰਘ ਕੈਲਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਲੀਡਰਸ਼ਿਪ ਤੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਯੋਗ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੇ ਸਾਫ-ਸੁਥਰੀ ਛਵੀ ਵਾਲੇ ਉਮੀਦਵਾਰਾਂ ਕਾਰਨ ਤੇ ਲੋਕਲ ਟੀਮ ਦੀ ਮਿਹਨਤ ਦੇ ਨਾਲ ਭਾਰਤੀ ਜਨਤਾ ਪਾਰਟੀ ਕੋਟ ਈਸੇ ਖਾਂ ਦੇ ਵਿੱਚ ਸਾਰੀਆਂ ਐਮਸੀ ਚੋਣਾਂ 'ਤੇ ਜਿੱਤ ਦਰਜ ਕਰੇਗੀ। ਵਰਕਰਾਂ ਦੀ ਮਿਹਨਤ ਨਾਲ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਨੂੰ ਤੇ ਚੋਣ ਨਿਸ਼ਾਨ ਕਮਲ ਦੇ ਫੁੱਲ ਨੂੰ ਘਰ-ਘਰ ਤੱਕ ਪਹੁੰਚਾ ਕੇ ਜਨਤਾ ਦਾ ਭਰੋਸਾ ਹਾਸਲ ਕਰੇਗੀ। ਅੱਜ ਭਾਰਤੀ ਜਨਤਾ ਪਾਰਟੀ ਵੱਲੋਂ ਰਿਟਰਨਿੰਗ ਅਫਸਰ ਧਰਮਕੋਟ ਕੋਲ ਦਾਖਲ ਕੀਤੇ ਗਏ। ਇਸ ਮੌਕੇ ਭਾਰਤੀਯ ਜਨਤਾ ਪਾਰਟੀ ਦੀ ਪੂਰੀ ਟੀਮ ਵੱਲੋਂ ਕੋਟ ਈਸੇ ਖਾਂ ਦੀ ਨਗਰ ਕਮੇਟੀ ਤੇ ਆਰਓ ਟੀਮ ਦੇ ਸਾਫ-ਸੁਥਰੇ ਤੇ ਪਾਰਦਰਸ਼ੀ, ਰਵੱਈਏ ਦੀ ਤਾਰੀਫ਼ ਕੀਤੀ। ਕਾਗਜ਼ ਦਾਖਲ ਕਰਨ ਸਮੇਂ ਭਾਰਤੀ ਜਨਤਾ ਪਾਰਟੀ ਦੇ ਸਾਰੇ ਉਮੀਦਵਾਰ, ਸਰਕਲ ਪ੍ਰਧਾਨ ਜਗਦੀਸ਼ ਕੁਮਾਰ ਜਾਨੀਆ, ਜ਼ਿਲ੍ਹਾ ਵਪਾਰ ਮੋਰਚਾ

ਕਨਵੀਨਰ ਸੁਸ਼ੀਲ ਅਰੋੜਾ, ਜ਼ਿਲ੍ਹਾ ਜਨਰਲ ਸੈਕਟਰੀ ਕਿਸਾਨ ਮੋਰਚਾ ਗੁਰਨਾਮ ਸਿੰਘ ਮਸੀਤਾਂ, ਭਾਜਪਾ ਦੇ ਸੀਨੀਅਰ ਲੀਡਰ ਸੰਜੀਵ ਕੁਮਾਰ ਲਾਲਾ, ਯੁਵਾ ਮੋਰਚਾ ਦੇ ਪ੍ਰਧਾਨ ਗੁਰਬੀਰ ਸਿੰਘ ਰਟੌਲ, ਸੀਨੀਅਰ ਆਗੂ ਵਿਕਾਸ ਗਾਬਾ, ਜਤਿੰਦਰ ਪਲਤਾ ਯੁਵਾ ਮੋਰਚਾ ਪ੍ਰਧਾਨ, ਰੋਹਣ ਬਾਵਾ ਯੁਵਾ ਨੇਤਾ, ਕਮਲ ਸ਼ਰਮਾ, ਜਗਦੀਸ਼ ਭੋਲਾ, ਐਸਸੀ ਮੋਰਚਾ ਦੇ ਪ੍ਰਧਾਨ ਬਲਜਿੰਦਰ ਸਿੰਘ ਨੂਰਪੁਰ ਹਕੀਮਾ, ਮਹਿਲਾ ਮੋਰਚਾ ਪ੍ਰਧਾਨ ਸਤਵੰਤ ਕੌਰ ਚੀਮਾ, ਸੰਜੀਵ ਗੁਪਤਾ, ਸੁਰੇਨ ਸਿੰਘ, ਗੁਰਮੀਤ ਸਿੰਘ ਦੁਲੂ, ਗੁਰਭੇਜ ਸਿੰਘ ਮਸੀਤਾਂ ਤੋਂ ਇਲਾਵਾ ਅਨੇਕਾਂ ਵਰਕਰ ਹਾਜ਼ਰ ਸਨ।

ਲੌਡਿਡ ਗੰਨ ਸਣੇ ਪੰਜਾਬੀ ਨੌਜਵਾਨ ਗ੍ਰਿਫ਼ਤਾਰ, ਹੋਵੇਗੀ ਸਖ਼ਤ ਕਾਰਵਾਈ

ਸਰੀ (ਕੈਨੇਡਾ), 16 ਮਈ (ਚ.ਨ.ਸ): ਕੈਨੇਡਾ ਦੇ ਸਰੀ ਸ਼ਹਿਰ ਵਿੱਚ ਪੁਲਿਸ ਨੇ ਇੱਕ ਟ੍ਰੈਫਿਕ ਸਟਾਪ ਦੌਰਾਨ ਇੱਕ ਨੌਜਵਾਨ ਨੂੰ ਹਥਿਆਰ ਸਣੇ ਗ੍ਰਿਫ਼ਤਾਰ ਕੀਤਾ ਹੈ। ਸਰੀ ਪੁਲਿਸ ਸਰਵਿਸ ਅਨੁਸਾਰ ਇਹ ਕਾਰਵਾਈ ਸਰੀ ਦੇ ਸਿਟੀ ਸੈਂਟਰ ਇਲਾਕੇ ਵਿੱਚ ਕੀਤੀ ਗਈ। ਜਾਣਕਾਰੀ ਅਨੁਸਾਰ ਰਾਤ ਲਗਭਗ 8 ਵਜੇ 146 ਸਟ੍ਰੀਟ ਤੇ 108 ਐਵੇਨਿਊ ਦੇ ਨੇੜੇ ਪੁਲਿਸ ਅਧਿਕਾਰੀਆਂ ਨੇ ਇੱਕ ਵਾਹਨ ਨੂੰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਦੇ ਸ਼ੱਕ ਵਿੱਚ ਰੋਕਿਆ ਸੀ। ਜਾਂਚ ਦੌਰਾਨ ਪੁਲਿਸ ਨੇ ਵਾਹਨ ਵਿੱਚੋਂ ਇੱਕ ਲੌਡਿਡ ਗੰਨ ਬ੍ਰਾਮਦ ਕੀਤੀ, ਜਿਸ ਤੋਂ ਬਾਅਦ ਵਾਹਨ ਵਿੱਚ ਸਵਾਰ ਇੱਕ ਵਿਅਕਤੀ ਨੂੰ ਤੁਰੰਤ ਹਿਰਾਸਤ ਵਿੱਚ ਲੈ ਲਿਆ ਗਿਆ। ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਦੀ ਪਛਾਣ 24 ਸਾਲਾ ਗੁਰਵਿੰਦਰ ਸਿੰਘ ਵਜੋਂ ਹੋਈ ਹੈ। ਉਸ ਵਿਰੁੱਧ ਹਥਿਆਰਾਂ ਨਾਲ ਸਬੰਧਤ ਕਈ ਗੰਭੀਰ ਧਾਰਾਵਾਂ ਤਹਿਤ ਮਾਮਲੇ ਦਰਜ ਕੀਤੇ ਗਏ ਹਨ, ਜਿਨ੍ਹਾਂ ਵਿੱਚ ਲੌਡਿਡ ਪਾਬੰਦੀਸ਼ੁਦਾ ਜਾਂ ਵਰਜਿਤ ਹਥਿਆਰ ਰੱਖਣਾ, ਛੁਪਾ ਕੇ ਹਥਿਆਰ ਲਿਜਾਣਾ, ਹਥਿਆਰ ਦੀ ਲਾਪ੍ਰਵਾਹੀ ਨਾਲ ਸਟੋਰੇਜ, ਬਿਨਾਂ ਲਾਇਸੈਂਸ ਪਾਬੰਦੀਸ਼ੁਦਾ ਹਥਿਆਰ ਰੱਖਣਾ, ਖ਼ਤਰਨਾਕ ਮਕਸਦ ਲਈ ਹਥਿਆਰ ਰੱਖਣਾ ਆਦਿ ਸ਼ਾਮਲ ਹਨ। ਉਸ 'ਤੇ ਦੋਸ਼ ਹੈ ਕਿ ਇਹ ਜਾਣਦੇ ਹੋਏ ਕਿ ਵਾਹਨ ਵਿੱਚ ਵਰਜਿਤ ਹਥਿਆਰ ਮੌਜੂਦ ਹਨ, ਉਹ ਉਸ 'ਤੇ ਸਵਾਰ ਸੀ। ਪੁਲਿਸ ਅਨੁਸਾਰ ਗੁਰਵਿੰਦਰ ਸਿੰਘ ਫਿਲਹਾਲ ਪੁਲਿਸ ਹਿਰਾਸਤ ਵਿੱਚ ਹੈ ਤੇ ਉਸ ਦੀ ਜ਼ਮਾਨਤ ਦੀ ਸੁਣਵਾਈ ਹੋਣੀ ਅਜੇ ਬਾਕੀ ਹੈ। ਸਰੀ ਪੁਲਿਸ ਵੱਲੋਂ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ਘਰ ਦੇ ਬਾਹਰ ਮਹਿਲਾ ਦੀ ਗੋਲੀਆਂ ਮਾਰ ਕੇ ਹੱਤਿਆ, ਇਲਾਕੇ 'ਚ ਸਨਸਨੀ

ਕਰਨਾਲ, 16 ਮਈ (ਚ.ਨ.ਸ): ਹਰਿਆਣਾ ਦੇ ਕਰਨਾਲ ਜ਼ਿਲ੍ਹੇ ਤੋਂ ਇੱਕ ਬੇਹੱਦ ਮੰਦਭਾਗੀ ਤੇ ਦਿਲ ਕੰਬਾਊ ਖ਼ਬਰ ਸਾਹਮਣੇ ਆਈ ਹੈ, ਜਿੱਥੇ ਸ਼ਹਿਰ ਦੇ ਪੌਸ਼ ਇਲਾਕੇ ਵਿੱਚ ਦਿਨ-ਦਿਹਾੜੇ ਇੱਕ ਮਹਿਲਾ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਪੁਲਿਸ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਇਹ ਖ਼ੂਨੀ ਵਾਰਦਾਤ ਕਰਨਾਲ ਦੇ ਸੈਕਟਰ 9 ਇਲਾਕੇ ਵਿੱਚ ਉਸ ਸਮੇਂ ਵਾਪਰੀ ਜਦੋਂ ਇੱਕ 47 ਸਾਲਾ ਮਹਿਲਾ ਨੂੰ ਉਸ ਦੇ ਘਰ ਦੇ ਬਿਲਕੁਲ ਬਾਹਰ ਨਿਸ਼ਾਨਾ ਬਣਾਉਂਦੇ ਹੋਏ ਸ਼ਰੇਆਮ ਗੋਲੀਆਂ ਮਾਰ ਦਿੱਤੀਆਂ ਗਈਆਂ। ਇਸ ਸਨਸਨੀਖੇਜ਼ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਤੇ ਤਣਾਅ ਦਾ ਮਾਹੌਲ ਬਣ ਗਿਆ ਹੈ। ਸੂਚਨਾ ਮਿਲਦਿਆਂ ਹੀ ਸਥਾਨਕ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਭਾਰੀ ਪੁਲਿਸ ਫੋਰਸ ਸਮੇਤ ਮੌਕੇ 'ਤੇ ਪਹੁੰਚ ਗਏ ਤੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਰਿਪੋਰਟਾਂ ਅਨੁਸਾਰ ਮ੍ਰਿਤਕ ਮਹਿਲਾ ਦੀ ਪਛਾਣ ਡਿੰਪਲ ਅਰੋੜਾ ਵਜੋਂ ਹੋਈ ਹੈ। ਉਹ ਉਤਰ ਹਰਿਆਣਾ ਬਿਜਲੀ ਵਿਤਰਨ ਨਿਗਮ ਦੇ ਸੈਕਟਰ 12 ਸਥਿਤ ਦਫ਼ਤਰ ਵਿੱਚ ਮੁਲਾਜ਼ਮ ਵਜੋਂ ਤਾਇਨਾਤ ਸੀ ਤੇ ਰੋਜ਼ਾਨਾ ਦੀ ਤਰ੍ਹਾਂ ਡਿਊਟੀ 'ਤੇ ਗਈ ਹੋਈ ਸੀ। ਸ਼ੁੱਕਰਵਾਰ ਨੂੰ ਦੁਪਹਿਰ ਵੇਲੇ ਜਦੋਂ ਦਫ਼ਤਰ ਵਿੱਚ ਲੰਚ ਬ੍ਰੇਕ (ਦੁਪਹਿਰ ਦੇ ਖਾਣੇ ਦੀ ਛੁੱਟੀ) ਹੋਈ ਤਾਂ ਡਿੰਪਲ ਅਰੋੜਾ ਖਾਣਾ ਖਾਣ ਲਈ ਆਪਣੇ ਟੂ-ਵ੍ਹੀਲਰ 'ਤੇ ਸਵਾਰ ਹੋ ਕੇ ਸੈਕਟਰ 9 ਸਥਿਤ ਆਪਣੀ ਰਿਹਾਇਸ਼ 'ਤੇ ਵਾਪਸ ਪਰਤੀ ਸੀ। ਪਰ ਉਸ ਨੂੰ ਇਸ ਗੱਲ ਦਾ ਬਿਲਕੁਲ ਵੀ ਅੰਦਾਜ਼ਾ ਨਹੀਂ ਸੀ ਕਿ ਕੋਈ ਮੌਤ ਦੇ ਰੂਪ ਵਿੱਚ ਉਸ ਦਾ ਪਿੱਛਾ ਕਰ ਰਿਹਾ ਹੈ। ਜਿਵੇਂ ਹੀ ਉਹ ਆਪਣੇ ਘਰ ਦੇ ਬਾਹਰ ਪਹੁੰਚੀ ਤਾਂ ਘਾਤ ਲਗਾ ਕੇ ਬੈਠੇ ਹਮਲਾਵਰ ਨੇ ਇਸ ਖ਼ੂਨੀ ਖੇਡ ਨੂੰ ਅੰਜਾਮ ਦੇ ਦਿੱਤਾ।

ਚਾਰਧਾਮ ਯਾਤਰਾ ਦੌਰਾਨ 25 ਦਿਨਾਂ 'ਚ 40 ਸ਼ਰਧਾਲੂਆਂ ਦੀ ਮੌਤ, ਕੇਦਾਰਨਾਥ 'ਚ ਹੋਈਆਂ ਸਭ ਤੋਂ ਵੱਧ ਮੌਤਾਂ

ਨਵੀਂ ਦਿੱਲੀ, 16 ਮਈ (ਚ.ਨ.ਸ): ਚਾਰ ਧਾਮ ਯਾਤਰਾ ਵਿੱਚ ਸ਼ਾਮਲ ਹੋਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਨਵੇਂ ਰਿਕਾਰਡ ਕਾਇਮ ਕਰ ਰਹੀ ਹੈ। 19 ਅਪ੍ਰੈਲ ਨੂੰ ਯਾਤਰਾ ਸ਼ੁਰੂ ਹੋਣ ਤੋਂ ਬਾਅਦ, 13 ਮਈ ਤੱਕ, 12 ਲੱਖ ਸ਼ਰਧਾਲੂ ਚਾਰ ਪਵਿੱਤਰ ਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਹਾਲਾਂਕਿ, ਯਾਤਰਾ ਦੌਰਾਨ ਮੌਤਾਂ ਦੀ ਗਿਣਤੀ ਵੀ ਲਗਾਤਾਰ ਵੱਧ ਰਹੀ ਹੈ। ਸਟੇਟ ਐਮਰਜੈਂਸੀ ਆਪ੍ਰੇਸ਼ਨ ਸੈਂਟਰ ਵੱਲੋਂ 14 ਮਈ ਨੂੰ ਸਵੇਰੇ 10 ਵਜੇ ਜਾਰੀ ਕੀਤੀ ਗਈ ਇੱਕ ਰਿਪੋਰਟ ਦੇ ਅਨੁਸਾਰ ਚਾਰਧਾਮ ਯਾਤਰਾ ਦੌਰਾਨ ਹੁਣ ਤੱਕ 40 ਸ਼ਰਧਾਲੂਆਂ ਦੀ ਮੌਤ ਹੋ ਚੁੱਕੀ ਹੈ। ਕੇਦਾਰਨਾਥ ਵਿੱਚ ਸਭ ਤੋਂ ਵੱਧ 22 ਮੌਤਾਂ ਦਰਜ ਕੀਤੀਆਂ ਗਈਆਂ। ਬਦਰੀਨਾਥ ਵਿੱਚ ਸੱਤ, ਯਮੁਨੋਤਰੀ ਵਿੱਚ ਛੇ ਤੇ ਗੰਗੋਤਰੀ ਵਿੱਚ ਪੰਜ ਸ਼ਰਧਾਲੂਆਂ ਦੀ ਮੌਤ ਹੋ ਗਈ। ਸਰਕਾਰ ਬਿਹਤਰ ਸਿਹਤ ਸਹੂਲਤਾਂ ਤੇ ਡਾਕਟਰੀ ਤਿਆਰੀ ਦਾ ਦਾਅਵਾ

ਕਰਦੀ ਰਹਿੰਦੀ ਹੈ, ਪਰ ਮੌਤਾਂ ਦੀ ਵੱਧਦੀ ਗਿਣਤੀ ਰਸਤੇ ਵਿੱਚ ਗੰਭੀਰ ਸਿਹਤ ਚੁਣੌਤੀਆਂ ਤੇ ਉਚਾਈ ਨਾਲ ਜੁੜੀਆਂ ਮੁਸ਼ਕਿਲਾਂ ਨੂੰ ਉਜਾਗਰ ਕਰਦੀ ਹੈ। ਸਿਹਤ ਵਿਭਾਗ ਦਾ ਕਹਿਣਾ ਹੈ ਕਿ ਜ਼ਿਆਦਾਤਰ ਮੌਤਾਂ ਦਿਲ ਦੇ ਦੌਰੇ, ਉਚਾਈ ਵਾਲੀ ਬਿਮਾਰੀ, ਹਾਈਪਰਟੈਨਸ਼ਨ ਤੇ ਹੋਰ ਸਿਹਤ ਕਾਰਨਾਂ ਕਰਕੇ ਹੋਈਆਂ ਹਨ। ਯਾਤਰਾ ਦਾ ਰਸਤਾ ਉਚਾਈ ਵਾਲੇ ਖੇਤਰਾਂ ਵਿੱਚੋਂ ਲੰਘਦਾ ਹੈ, ਜਿੱਥੇ ਘੱਟ ਆਕਸੀਜਨ ਦੇ ਪੱਧਰ ਤੇ ਲਗਾਤਾਰ ਚੜ੍ਹਾਈ ਕਾਰਨ ਬਜ਼ੁਰਗਾਂ ਤੇ ਪਹਿਲਾਂ ਤੋਂ ਹੀ ਬਿਮਾਰ ਯਾਤਰੀਆਂ ਦੀ ਸਿਹਤ ਵਿਗੜਨ ਦੇ ਮਾਮਲੇ ਸਾਹਮਣੇ ਆ ਰਹੇ ਹਨ। ਸਿਹਤ ਮੰਤਰੀ ਦੇ ਅਨੁਸਾਰ ਤੀਰਥ ਯਾਤਰਾ ਦੇ ਰਸਤੇ 'ਤੇ 47 ਹਸਪਤਾਲ ਸਥਾਪਤ ਕੀਤੇ ਗਏ ਹਨ। ਇਸ ਤੋਂ ਇਲਾਵਾ ਲਗਭਗ 2,820 ਸਿਹਤ ਕਰਮਚਾਰੀ ਤੇ 400 ਡਾਕਟਰ ਵੱਖ-ਵੱਖ ਸਟਾਪਾਂ 'ਤੇ ਤਾਇਨਾਤ ਕੀਤੇ ਗਏ ਹਨ।

ਅਣ-ਅਧਿਕਾਰਤ ਤੌਰ 'ਤੇ ਖਰੀਦ ਤੇ ਸਟੋਰ ਕੀਤੀਆਂ ਖਾਦਾਂ ਤੇ ਕੀੜੇਮਾਰ ਦਵਾਈਆਂ ਸਬੰਧੀ ਐਫ.ਆਈ.ਆਰ. ਦਰਜ

ਫਾਜ਼ਿਲਕਾ, 16 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਖੇਤੀਬਾੜੀ ਮੰਤਰੀ, ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਯੋਗ ਅਗਵਾਈ ਹੇਠ, ਮਾਣਯੋਗ ਡਿਪਟੀ ਕਮਿਸ਼ਨਰ ਫ਼ਾਜ਼ਿਲਕਾ, ਅਮਰਪ੍ਰੀਤ ਕੌਰ ਸੰਧੂ ਤੇ ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਤੇ ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਡਾ. ਹਰਬੰਸ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਮਿਤੀ 14 ਮਈ 2026 ਨੂੰ ਡਾ. ਸ਼ਿਸ਼ਪਲ ਗੌਦਾਰਾ, ਸਹਾਇਕ



ਪੌਦਾ ਸੁਰੱਖਿਆ ਅਫਸਰ ਅਬੋਹਰ ਸਮੇਤ ਵਿਕਰਾਂਤ ਇੰਸੈਕਟੀਸਾਈਡ ਇੰਸਪੈਕਟਰ ਅਬੋਹਰ, ਅਜੇਪਾਲ ਖਾਦ ਇੰਸਪੈਕਟਰ ਅਬੋਹਰ ਤੇ ਬਲਾਕ ਦੀ ਟੀਮ ਵੱਲੋਂ ਵਿਜੇ ਕੰਬੋਜ ਪੁੱਤਰ ਲੇਖਰਾਜ ਵਾਸੀ ਢਾਣੀ ਕਰਨੈਲ, ਤਹਿਸੀਲ ਅਬੋਹਰ ਪਾਸੋਂ ਅਣਅਧਿਕਾਰਤ ਤੌਰ 'ਤੇ ਖਰੀਦ ਕੀਤੀਆਂ ਤੇ ਸਟੋਰ ਕੀਤੀਆਂ ਖਾਦਾਂ ਤੇ ਕੀੜੇਮਾਰ ਦਵਾਈਆਂ ਦੇ ਸਬੰਧ ਵਿੱਚ ਨਵੀਂ ਅਨਾਜ ਮੰਡੀ ਅਬੋਹਰ ਵਿੱਚ ਮੌਜੂਦ ਦੁਕਾਨ ਨੰਬਰ 77 ਉਪਰ ਰੇਡ ਕੀਤੀ ਗਈ ਤੇ ਇਸ ਰੇਡ ਦੌਰਾਨ ਖਾਦ ਦੇ ਆਈਪੀਐਲ-5ਜੀ 400/1 ਲਿਟਰ ਤੇ ਗ੍ਰਿਫਿਨ 144/4 ਕਿਲੋ ਸਟਾਕ ਤੇ ਪੈਸਟੀਸਾਈਡ ਦੇ ਕਾਰਟੈਪ ਹਾਈਡਰੋਕਲੋਰਾਈਡ 4 ਫੀਸਦੀ ਜੀ ਆਰ ਦੇ 199/5 ਕਿਲੋ ਹਰੇਕ + 4 ਕਿਲੋ ਤੇ 250 ਗ੍ਰਾਮ ਨੂੰ ਸੈਂਪਲਿੰਗ ਤੋਂ ਬਾਅਦ ਸੀਜ਼ ਕੀਤਾ ਗਿਆ। ਖਾਦਾਂ ਤੇ ਦਵਾਈਆਂ ਨੂੰ ਅਣ-ਅਧਿਕਾਰਤ ਤਰੀਕੇ ਨਾਲ ਸਟੋਰ ਕਰਨ ਕਰਕੇ ਉਕਤ ਵਿਅਕਤੀ ਵਿਜੇ ਕੰਬੋਜ ਪੁੱਤਰ ਲੇਖ ਰਾਜ ਵਾਸੀ ਢਾਣੀ ਕਰਨੈਲ ਤਹਿਸੀਲ ਅਬੋਹਰ ਤੇ ਐਫਆਈਆਰ ਨੰਬਰ 0148 ਮਿਤੀ 15.05.2026 ਦਰਜ ਹੋਈ ਹੈ, ਜੋ

ਐਨ.ਓ.ਸੀ. ਨਾ ਮਿਲਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨ ਹੋਣਾ ਪੈ ਰਿਹੈ : ਦੀਵਾਨ

ਲੁਧਿਆਣਾ, 16 ਮਈ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਉੱਪਰ ਲੋਕਾਂ ਨੂੰ ਐਨ.ਓ.ਸੀ. ਨਾ ਜਾਰੀ ਕਰਕੇ ਪਰੇਸ਼ਾਨ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਇੱਕ ਤਿੱਖੇ ਬਿਆਨ ਵਿੱਚ ਦੀਵਾਨ ਨੇ ਕਿਹਾ ਕਿ ਸਥਾਨਕ ਸਰਕਾਰਾਂ ਮੰਤਰੀ ਵੱਲੋਂ 31 ਮਾਰਚ, 2026 ਤੱਕ ਸਾਰੀਆਂ ਬਕਾਇਆ ਐਨ.ਓ.ਸੀ. ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਲੇਕਿਨ ਹਾਲੇ ਵੀ ਬਕਾਇਆ ਕੇਸਾਂ ਦਾ ਢੇਰ ਜਿਉਂ ਦਾ ਤਿਉਂ ਬਣਿਆ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਇਹ ਵਾਅਦਾ ਖੋਖਲਾ ਸਾਬਤ ਹੋਇਆ ਹੈ ਅਤੇ ਹਜ਼ਾਰਾਂ ਲੋਕ ਸਰਕਾਰੀ ਲਾਪਰਵਾਹੀ ਕਾਰਨ ਦਫ਼ਤਰੀ ਚੱਕਰਾਂ ਵਿੱਚ ਫਸੇ ਹੋਏ ਹਨ।ਦੀਵਾਨ ਨੇ ਗਲਾਡਾ ਤੋਂ ਤੁਰੰਤ ਜਵਾਬਦੇਹੀ ਦੀ ਮੰਗ ਕਰਦਿਆਂ, ਇਸ ਸਥਿਤੀ ਨੂੰ ਲੋਕਾਂ ਦੇ ਭਰੋਸੇ ਨਾਲ ਧੋਖਾ ਕਰਾਰ ਦਿੱਤਾ ਹੈ ਅਤੇ ਅਧਿਕਾਰੀਆਂ ਨੂੰ ਖਾਲੀ ਮਿਆਦਾਂ ਦੇਣ ਦੀ ਬਜਾਏ ਢੁਕਵੇਂ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਲਾਜ਼ਮੀ ਐਨ.ਓ.ਸੀ. ਨਾ ਹੋਣ ਕਾਰਨ ਲੋਕ ਆਪਣੀਆਂ ਜਾਇਦਾਦਾਂ ਦੀਆਂ ਰਜਿਸਟਰੀਆਂ ਨਹੀਂ ਕਰਵਾ ਸਕਦੇ ਹਨ ਅਤੇ ਦਫ਼ਤਰੀ ਜੰਜਾਲ ਵਿੱਚ ਫਸੇ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਗਲਾਡਾ ਢੰਗ ਨਾਲ ਕੰਮ ਕਰੇ ਅਤੇ ਸਮੇਂ ਸਿਰ ਐਨ.ਓ.ਸੀ. ਜਾਰੀ ਕਰੇ, ਤਾਂ ਇਸ ਨਾਲ ਨਾ ਸਿਰਫ ਲੋਕਾਂ ਦੀ ਪਰੇਸ਼ਾਨੀ ਘਟੇਗੀ, ਸਗੋਂ ਗਲਾਡਾ ਨੂੰ ਵੀ ਵੱਡੀ ਆਮਦਨ ਹੋਵੇਗੀ। ਦੀਵਾਨ ਨੇ ਕਿਹਾ ਕਿ ਐਨ.ਓ.ਸੀ. ਨਾ ਮਿਲਣ ਕਾਰਨ ਰਜਿਸਟਰੀਆਂ ਨਹੀਂ ਹੋ ਰਹੀਆਂ ਹਨ ਅਤੇ ਲੋਕਾਂ ਵੱਲੋਂ ਮੁਸ਼ਕਲ ਸਮੇਂ ਲਈ ਖਰੀਦੀ ਗਈ ਜ਼ਮੀਨ ਵੀ ਉਨ੍ਹਾਂ ਦੇ ਕੰਮ ਨਹੀਂ ਆ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਗਲਾਡਾ ਦੇ ਅਧੀਨ ਆਉਂਦੀਆਂ ਕਈ ਪੁਰਾਣੀਆਂ ਕਾਲੋਨੀਆਂ ਦੇ ਵਸਨੀਕਾਂ ਨੂੰ ਲਾਜ਼ਮੀ ਐਨ.ਓ.ਸੀ. ਨਾ ਹੋਣ ਕਾਰਨ ਬਿਜਲੀ ਕੁਨੈਕਸ਼ਨ ਤੱਕ ਨਹੀਂ ਮਿਲ ਰਹੇ।ਦੀਵਾਨ ਨੇ ਯਾਦ ਦਿਵਾਇਆ ਕਿ ਤਤਕਾਲੀ ਸਥਾਨਕ ਸਰਕਾਰਾਂ ਮੰਤਰੀ ਨੇ ਵੀ ਮੰਨਿਆ ਸੀ ਕਿ ਐਨ.ਓ.ਸੀ. ਦੇ ਕੇਸ ਲੱਗਭੱਗ ਦੋ ਸਾਲਾਂ ਤੋਂ ਲੰਬਿਤ ਪਏ ਹਨ, ਜਿਸ ਕਾਰਨ ਲੋਕ ਪਰੇਸ਼ਾਨ ਅਤੇ ਬੇਬਸ ਹੋ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਗਲਾਡਾ ਦੇ ਅਧੀਨ ਆਉਂਦੀਆਂ ਕਈ ਕਾਲੋਨੀਆਂ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਵਾਂਝੀਆਂ ਹਨ। ਇਹ ਬਹੁਤ ਹੀ ਸ਼ਰਮਨਾਕ ਗੱਲ ਹੈ। ਗਲਾਡਾ ਨੂੰ ਆਪਣੀਆਂ ਕਾਲੋਨੀਆਂ ਦੇ ਵਸਨੀਕਾਂ ਨੂੰ ਸੜਕਾਂ, ਪਾਣੀ ਅਤੇ ਸਫ਼ਾਈ ਵਰਗੀਆਂ ਸਹੂਲਤਾਂ ਬਿਨਾਂ ਕਿਸੇ ਦੇਰੀ ਦੇ ਮੁਹੱਈਆ ਕਰਵਾਉਣੀਆਂ ਚਾਹੀਦੀਆਂ ਹਨ।

ਲੁਧਿਆਣਾ ਵਿੱਚ ਜਨਗਣਨਾ 2027 ਦਾ ਪਹਿਲਾ ਪੜਾਅ ਸ਼ੁਰੂ

ਲੁਧਿਆਣਾ, 16 ਮਈ (ਵਿਸ਼ਾਲ ਸ਼ਰਮਾ): ਜਨਗਣਨਾ 2027 ਦੇ ਪਹਿਲੇ ਪੜਾਅ ਦੇ ਤਹਿਤ ਜਿਸ ਵਿੱਚ ਘਰ ਸੂਚੀਕਰਨ ਕਾਰਜ ਅਤੇ ਘਰ ਦੀ ਗਣਨਾ ਸ਼ਾਮਲ ਹੈ ਦਾ ਜ਼ਿਲ੍ਹੇ ਭਰ ਵਿੱਚ ਫੀਲਡ ਵਰਕ 15 ਮਈ ਤੋਂ ਸ਼ੁਰੂ ਹੋ ਗਿਆ ਹੈ ਅਤੇ 13 ਜੂਨ, 2026 ਤੱਕ ਜਾਰੀ ਰਹੇਗਾ। ਇਸ ਸਮੇਂ ਦੌਰਾਨ ਗਿਣਤੀਕਾਰ ਅਤੇ ਸੁਪਰਵਾਈਜ਼ਰ ਵਸਨੀਕਾਂ ਤੋਂ ਜਨਗਣਨਾ ਨਾਲ ਸਬੰਧਤ ਜਾਣਕਾਰੀ ਇਕੱਠੀ ਕਰਨ ਲਈ ਘਰ-ਘਰ ਦਾ ਦੌਰੇ ਕਰਨਗੇ। ਪਹਿਲੇ ਪੜਾਅ ਵਿੱਚ 15 ਮਈ ਤੋਂ 18 ਮਈ ਤੱਕ ਗਿਣਤੀਕਾਰ ਆਪਣੇ ਅਲਾਟ ਕੀਤੇ ਘਰ ਸੂਚੀਕਰਨ ਬਲਾਕਾਂ (ਐਚਐਲਓ) ਲਈ ਕਾਲਪਨਿਕ ਨਕਸ਼ੇ (ਨਜ਼ਰੀ ਨਕਸ਼ੇ) ਤਿਆਰ ਕਰਨਗੇ। ਇਸ ਤੋਂ ਬਾਅਦ 19 ਮਈ ਤੋਂ ਘਰ ਸੂਚੀਕਰਨ ਕਾਰਜ ਸ਼ੁਰੂ ਹੋਣਗੇ ਜਿਸ ਦੌਰਾਨ ਰਿਹਾਇਸ਼ੀ ਸਥਿਤੀਆਂ, ਘਰੇਲੂ ਸੰਪਤੀਆਂ ਅਤੇ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵੇਰਵੇ ਇਕੱਠੇ ਕੀਤੇ ਜਾਣਗੇ। ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਜਨਗਣਨਾ ਅਧਿਕਾਰੀ ਪੂਨਮ ਸਿੰਘ ਦੁਆਰਾ ਚੱਲ ਰਹੇ ਫੀਲਡ ਕਾਰਜਾਂ ਦਾ ਨਿਰੀਖਣ ਕੀਤਾ ਗਿਆ।ਨਿਰੀਖਣ ਦੌਰਾਨ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਨਗਣਨਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਕਿਰਿਆਵਾਂ ਦੀ ਸਖ਼ਤੀ ਨਾਲ ਪਾਲਣਾ ਕਰਦੇ ਹੋਏ ਇਸ ਅਭਿਆਸ ਨੂੰ ਮਿਹਨਤ ਅਤੇ ਕੁਸ਼ਲਤਾ ਨਾਲ ਕਰਨ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਸਲਾਹ ਦਿੱਤੀ ਗਈ ਕਿ ਉਹ ਮੌਜੂਦਾ ਗਰਮੀ ਦੀਆਂ ਸਥਿਤੀਆਂ ਦੇ ਦੌਰਾਨ ਜ਼ਰੂਰੀ ਸਾਵਧਾਨੀਆਂ ਵਰਤਣ ਅਤੇ ਸੁਰੱਖਿਆ ਲਈ ਸਵੇਰ ਅਤੇ ਸ਼ਾਮ ਦੇ ਸਮੇਂ ਦੌਰਾਨ ਖੇਤਰੀ ਕੰਮ ਕਰਨ ਨੂੰ ਤਰਜੀਹ ਦੇਣ।

ਏ.ਡੀ.ਸੀ ਨੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਜਨਗਣਨਾ ਟੀਮਾਂ ਨਾਲ ਪੂਰਾ ਸਹਿਯੋਗ ਕਰਨ ਅਤੇ ਸਹੀ ਜਾਣਕਾਰੀ ਪ੍ਰਦਾਨ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤਾ ਗਿਆ ਸਹੀ ਡਾਟਾ ਹੀ ਵਿਕਾਸੀ ਯੋਜਨਾਵਾਂ, ਬੁਨਿਆਦੀ ਢਾਂਚੇ ਦੇ ਵਿਸਥਾਰ ਅਤੇ ਸਰਕਾਰੀ ਸੇਵਾਵਾਂ ਦੀ ਸੁਧਾਰ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦਾ ਹੈ।ਉਨ੍ਹਾਂ ਜ਼ਿਲ੍ਹੇ ਵਿੱਚ ਜਨਗਣਨਾ 2027 ਦੀਆਂ ਗਤੀਵਿਧੀਆਂ ਨੂੰ ਸੁਚਾਰੂ, ਪ੍ਰਭਾਵਸ਼ਾਲੀ ਅਤੇ ਸਮੇਂ ਸਿਰ ਪੂਰਾ ਕਰਨ ਨੂੰ ਯਕੀਨੀ ਬਣਾਉਣ ਲਈ ਕਾਰਜਾਂ ਦੀ ਪ੍ਰਗਤੀ ਅਤੇ ਗੁਣਵੱਤਾ ਦੀ ਵੀ ਸਮੀਖਿਆ ਕੀਤੀ ਗਈ।

ਹਿਊਮਨ ਰਾਈਟਸ ਕੌਂਸਲ ਵੱਲੋਂ ਲੁਧਿਆਣਾ 'ਚ ਜਨਤਾ ਦਰਬਾਰ ਅੱਜ

ਲੁਧਿਆਣਾ, 16 ਮਈ (ਰਵਿੰਦਰ ਸਿੰਘ ਨਿੱਝਰ):ਹਿਊਮਨ ਰਾਈਟਸ ਕੌਂਸਿਲ ਇੰਡੀਆ ਦੀ ਪੰਜਾਬ ਇਕਾਈ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸੁਣਨ ਲਈ ਇੱਕ ਵਿਸ਼ਾਲ ਜਨਤਾ ਦਰਬਾਰ 17 ਮਈ ਐਤਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ 30 ਬੇਸਮੈਂਟ ਵਿੱਚ ਵਿੱਚ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਕੌਂਸਲ ਦੀ ਪੰਜਾਬ ਇਕਾਈ ਦੇ ਕਾਰਜਕਾਰੀ ਪ੍ਰਧਾਨ ਸਤਵਿੰਦਰ ਸਿੰਘ ਮਠਾੜੂ ਨੇ ਦੱਸਿਆ ਕਿ ਇਸ ਜਨਤਾ ਦਰਬਾਰ ਵਿੱਚ ਹਿਊਮਨ ਰਾਈਟਸ ਕੌਂਸਿਲ ਦੀ ਕੌਮੀ ਪ੍ਰਧਾਨ ਮੈਡਮ ਆਰਤੀ ਰਾਜਪੂਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਇਸ ਸਮਾਗਮ ਵਿੱਚ ਚੰਡੀਗੜ੍ਹ ਤੋਂ ਵੀ ਹਿਊਮਨ ਰਾਈਟਸ ਕੌਂਸਿਲ ਦੇ ਮੈਂਬਰ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਸਦੇ ਨਾਲ ਹੀ ਲੁਧਿਆਣਾ ਤੋਂ ਮਨਜੀਤ ਸਿੰਘ ਅਰੋੜਾ (ਜਨਰਲ ਸਕੱਤਰ- ਹਿਊਮਨ ਰਾਈਟਸ ਕੌਂਸਿਲ ਪੰਜਾਬ) , ਅਤੁਲ ਕਪੂਰ (ਨੈਸ਼ਨਲ ਵਾਈਸ ਪ੍ਰੈਜ਼ੀਡੈਂਟ -ਐਂਟੀ ਕ੍ਰਾਈਮ

ਸੈੱਲ), ਸੁਖਵਿੰਦਰ ਕੌਰ (ਪ੍ਰੈਜ਼ੀਡੈਂਟ-ਵੂਮੈਨ ਸੈੱਲ ਲੁਧਿਆਣਾ), ਕਿਰਨ ਵਧਵਾ (ਵਾਈਸ ਪ੍ਰੈਜ਼ੀਡੈਂਟ- ਵੂਮੈਨ ਸੈੱਲ ਲੁਧਿਆਣਾ), ਰਾਕੇਸ਼ ਕੁਮਾਰ ਗੌਇਲ (ਵਾਈਸ ਪ੍ਰੈਜ਼ੀਡੈਂਟ, ਲੁਧਿਆਣਾ), ਵੀਵੇਕ ਬਕਸ਼ੀ (ਪ੍ਰੈਜ਼ੀਡੈਂਟ- ਲੁਧਿਆਣਾ), ਕਿਰਪਾਲ ਸਿੰਘ ਸਹਾਰਾ (ਪ੍ਰੈਜ਼ੀਡੈਂਟ- ਕਿਸਾਨ ਸੈੱਲ), ਪ੍ਰਿੰਸੀਪਲ ਗੁਰਨੇਜ ਸਿੰਘ (ਪ੍ਰੈਜ਼ੀਡੈਂਟ- ਐਜੂਕੇਸ਼ਨ ਸੈੱਲ), ਕ੍ਰਿਸ਼ਨ ਕੁਮਾਰ (ਪ੍ਰੈਜ਼ੀਡੈਂਟ, ਬਿਜ਼ਨਸ ਸੈੱਲ), ਜਗਜੀਤ ਸਿੰਘ ਬੱਬਰ (ਸਕੱਤਰ-ਲੁਧਿਆਣਾ), ਜਸਬੀਰ ਸਿੰਘ ਨਾਮਧਾਰੀ (ਸਕੱਤਰ, ਲੁਧਿਆਣਾ) ਵੀ ਮੌਜੂਦ ਹੋਣਗੇ।

ਸਮਾਗਮ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ, ਸ਼ਿਕਾਇਤਾਂ ਅਤੇ ਦੁੱਖ-ਤਕਲੀਫਾਂ ਨੂੰ ਸੁਣ ਕੇ ਉਹਨਾਂ ਦਾ ਯੋਗ ਹੱਲ ਕਰਨ ਲਈ ਸਹਿਯੋਗ ਪ੍ਰਦਾਨ ਕਰਨਾ ਹੈ। ਹਿਊਮਨ ਰਾਈਟਸ ਕੌਂਸਿਲ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜਿਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮਾਜਿਕ, ਪ੍ਰਸ਼ਾਸਨਿਕ ਜਾਂ ਹੋਰ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਹ ਆਪਣੀਆਂ ਸ਼ਿਕਾਇਤਾਂ ਸਮੇਤ ਜਨਤਾ ਦਰਬਾਰ ਵਿੱਚ ਪਹੁੰਚਣ ਤਾਂ ਜੋ ਉਹਨਾਂ ਦੀ ਸਮੱਸਿਆ ਦਾ ਸਹੀ ਤਰੀਕੇ ਨਾਲ ਨਿਪਟਾਰਾ ਕਰਨ ਲਈ ਕੌਂਸਿਲ ਵੱਲੋਂ ਮੱਦਦ ਕੀਤੀ ਜਾ ਸਕੇ।

ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ 27 ਨੂੰ

ਲੁਧਿਆਣਾ, 16 ਮਈ (ਰਵਿੰਦਰ ਸਿੰਘ ਨਿੱਝਰ): ਬਾਬਾ ਵਿਸ਼ਵਕਰਮਾ ਨਿਸ਼ਕਾਮ ਸੇਵਾ ਟਰੱਸਟ ਅਤੇ ਸਮੂਹ ਸੰਗਤ ਵੱਲੋਂ ਬਾਬਾ ਵਿਸ਼ਵਕਰਮਾ ਭਵਨ, ਗੁਰਦੁਆਰਾ ਸਾਹਿਬ, ਗਲੀ ਨੰਬਰ ਤਿੰਨ, ਸ਼ਿਮਲਾਪੁਰੀ, ਲੁਧਿਆਣਾ ਵਿਖੇ ਅੱਖਾਂ ਦੀ ਜਾਂਚ ਅਤੇ ਆਪਰੇਸ਼ਨ ਦਾ ਮੁਫਤ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰੱਸਟ ਦੇ ਪ੍ਰਧਾਨ ਬਲਬੀਰ ਸਿੰਘ ਕਲਸੀ, ਡਾ ਓਂਕਾਰ ਚੰਦ ਸ਼ਰਮਾ ਅਤੇ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ ਦੇ ਡਾਕਟਰਾਂ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਮੁਫਤ ਜਾਂਚ ਕੀਤੀ ਜਾਵੇਗੀ ਅਤੇ ਚਿੱਟੇ ਮੋਤੀਏ ਦੇ ਅਪਰੇਸ਼ਨ ਵੀ ਬਾਅਦ ਵਿੱਚ ਹਸਪਤਾਲ ਲਿਜਾ ਕੇ ਮੁਫਤ ਕੀਤੇ ਜਾਣਗੇ। ਉਹਨਾਂ ਮਰੀਜ਼ਾਂ ਨੂੰ ਆਪਣਾ ਆਧਾਰ ਕਾਰਡ ਨਾਲ ਲੈ ਕੇ ਆਉਣ ਦੀ ਬੇਨਤੀ ਕੀਤੀ ਹੈ।

ਰਾਮਗੜ੍ਹੀਆ ਸਕੂਲ ਵਿਖੇ ਐਨ.ਸੀ.ਸੀ. ਦੇ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਵੰਡੇ

ਲੁਧਿਆਣਾ, 16 ਮਈ (ਰਵਿੰਦਰ ਸਿੰਘ ਨਿੱਝਰ): ਰਾਮਗੜ੍ਹੀਆ ਸੀਨੀਅਰ ਸੈਕੰਡਰੀ ਸਕੂਲ ਮਿਲਰਗੰਜ ਲੁਧਿਆਣਾ ਵਿਖੇ ਤਿੰਨ ਪੀਐਨ.ਬੀਐਨ. ਐਨਸੀਸੀ ਦੇ ਕਮਾਂਡਿੰਗ ਅਫਸਰ ਕਰਨਲ ਜੇਪੀ ਕੌਹਲੀ ਅਤੇ ਪ੍ਰਸ਼ਾਸਕੀ ਅਫਸਰ ਜੇਪੀ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਸੂਬੇਦਾਰ ਮੇਜਰ ਕਰਨੈਲ ਸਿੰਘ ਦੀ ਅਗਵਾਈ ਵਿੱਚ ਐਨਸੀਸੀ ਦੇ ਵਿਦਿਆਰਥੀਆਂ ਨੂੰ 'ਏ' ਕੋਰਸ ਪਾਸ ਕਰਨ 'ਤੇ ਪ੍ਰਮਾਣ ਪੱਤਰ ਦਿੱਤੇ ਗਏ। ਇਸ ਮੌਕੇ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ, ਸਕੂਲ ਦੇ ਐਨਸੀਸੀ ਅਫਸਰ ਪਰਮਜੀਤ ਸਿੰਘ ਅਤੇ ਸੂਬੇਦਾਰ ਰਸ਼ਪਾਲ ਸਿੰਘ ਸਮੇਤ ਸਕੂਲ ਦੀ ਅਧਿਆਪਕਾ ਗੁਰਪ੍ਰੀਤ ਕੌਰ ਆਦਿ ਵੀ ਮੌਜੂਦ ਸਨ।

ਮਨੀਸ਼ ਤਿਵਾੜੀ ਅਤੇ ਪਵਨ ਦੀਵਾਨ ਅੱਜ ਆਸਟ੍ਰੇਲੀਆ ਪਹੁੰਚਣਗੇ : ਅਸ਼ਵਨੀ



ਲੁਧਿਆਣਾ, 16 ਮਈ (ਰਵਿੰਦਰ ਸਿੰਘ ਨਿੱਝਰ): ਮਿਸ਼ਨ 2027 ਲਈ ਪੰਜਾਬ ਵਿਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਕਾਂਗਰਸ ਪਾਰਟੀ ਦੇ ਮੁੱਖ ਬੁਲਾਰੇ ਤੇ ਚੰਡੀਗੜ੍ਹ ਦੇ ਮੇਂਬਰ ਪਾਰਲੀਮੈਂਟ ਮਨੀਸ਼ ਤਿਵਾੜੀ ਅੱਜ ਆਸਟ੍ਰੇਲੀਆ ਪਹੁੰਚ ਰਹੇ ਹਨ। ਉਹਨਾਂ ਦੇ ਨਾਲ ਪੰਜਾਬ ਲਾਰਜ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਵੀ ਅੱਜ ਆਸਟ੍ਰੇਲੀਆ ਆ ਰਹੇ ਹਨ, ਜਿੱਥੇ ਓਹਨਾਂ ਦਾ ਇੰਡੀਅਨ ਓਵਰਸੀਜ਼ ਦੇ ਸੀਨੀਅਰ ਆਗੂ ਅਸ਼ਵਨੀ ਬਾਵਾ ਅਤੇ ਰਵਿੰਦਰ ਰਵੀ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਜਾਵੇਗਾ। ਬਾਵਾ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਪ੍ਰਵਾਸੀਆਂ ਦੇ ਮਸਲੇ ਮੁਨੀਸ਼ ਤਿਵਾੜੀ ਦੇ ਧਿਆਨ ਵਿਚ ਲਿਆਂਦੇ ਜਾਣਗੇ ਅਤੇ ਪੰਜਾਬ ਵਿੱਚ ਕਾਂਗਰਸ ਨੂੰ ਵੱਡੇ ਤੋਂ ਵੱਡੇ ਫਰਕ ਨਾਲ ਜਿਤਾਉਣ ਲਈ ਪ੍ਰਵਾਸੀਆਂ ਵੱਲੋਂ ਪਾਏ ਜਾਣ ਵਾਲੇ ਯੋਗਦਾਨ ਬਾਰੇ ਵੀ ਵਿਚਾਰਾਂ ਕੀਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਅਸੀਂ ਸ੍ਰੀ ਤਿਵਾੜੀ ਨੂੰ ਭਰੋਸਾ ਵੀ ਦਿਵਾਵਾਂਗੇ ਕਾਂਗਰਸ ਦੀ ਸਰਕਾਰ ਪੰਜਾਬ ਵਿਚ ਬਣਾਉਣ ਲਈ ਕਾਂਗਰਸ ਪਾਰਟੀ ਦੀ ਪ੍ਰਵਾਸੀ ਭਾਰਤੀਆਂ ਵੱਲੋਂ ਹਰ ਸੰਭਵ ਮੱਦਦ ਕੀਤੀ ਜਾਵੇਗੀ, ਤਾਂ ਜੋ ਕਾਂਗਰਸ ਦੀ ਪੰਜਾਬ ਵਿਚ ਸਰਕਾਰ ਬਣਾ ਕੇ ਪ੍ਰਵਾਸੀਆਂ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕੀਤੇ ਜਾ ਸਕਣ।

ਸ਼ਹੀਦ ਸੁਖਦੇਵ ਦੇ ਜਨਮ ਦਿਨ ਮੌਕੇ ਮਨੁੱਖੀ ਬਰਾਬਰੀ ਵਾਲਾ ਸਮਾਜ ਸਿਰਜਣ ਦਾ ਪ੍ਰਣ ਦੁਹਰਾਇਆ

ਲੁਧਿਆਣਾ, 16 ਮਈ (ਰਵਿੰਦਰ ਸਿੰਘ ਨਿੱਝਰ) : ਸ਼ਹੀਦ ਸੁਖਦੇਵ ਦਾ ਜਨਮ ਦਿਨ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਜੋਸੋ ਖਰੋਸ਼ ਨਾਲ ਮਨਾਇਆ ਗਿਆ। ਇੱਥੇ ਸਥਾਪਤ ਸ਼ਹੀਦਾਂ ਦੇ ਬੁੱਤਾਂ ਨੂੰ ਹਾਰ ਪਹਿਨਾਉਂਦਿਆਂ ਉਹਨਾਂ ਦੇ ਵਿਚਾਰਾਂ ਦੀ ਆਜ਼ਾਦੀ ਦੇਸ਼ ਵਿੱਚ ਲਾਗੂ ਕਰਨ ਦਾ ਸੰਕਲਪ ਦੁਹਰਾਉਂਦਿਆਂ ਨੌਜਵਾਨ ਸਭਾ ਸਮੇਤ ਵੱਖ ਵੱਖ ਜੱਥੇਬੰਦੀਆਂ ਦੇ ਕਾਰਕੁੰਨਾਂ ਨੇ ਮੌਜੂਦਾ ਸਰਕਾਰਾਂ ਦੇ ਲੋਕ ਵਿਰੋਧੀ ਇਰਾਦਿਆਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਸਰਕਾਰ ਵੱਲੋਂ ਮਹਿੰਗਾਈ ਨੂੰ ਨੱਥ ਪਾਉਣ ਦੀ ਥਾਂ ਕਾਰਪੋਰੇਟਾਂ ਨੂੰ ਲੋਕਾਂ ਦੀ ਲੁੱਟ ਕਰਨ ਲਈ ਦਿੱਤੀਆਂ ਜਾ ਰਹੀਆਂ ਖੁਲ੍ਹਾਂ ਦਾ ਸਖ਼ਤ ਵਿਰੋਧ ਜ਼ਾਹਰ ਕੀਤਾ ਗਿਆ। ਕੇਂਦਰ ਸਰਕਾਰ ਦੀ ਸਰਪ੍ਰਸਤੀ ਹੇਠ ਬੰਗਾਲ ਵਿਖੇ ਲੋਕਾਂ ਉੱਪਰ ਧਰਮ ਅਧਾਰਤ ਵਿੱਢੇ ਫਾਸੀ ਹਮਲੇ ਅਤੇ ਕਾ ਲੈਨਿਨ ਦੇ ਬੁੱਤ ਤੋੜਨ ਦੀ ਵੀ ਘਟਨਾ ਦਾ ਸਖ਼ਤ ਵਿਰੋਧ ਦਰਜ ਕਰਵਾਇਆ ਗਿਆ। ਇਸ ਮੌਕੇ ਸ਼ਹੀਦ ਸੁਖਦੇਵ ਨੂੰ ਯਾਦ ਕਰਦਿਆਂ ਉਹਨਾਂ ਦੇ ਸਾਥੀਆਂ ਸ਼ਹੀਦ ਭਗਤ ਸਿੰਘ ਅਤੇ ਰਾਜਗੁਰੂ ਵੱਲੋਂ ਦੇਸ਼ ਵਿੱਚੋਂ ਸਾਮਰਾਜੀ ਲੁੱਟ ਖ਼ਿਲਾਫ਼ ਉਠਾਈ ਆਵਾਜ਼ ਨੂੰ ਅੱਗੇ ਤੋਰਦਿਆਂ ਉਹਨਾ

ਸਿਰਲੇਖਵਾਰ ਇਸ਼ਤਿਹਾਰ /Classified Advertisement

In The Court of Sh. Manav Garg Judicial Magistrate- Ist Class, Ludhiana
CNR NO. PBLD03-048136-2023
Peshi:11.06.2026
COMA/46689/2023
Publication Notice for proclamation under section 82 CR.PC
Kotak Mahindra Bank
Versus
Shahbzada Moh. Soaib
Complaint Under sec-138 N.I Act
Notice to: Sahabzada Mohd. Soaib Yaqub Khan 273 Islamabad Kadura Kalpi, Jalaun-285203, Up
Whereas it has been proved to the satisfaction of the court that you, the accused above named cannot be served in the ordinary way of service. hence, this proclamation under section 82 crpc is hereby issued against you with a direction that you should appear personally before the court on 11.06.2026 at 10.00 a.m. or within 30 days from the date of publication of this proclamation.
Take notice that, in default of your part to appear as directed above, the above said case will be heard and determined as per law, in your absence.
Given under my hand and the seal of the court,
for details logon to https://highcourtchd.gov.in/?trs=district_ notice &district=Ludhiana
Sd/- Judicial Magistrate- Ist Class, Ludhiana

(U/o 5 Rule 20 CPC)
In The Court of Ms. Anu Choudhary
Civil Judge Junior Division-11,
CNR No.PBAS02-002185-2024
Next Date: 29.05.2026
Bank of Baroda
Versus
M/s SK Trading Company
Notice to: 1. M/S S.K Trading Company Shop No.599 And 600, Kesho Ram Complex, Burail Chandigarh Through Its Prop. Sh. Sunil Kumar 2. Sunil Kumar S/O Satinderpal R/O H.No. 285/B, Sector 51A, Chandigarh
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 29.05.2026 at 10:00 am.
For details logon to https://highcourtchd.gov.in/?trs=district_ notice&district=mohali
Dated this day of 15.05.2026
Sd/- Civil Judge Junior Division-11,

In The Court of Sh. Gurpartap Singh
Additional Principal Judge Family Court, Ludhiana
CNR No.PBLD01-000810-2022
Next Date: 04.06.2026
MNT125/586/2024
Reena
Versus
Sanjay
Notice to: Sanjay Father:-Sh. Durga Prashad R/O House No 141, Behind Wine Shop, Sector 16, Budhanpur, Panchkula, Haryana, Pin - 134113
In above titled case the accused could not be served. It is ordered that accused should appear in person or through counsel on **04**.06.2026 at 10:00 A.M.
Dated, this day of 07-03-2026
Sd/- Additional Principal Judge Family Court, Ludhiana

In The Court of Ms. Samiksha Jain Judicial Magistrate First Class-17, Jalandhar
CNR No.PBJL03-031337-2024
Next Date: 30.05.2026
COMA/27056/2024
Cholamandalam Investment and Finance Co.Ltd
Versus
Varinder Kumar
Notice to: Varinder Kumar Father::-Rajinder Kumar Ward No-8, Tikhowal Mukerian, Hoshiarpur, Punjab 144211and Rvm Fruit Shop C/O Satish Kumar, Talwara Road, Opp. Jain Tv Centre, Near Sabzi Mandi, Mukerian.
In above titled case the accused could not be served. It is ordered that accused should appear in person or through counsel on **30**.05.2026 at 10:00 A.M.
For details logon to https://highcourtchd.gov.in/?mod=district_ notice&district=Jalandhar
Dated, this day of 17-04-2026
Sd/- Judicial Magistrate First Class-17, Jalandhar

(U/o 5 Rule 20 CPC)
(Under Guardian and Ward Act)
In The Court of Ms. Parul Additional Civil Judge (Senior Division), Bhagha Purana
CNR No.PBMOB0-000184-2026
Next Date: 30.05.2026
Simarjit Kaur
Versus
General Public
Notice to: General Public Baghapurana, Distt. Moga
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30.**05.2026 at 10:00 A.M.
For details logon to https://highcourtchd.gov.in/?mod=district_ notice&district=mogacourt
Dated, this day of 20-04-2026
Sd/- Additional Civil Judge (Senior Division), Moga

(U/o 5 Rule 20 CPC)
In The Court of Hon'ble Garima Gupta
Civil Judge (Junior Division), Amritsar
CNR No.PBAS02-003491-2025
Next Date: 30.05.2026
CS/2199/2025
Sukhpreet Kaur alias Myra Arora & Another
Versus
Sakshi Arora & Another
Notice to: Parshotam Arora S/O Hansraj Arora R/O H.No. 258, SG Enclave, Majitha Byepass Amritsar.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30.**05.2026 at 10:00 A.M.
For details logon to https://highcourtchd.gov.in/?trs=district_ notice&district=Amritsar
Dated, this day of 23-04-2026
Sd/- Civil Judge (Junior Division), Amritsar

(U/o 5 Rule 20 CPC)
In The Court of Sh. Palwinder Singh
Additional Civil Judge (Senior Division), Ajnala
CNR No.PBASA0-001191-2023
Next Date: 30.05.2026
Punjab National Bank
Versus
Sakkattar Singh
Notice to: Sakkattar Singh Father::-Mukhtiar Singh R/O Village Fatehwal, Tehsil Ajnala Distt Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30.**05.2026 at 10:00 A.M.
For details logon to https://highcourtchd.gov.in/?trs=district_ notice&district=Amritsar
Dated, this day of 23-04-2026
Sd/- Additional Civil Judge (Senior Division), Ajnala

(U/o 5 Rule 20 CPC)
In The Court of Ms. Rajbeer Kaur Additional Civil Judge Senior Division, Muktsar
CNR NO. PBSM02-000233-2022
Next Date: 01.07.2026
Bank of Baroda
Versus
Sanjeev Kumar
Notice to: 1. Sanjeev Kumar :- Roshan Lal Sole Proprietor M/S Ghai Enterprises Street No. 4B Dashmesh Nagar Sri Muktsar Sahib 2. Geeta Rani W/O Sanjeev Kumar R/O Stret No 8, Jodhu Colony, Sri Muktsar Sahib, Tehsil And District Sri Muktsar Sahib
In above titled case the defendant(s)/respondent(s) that defendant(s)/respondent(s) should appear in person or through counsel on 01.07.2026 at 10:00 A.M.
for details logon to https://highcourtchd.gov.in/?mod=district_ notice &district=mogacourt
Dated this day of 15-05-2026
Sd/- Additional Civil Judge Senior Division, Muktsar

(U/o 5 Rule 20 CPC)
In The Court of Sh. Ashutosh Civil Judge (Junior Division), Ludhiana
CNR No.PBLD02-013326-2025
Next Date: 29.05.2026
State Bank of India
Versus
Harmanpreet Kaur Grewal
Recovery of Rs. 138293/-
Notice to: Harmanpreet Kaur Grewal D/O Rupinderjit Singh Grewal R/O Village Himayunpura, Po Lalton Kalan, District Ludhiana PH 77172-54687
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 29.05.2026 at 10:00 am.
For details logon to https://highcourtchd.gov.in/?mod=district_ notice&district=mogacourt
Dated this day of 13.05.2026
Sd/- Civil Judge (Junior Division), Ludhiana

(U/o 5 Rule 20 CPC)
In The Court of Ms. Niharika Singla
Civil Judge Junior Division-15, Patiala
CNR No.PBPT02-001615-2026
Next Date: 30.05.2026
Harminder Kaur
Versus
General Public
Notice to: General Public:- GP
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **30.**05.2026 at 10:00 A.M.
For details logon to https://highcourtchd.gov.in/?mod=district_ notice&district=patiala
Dated, this day of 12-05-2026
Sd/- Civil Judge Junior Division-15, Patiala

(U/o 5 Rule 20 CPC)
In The Court of Hon'ble Aman Sharma
Additional Principal Judge Family Court, Amritsar
CNR No.PBAS01-012509-2025
Next Date: 26.05.2026
Sharanjit Kaur
Versus
Sarbjit Singh
Notice to: Sarbjit Singh Father::-Son Of Dalbir Singh Vainpion Village, Goindwal Sahib Mod, Khdoor Sahib Road, Tehsil And District, Tarn Taran
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **26.**05.2026 at 10:00 A.M.
For details logon to https://highcourtchd.gov.in/?trs=district_ notice&district=Amritsar
Dated, this day of 17-04-2026
Sd/- Additional Principal Judge Family Court, Amritsar

ਟਰਾਲੀ -ਮੋਟਰ ਸਾਈਕਲ ਐਕਸੀਡੈਂਟ ਵਿੱਚ ਪੁੱਤਰ ਦੀ ਮੌਕੇ ਤੇ ਅਤੇ ਪਿਤਾ ਦੀ ਹਸਪਤਾਲ ਵਿੱਚ ਮੌਤ

ਚੌਕ ਮਹਿਤਾ -16 ਮਈ- (ਬਲਜਿੰਦਰ ਸਿੰਘ ਰੰਧਾਵਾ) ਬੀਤੇ ਕੱਲ ਦੀ ਰਾਤ ਮਹਿਤਾ ਚੌਂਕ- ਬਾਬਾ ਬਕਾਲਾ ਰੋਡ ਤੇ ਅੱਡਾ ਬੁੱਟਰ ਤੋਂ ਅੱਗੇ ਜਾ ਕੇ ਇੱਕ ਪਰਾਲੀ ਦੀਆਂ ਗੱਠਾਂ ਵਾਲੀ ਟਰੈਕਟਰ - ਟਰਾਲੀ ਅਤੇ ਮੋਟਰ ਸਾਈਕਲ ਦੀ ਟੱਕਰ ਹੋ ਜਾਣ ਕਾਰਨ ਮੋਟਰਸਾਈਕਲ ਤੇ ਸਵਾਰ ਨੌਜਵਾਨ ਦੀ ਮੌਕੇ ਤੇ ਹੀ ਮੌਤ ਹੋ ਗਈ ਅਤੇ ਉਸਦੇ ਪਿਤਾ ਜਿਸ ਨੂੰ ਪਹਿਲਾਂ ਬਾਬਾ ਬਕਾਲਾ ਸਾਹਿਬ ਅਤੇ ਬਾਅਦ ਵਿੱਚ ਅੰਮ੍ਰਿਤਸਰ ਦੇ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਲਿਜਾਇਆ ਗਿਆ ਸੀ, ਜਖਮਾਂ ਦੀ ਤਾਬ ਨਾ ਝੱਲਦਿਆਂ ਦਮ ਤੋੜ ਗਿਆ। ਪੁਲਿਸ ਚੌਂਕੀ ਬੁੱਟਰ ਦੇ ਇੰਚਾਰਜ ਸਹਾਇਕ ਇੰਸਪੈਕਟਰ ਸਰਦਾਰ ਜਤਿੰਦਰ ਸਿੰਘ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਗੁਰਭੇਜ ਸਿੰਘ ਅਤੇ ਉਸ ਦਾ ਪਿਤਾ ਕੁਲਵਿੰਦਰ ਸਿੰਘ ਵਾਸੀ ਪਿੰਡ ਖੱਬੇ ਰਾਜਪੂਤਾਂ, ਦੋਵੇਂ ਹੀ ਆਪਣੇ ਮੋਟਰਸਾਈਕਲ ਪੀਬੀ 02 ਈਸੀ 52 64 ਤੇ ਸਵਾਰ ਹੋ ਕੇ ਜਾ ਰਹੇ ਸਨ ਤਾਂ ਸਾਹਮਣੇ ਤੋਂ ਇੱਕ ਸਵਰਾਜ ਟਰੈਕਟਰ 733 ਐਫ ਈ, ਨੰਬਰ ਐਫ ਸੀ 2009 ਜਿਸ ਦੇ ਪਿੱਛੇ ਪਰਾਲੀ ਦੀਆਂ ਗੱਠਾਂ ਵਾਲੀ ਟਰਾਲੀ ਸੀ, ਨੇ ਜਦ ਗਲਤ ਤਰੀਕੇ ਨਾਲ ਇਕਦਮ ਮੋੜ ਕੱਟ ਲਿਆ ਤਾਂ ਮੋਟਰ ਸਾਈਕਲ ਉਸ ਟਰੈਕਟਰ ਨਾਲ ਟਕਰਾ ਗਿਆ ਜਿਸ ਦੇ ਸਿੱਟੇ ਵਜੋਂ ਮੋਟਰਸਾਈਕਲ ਚਾਲਕ ਗੁਰਭੇਜ ਸਿੰਘ ਦੀ ਬਹੁਤ ਗੰਭੀਰ ਸੱਟਾਂ ਲੱਗਣ ਕਾਰਨ ਮੌਕੇ ਤੇ ਹੀ ਮੌਤ ਹੋ ਗਈ ਅਤੇ ਉਸ ਦੇ ਪਿਤਾ ਕੁਲਵਿੰਦਰ ਸਿੰਘ ਜਿਸ ਨੂੰ ਅੰਮ੍ਰਿਤਸਰ ਦੇ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ ਸੀ, ਦੀ ਇਲਾਜ ਦੌਰਾਨ ਮੌਤ ਹੋ ਗਈ। ਟਰੈਕਟਰ ਚਾਲਕ ਜਿਸ ਦੀ ਪਛਾਣ ਅਲੀ ਖਾਨ ਪੁੱਤਰ ਸੁਖਰਾਜ ਬੀਨ ਵਾਸੀ ਨੇੜੇ ਭੱਠਾ ਸਰਲੀ ਕਲਾਂ ,ਥਾਣਾ ਵੈਰੋਵਾਲ ਜਿਲਾ ਤਰਨ ਤਾਰਨ ਵਜੋਂ ਹੋਈ, ਉਹ ਮੌਕੇ ਤੋਂ ਫਰਾਰ ਹੋ ਗਿਆ। ਦੋਸ਼ੀ ਖਿਲਾਫ ਬੁਟਰ ਕਲਾਂ ਥਾਣਾ ਮਹਿਤਾ ਵਿਖੇ ਧਾਰਾ 106, 126,281,324 ਅਧੀਨ ਮੁਕਦਮਾ ਨੰਬਰ 0079 ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਪੋਸਟਮਾਰਟਮ ਕਰਨ ਤੋਂ ਬਾਅਦ ਦੋਵੇਂ ਲਾਸ਼ਾਂ ਪਰਿਵਾਰ ਨੂੰ ਸੌਂਪ ਦਿੱਤੀਆਂ ਗਈਆਂ ਹਨ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਨਿਗਮ ਚੋਣਾਂ ਨੂੰ ਲੈ ਕੇ ਭਾਜਪਾ ਨੇ ਕੀਤੀ ਅਹਿਮ ਪ੍ਰੈਸ ਕਾਨਫਰੰਸ

ਮੋਗਾ, 16 ਮਈ (ਨੀਸ਼ੀ ਮਨਚੰਦਾ) ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਭਾਜਪਾ ਨਗਰ ਨਿਗਮ ਚੋਣਾਂ ਵਿੱਚ ਸਾਰੇ 50 ਵਾਰਡਾਂ ਵਿੱਚ ਆਪਣੇ ਉਮੀਦਵਾਰ ਖੜੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਕਈ ਵਾਰਡਾਂ ਵਿੱਚ ਇੱਕ-ਇੱਕ ਸੀਟ ਲਈ ਦੋ ਤੋਂ ਤਿੰਨ, ਜਦਕਿ ਕੁਝ ਥਾਵਾਂ 'ਤੇ ਇਸ ਤੋਂ ਵੀ ਵੱਧ ਦਾਵੇਦਾਰ ਸਾਹਮਣੇ ਆਏ ਹਨ, ਜਿਸ ਕਾਰਨ ਉਮੀਦਵਾਰਾਂ ਦੀ ਚੋਣ ਵਿੱਚ ਕਾਫੀ ਮੁਸ਼ਕਲ ਆ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਲਈ ਇਹ ਸਭ ਤੋਂ ਵੱਡੀ ਉਪਲਬਧੀ ਹੈ ਕਿ ਪਾਰਟੀ ਹਰ ਸੀਟ 'ਤੇ ਮਜ਼ਬੂਤੀ ਨਾਲ ਚੋਣ ਲੜ ਰਹੀ ਹੈ। ਇਸ ਮੌਕੇ ਤੇ ਸਾਬਕਾ ਜਿਲ੍ਹਾ ਪ੍ਰਧਾਨ ਅਤੇ ਕੈਂਪੈਨ ਕਮੇਟੀ ਦੇ ਕਨਵੀਨਰ ਰਾਕੇਸ਼ ਸ਼ਰਮਾ, ਪ੍ਰਦੇਸ਼ ਭਾਜਪਾ ਦੇ ਮੁੱਖ ਬੁਲਾਰੇ ਨਿਧੜਕ ਸਿੰਘ ਬਰਾੜ, ਸਾਬਕਾ ਜਿਲ੍ਹਾ ਪ੍ਰਧਾਨ ਵਿਨੈ ਸ਼ਰਮਾ, ਸਾਬਕਾ ਜਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਜਿਲ੍ਹਾ ਜਰਨਲ ਸਕੱਤਰ ਮੁਖਤਿਆਰ ਸਿੰਘ, ਜਿਲ੍ਹਾ ਉੱਪ ਪ੍ਰਧਾਨ ਵਿੱਕੀ ਸਿਤਾਰਾ, ਜਿਲ੍ਹਾ ਉੱਪ ਪ੍ਰਧਾਨ ਰਾਹੁਲ ਗਰਗ ਆਦਿ ਹਾਜ਼ਰ ਸਨ। ਡਾ. ਹਰਜੋਤ ਕਮਲ ਨੇ ਦੋਸ਼ ਲਾਇਆ ਕਿ ਸੱਤਾ ਪੱਖ ਦੇ ਲੋਕਾਂ ਵੱਲੋਂ ਭਾਜਪਾ ਦੀ ਟਿਕਟ 'ਤੇ ਚੋਣ ਲੜਨ ਦੀ ਸੋਚ ਰਹੇ ਕਈ ਸੰਭਾਵੀ ਉਮੀਦਵਾਰਾਂ ਨੂੰ ਧਮਕੀਆਂ ਦਿੱਤੀਆਂ ਗਈਆਂ, ਪਰ ਇਸ ਦੇ ਬਾਵਜੂਦ ਭਾਜਪਾ ਦੇ ਉਮੀਦਵਾਰ ਨਿਡਰ ਹੋ ਕੇ ਚੋਣ ਮੈਦਾਨ ਵਿੱਚ ਉਤਰ ਰਹੇ ਹਨ।ਭਾਰਤੀ ਜਨਤਾ ਪਾਰਟੀ ਦੇ ਨਗਰ ਨਿਗਮ ਚੋਣ ਕੋਆਰਡੀਨੇਟਰ ਰਾਕੇਸ਼ ਸ਼ਰਮਾ ਨੇ ਕਿਹਾ ਕਿ ਭਾਜਪਾ ਸਕਾਰਾਤਮਕ ਸੋਚ ਅਤੇ ਬਦਲਾਅ ਦੇ ਸੰਕਲਪ ਨਾਲ ਚੋਣ ਮੈਦਾਨ ਵਿੱਚ ਉਤਰੇਗੀ। ਉਨ੍ਹਾਂ ਕਿਹਾ ਕਿ ਜੇਕਰ ਸੱਤਾ ਪੱਖ ਕਿਸੇ ਵੀ ਉਮੀਦਵਾਰ ਨੂੰ ਧਮਕਾਉਣ ਜਾਂ ਤੰਗ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਪੂਰਾ ਪਾਰਟੀ ਸੰਗਠਨ ਉਸਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਰਹੇਗਾ। ਰਾਕੇਸ਼ ਸ਼ਰਮਾ ਨੇ ਕਿਹਾ ਕਿ ਅੱਜ ਸੱਤਾ ਵਿੱਚ ਬੈਠੇ ਲੋਕਾਂ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਉਨ੍ਹਾਂ ਦਾ ਕਾਰਜਕਾਲ ਲੰਮਾ ਨਹੀਂ ਰਹਿਣਾ। ਪੰਜਾਬ ਵਿੱਚ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨਗਰ ਨਿਗਮ ਚੋਣਾਂ ਤੋਂ ਪਹਿਲਾਂ ਹੀ ਦੋ ਵਾਰ ਅਦਾਲਤ ਵਿੱਚ ਹਾਰ ਚੁੱਕੀ ਹੈ ਅਤੇ ਤੀਜੀ ਵਾਰ ਵੀ ਉਸਨੇ ਕੋਸ਼ਿਸ਼ ਕੀਤੀ। ਉਨ੍ਹਾਂ ਦੋਸ਼ ਲਾਇਆ ਕਿ ਚੋਣਾਂ ਦੀਆਂ ਤਾਰੀਖਾਂ ਦੇ ਐਲਾਨ ਵਾਲੇ ਦਿਨ ਹੀ ਵਾਰਡਾਂ ਦੀ ਰਿਜ਼ਰਵੇਸ਼ਨ ਸੂਚੀ ਸਾਹਮਣੇ ਆ ਜਾਣੀ ਚਾਹੀਦੀ ਸੀ, ਪਰ ਇਸ ਨੂੰ ਅਧਿਕਾਰਕ ਤੌਰ 'ਤੇ ਦੋ ਦਿਨ ਬਾਅਦ ਜਾਰੀ ਕੀਤਾ ਗਿਆ। ਇਸ ਨਾਲ ਸਾਫ ਹੈ ਕਿ ਸੱਤਾ ਪੱਖ ਨੂੰ ਆਪਣੇ ਕੰਮਾਂ 'ਤੇ ਭਰੋਸਾ ਨਹੀਂ ਹੈ ਅਤੇ ਉਹ ਵਿਰੋਧੀ ਧਿਰਾਂ ਨੂੰ ਉਲਝਣ ਵਿੱਚ ਰੱਖਣਾ ਚਾਹੁੰਦਾ ਸੀ ਕਿ ਕਿਹੜਾ ਵਾਰਡ ਰਾਖਵਾਂ ਹੈ ਅਤੇ ਕਿਹੜਾ ਨਹੀਂ।

ਐਸ ਬੀ ਐਸ ਨਗਰ ਪ੍ਰੈਸ ਕਲੱਬ ਵੱਲੋਂ ਮਨਾਇਆ ਸੁਖਜਿੰਦਰ ਸਿੰਘ ਭੰਗਲ ਦਾ ਜਨਮਦਿਨ

ਨਵਾਂਸ਼ਹਿਰ, 16 ਮਈ (ਸੁਖਦੇਵ ਸਿੰਘ ਉੜਾਪੜ): ਐਸ ਬੀ ਐਸ ਨਗਰ ਪ੍ਰੈਸ ਕਲੱਬ ਨੇ ਪੱਤਰਕਾਰਤਾ ਦੇ ਨਾਲ-ਨਾਲ ਵਾਤਾਵਰਣ ਸੰਭਾਲ਼ ਲਈ ਵੀ ਇੱਕ ਨਵੀਂ ਪਹਿਲ ਸ਼ੁਰੂ ਕੀਤੀ ਹੈ। ਇਸ ਤਹਿਤ ਕਲੱਬ ਮੈਂਬਰਾਂ ਨੇ ਆਪਣੇ ਜਨਮਦਿਨ ਤੇ ਪੌਧਾਰੋਪਣ ਕਰਕੇ ਮਨਾਉਣ ਦਾ ਸੰਕਲਪ ਲਿਆ ਹੈ। ਇਸੇ ਲੜੀ ਤਹਿਤ ਸ਼ਨੀਵਾਰ ਨੂੰ ਕਲੱਬ ਮੈਂਬਰ ਤੇ ਪੱਤਰਕਾਰ ਸੁਖਜਿੰਦਰ ਸਿੰਘ ਭੰਗਲ ਦਾ ਜਨਮਦਿਨ ਬਾਰਾਂਦਰੀ ਗਾਰਡਨ ਵਿੱਚ ਬੂਟੇ ਲਗਾ ਕੇ ਵਾਤਾਵਰਨ ਸੰਭਾਲ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਫੁੱਲਦਾਰ ਤੇ ਛਾਂਦਾਰ ਬੂਟੇ ਲਗਾਏ ਗਏ ਤੇ ਸਾਰੇ ਮੈਂਬਰਾਂ ਨੇ ਬੂਟਿਆਂ ਦੀ ਸੰਭਾਲ ਕਰਨ ਦਾ ਸੰਕਲਪ ਵੀ ਲਿਆ। ਸਮਾਗਮ ਵਿੱਚ ਐਸ ਕੇ ਟੀ ਪਲਾਂਟੇਸ਼ਨ ਟੀਮ, ਨਵਾਂਸ਼ਹਿਰ ਦੇ ਸੰਸਥਾਪਕ ਅੰਕੁਸ਼ ਨਿਝਾਵਨ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਪ੍ਰੈਸ ਕਲੱਬ ਦੇ ਪ੍ਰਧਾਨ ਸੁਰਿੰਦਰ ਤ੍ਰਿਪਾਠੀ ਨੇ ਕਿਹਾ ਕਿ ਅੱਜ ਸਮਾਜ ਨੂੰ ਵਾਤਾਵਰਣ ਸੰਭਾਲ਼ ਪ੍ਰਤੀ ਜਾਗਰੂਕ ਹੋਣ ਦੀ ਬਹੁਤ ਲੋੜ ਹੈ। ਜੇਕਰ ਹਰ ਵਿਅਕਤੀ ਆਪਣੇ ਜੀਵਨ ਦੇ ਖਾਸ ਮੌਕਿਆਂ 'ਤੇ ਇੱਕ ਬੂਟਾ ਲਗਾ ਕੇ ਉਸ ਦੀ ਦੇਖਭਾਲ ਕਰੇ ਤਾਂ ਆਉਣ ਵਾਲੇ ਸਮੇਂ ਵਿੱਚ ਹਰਿਆਵਲੀ ਅਤੇ ਸਾਫ-ਸੁਥਰਾ ਵਾਤਾਵਰਣ ਬਣਾਇਆ ਜਾ ਸਕਦਾ ਹੈ। ਐਸ ਕੇ ਟੀ ਪਲਾਂਟੇਸ਼ਨ ਟੀਮ ਦੇ ਸੰਸਥਾਪਕ ਅੰਕੁਸ਼ ਨਿਝਾਵਨ ਨੇ ਕਿਹਾ ਕਿ ਵਧ ਰਹੇ ਪ੍ਰਦੂਸ਼ਣ ਅਤੇ ਜਲਵਾਯੂ ਪਰਿਵਰਤਨ ਨੂੰ ਰੋਕਣ ਲਈ ਪੌਧਾਰੋਪਣ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਰੁੱਖ ਲਗਾ ਕੇ ਪ੍ਰਕਿਰਤੀ ਸੰਭਾਲ ਦੇ ਇਸ ਅਭਿਆਨ ਨਾਲ ਜੁੜਨ ਅਤੇ ਸਮਾਜ ਨੂੰ ਸਕਾਰਾਤਮਕ ਸੰਦੇਸ਼ ਦੇਣ। ਉਨ੍ਹਾਂ ਨੇ ਪੱਤਰਕਾਰ ਸੁਖਜਿੰਦਰ ਸਿੰਘ ਭੰਗਲ ਨੂੰ ਜਨਮਦਿਨ ਦੀਆਂ ਵਧਾਈਆਂ ਦਿੰਦਿਆਂ ਸਾਰਿਆਂ ਨੂੰ ਉਨ੍ਹਾਂ ਤੋਂ ਪ੍ਰੇਰਨਾ ਲੈ ਕੇ ਆਪਣਾ ਜਨਮਦਿਨ ਪੌਧਾਰੋਪਣ ਕਰਕੇ ਮਨਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਸੁਖਜਿੰਦਰ ਸਿੰਘ ਭੰਗਲ ਨੇ ਕਿਹਾ ਕਿ ਜਨਮਦਿਨ ਵਰਗੇ ਖਾਸ ਮੌਕੇ ਨੂੰ ਪੌਧਾਰੋਪਣ ਨਾਲ ਮਨਾਉਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਬੂਟੇ ਮਨੁੱਖੀ ਜੀਵਨ ਦਾ ਆਧਾਰ ਹਨ ਅਤੇ ਹਰ ਵਿਅਕਤੀ ਨੂੰ ਵਾਤਾਵਰਣ ਸੰਭਾਲ਼ ਲਈ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਚੇਅਰਮੈਨ ਜਸਬੀਰ ਸਿੰਘ ਨੂਰਪੁਰ, ਵਾਈਸ ਚੇਅਰਮੈਨ ਸੰਜੀਵ ਬੌਬੀ, ਖਜ਼ਾਨਚੀ ਰਿਸ਼ੀ ਚੰਦਰ, ਜਸਵਿੰਦਰ ਔਜਲਾ, ਜਗਤਾਰ ਸਿੰਘ ਜੱਬੋਵਾਲ, ਸੁਖਦੇਵ ਸਿੰਘ, ਬਲਕਾਰ, ਮੰਦੀਪ ਦੁੱਗਲ, ਅਸ਼ੋਕ ਦੁੱਗਲ, ਹਰਵਿੰਦਰ ਸਿੰਘ, ਜੋਬਨਪ੍ਰੀਤ ਸਿੰਘ ਭੰਗਲ ਅਤੇ ਐਸ ਕੇ ਟੀ ਪਲਾਂਟੇਸ਼ਨ ਟੀਮ ਦੇ ਮੈਂਬਰ ਕੁਲਵਿੰਦਰ ਸਿੰਘ ਵੀ ਹਾਜ਼ਰ ਸਨ।

ਸ਼੍ਰੀ ਗੁਰੂ ਰਾਮ ਦਾਸ ਨਰਸਿੰਗ ਇੰਸਟੀਚਿਊਟ, ਪੰਧੇਰ ਵਿਖੇ ਅੰਤਰਰਾਸ਼ਟਰੀ ਨਰਸਿਜ਼ ਡੇ ਅਤੇ ਨਰਸਿਜ਼ ਹਫਤਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ।

ਬਟਾਲਾ, 16 ਮਈ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)- ਸ਼੍ਰੀ ਗੁਰੂ ਰਾਮ ਦਾਸ ਨਰਸਿੰਗ ਇੰਸਟੀਚਿਊਟ, ਪੰਧੇਰ ਵਿਖੇ ਅੰਤਰਰਾਸ਼ਟਰੀ ਨਰਸਿਜ਼ ਡੇ ਅਤੇ ਨਰਸਿਜ਼ ਹਫਤਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਨਰਸਾਂ ਦੀ ਸੇਵਾ ਭਾਵਨਾ, ਸਮਰਪਣ ਅਤੇ ਸਿਹਤ ਸੇਵਾਵਾਂ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕਰਦੇ ਹੋਏ ਸੈਮੀਨਾਰ ਹਾਲ ਵਿੱਚ ਵਿਸ਼ੇਸ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਪ੍ਰਿੰਸੀਪਲ ਡਾ. ਹਰਜਿੰਦਰਪਾਲ ਕੌਰ ਕੰਗ ਵੱਲੋਂ ਕੀਤੀ ਗਈ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸੰਸਥਾਵਾਂ ਦੇ ਮੈਨੇਜਿੰਗ ਡਾਇਰੈਕਟਰ ਸ੍ . ਅਵਤਾਰ ਸਿੰਘ ਕੰਗ ਅਤੇ ਮੁੱਖ ਮਹਿਮਾਨ ਵਜੋਂ ਸ਼੍ਰੀ ਸੈਮਸਨ ਮਸ਼ੀਹ ਐਕਜੀਕਿਊਟਿਵ ਸੈਕਟਰੀ ਰੈਡ ਕ੍ਰਾਸ ਸੋਸਾਇਟੀ ਅੰਮ੍ਰਿਤਸਰ ਮੁੱਖ ਮਹਿਮਾਨ ਵਜੋਂ ਸਮਿਲ ਹੋਏ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਅਤੇ ਕਾਲਜ ਦੇ ਪ੍ਰਬੰਧਕਾਂ ਨੇ ਥੀਮ ਅਨਫੋਲਡ ਕਰਕੇ ਕੀਤੀ ਜਿਸ ਉਪਰੰਤ ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਫਲੋਰੈਂਸ ਨਾਈਟਿੰਗੇਲ ਨੂੰ ਸਮਰਪਿਤ ਭਾਸ਼ਣ, ਰੋਲ ਪਲੇਅ ਅਤੇ ਹੋਰ ਸੱਭਿਆਚਾਰਕ

ਪੇਸ਼ਕਾਰੀਆਂ ਦਿੱਤੀਆਂ ਗਈਆਂ। ਨਰਸਿਜ਼ ਹਫ਼ਤਾਵਾਰੀ ਦੌਰਾਨ ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਕਿੱਤਾ ਮੁੱਖੀ ਕਾਬਲੀਅਤ ਨੂੰ ਉਤਸ਼ਾਹਿਤ ਕਰਨ ਲਈ ਪੋਸਟਰ ਮੇਕਿੰਗ, ਮਾਡਲ ਮੇਕਿੰਗ, ਕੇਸ ਸੀਨਾਰਿਓ ਪ੍ਰਜ਼ੇਂਟੇਸ਼ਨ, ਰੰਗੋਲੀ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਪੋਸਟਰ ਮੇਕਿੰਗ ਵਿੱਚ ਜਸ਼ਨ ਤੀਸਰਾ ਸਮੈਸਟਰ ਅਤੇ ਅਮਨ ਪੰਜਵਾਂ ਸਮੈਸਟਰ ਨੇ ਮਾਡਲ ਮੇਕਿੰਗ ਵਿੱਚ, ਸਿਮਰਨਜੀਤ ਕੌਰ ਸੱਤਵਾਂ ਸਮੈਸਟਰ ਨੇ ਕੇਸ ਸੀਨਾਰਿਓ ਪ੍ਰਜ਼ੇਂਟੇਸ਼ਨ ਵਿੱਚ ਨਵਜੋਤ ਕੌਰ ਸੱਤਵਾਂ ਸਮੈਸਟਰ ਨੇ ਪਹਿਲਾ ਸਥਾਬ ਹਾਸਿਲ ਕਰਕੇ ਬਾਜ਼ੀ ਮਾਰੀ। ਰੰਗੋਲੀ ਮੁਕਾਬਲੇ ਵਿੱਚ ਰਿਚਾ, ਪਰਮੀਤ ਅਤੇ ਮਨਰੂਪ ਜੇਤੂ ਰਹੇ ਜਦਕਿ ਸਵਾਲ ਜਵਾਬ ਮੁਕਾਬਲਿਆ ਵਿੱਚ ਜਸ਼ਨਦੀਪ ਕੌਰ, ਜੈਦੀਪ ਕੌਰ, ਲਵਲੀਨ ਕੌਰ, ਜਸਮੀਨ ਕੌਰ ਅਤੇ ਹਰਨੂਰ ਕੌਰ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ । ਇਸ ਮੌਕੇ ਮੁੱਖ ਮਹਿਮਾਨ ਸੈਮਸਨ ਮਸੀਹ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਨਰਸਾਂ ਮਰੀਜ਼ਾਂ ਦੀ ਸੇਵਾ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ ਅਤੇ ਸਿਹਤ ਸੇਵਾਵਾਂ ਦੀ ਗੁਣਵੱਤਾ ਬਣਾਈ ਰੱਖਣ ਵਿੱਚ ਉਨ੍ਹਾਂ ਦਾ ਯੋਗਦਾਨ ਸ਼ਲਾਘਾਯੋਗ ਹੈ।ਅੰਤਰਰਾਸ਼ਟਰੀ ਨਰਸਿਜ਼ ਡੇ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੈਨੇਜ਼ਿੰਗ ਡਾਇਰੈਕਟਰ ਸ੍ ਅਵਤਾਰ ਸਿੰਘ ਕੰਗ ਨੇ ਕਿਹਾ ਕਿ ਨਰਸਿੰਗ ਸਿਰਫ਼ ਇੱਕ ਪੇਸ਼ਾ ਨਹੀਂ ਸਗੋਂ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਵੱਡਾ ਮਾਧਿਅਮ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਰੀਜ਼ਾਂ ਪ੍ਰਤੀ ਸੇਵਾ ਭਾਵਨਾ, ਦਇਆ ਅਤੇ ਇਮਾਨਦਾਰੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਮੁਕਾਬਲਿਆ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆ ਨੂੰ ਸਨਮਾਨਿਤ ਕੀਤਾ ਗਿਆ।ਪ੍ਰਿੰਸੀਪਲ ਸ੍ਰੀਮਤੀ ਹਰਜਿੰਦਰਪਾਲ ਕੌਰ ਕੰਗ ਨੇ ਆਏ ਹੋਏ ਮਹਿਮਾਨਾ ਦਾ ਧੰਨਵਾਦ ਕੀਤਾ ਅਤੇ ਸਭ ਨੂੰ ਨਰਸਿੰਗ ਡੇ ਦੀ ਵਧਾਈ ਦਿੱਤੀ। ਇਸ ਮੌਕੇ ਡਾਂ ਰਾਜਬੀਰ ਸਿੰਘ, ਹਰਵਿੰਦਰ ਕੌਰ ਸਮੇਤ ਸ਼ਮੂਹ ਸਟਾਫ ਅਤੇ ਕਾਲਜ ਦੇ ਵਿਦਿਆਰਥੀ ਹਾਜ਼ਰ ਸਨ।

ਵਿਸ਼ਵ ਥੈਲੇਸੀਮੀਆ ਜਾਗਰੂਕਤਾ ਦਿਵਸ ਮਨਾਇਆ

ਗੜਦੀਵਾਲਾ 16 ਮਈ ਗੌਰਵ ਪੰਜਾਬ ਸਰਕਾਰ ਡਾਇਰੈਕਟਰ, ਡੀ.ਐਚ.ਐਸ.ਪੰਜਾਬ ਡਾ. ਗਗਨਦੀਪ ਗ੍ਰੋਵਰ, ਸਿਵਲ ਸਰਜਨ ਹੁਸ਼ਿ. ਡਾ. ਮਨਦੀਪ ਕਮਲ ਅਤੇਨੋਡਲ ਅਫਸਰ ਡਾ. ਨੀਰਜ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਅਤੇ ਡਾ. ਤਨੂਜਾ ਮਿਸ਼੍ਰਾ ਦੀ ਅਗੁਵਾਈ ਹੇਠ ਮੌਡਲ ਰੂਰਲ ਹੈਲਥ ਰਿਸ਼ਰਚ ਯੂਨਿਟ ਭੂੰਗਾ ਵਿਖੇ ਵਿਸ਼ਵ ਥੈਲੇਸੀਮੀਆ ਜਾਗਰੂਕਤਾ ਦਿਵਸ ਮਨਾਇਆ ਗਿਆ । ਇਸ ਮੌਕੇ ਡਾ. ਤਨੂਜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥੈਲੇਸੀਮੀਆ ਇੱਕ ਖ਼ਾਨਦਾਨੀ ਜਾਂ ਜੈਨੇਟਿਕ ਖੂਨ ਦੀ ਬਿਮਾਰੀ ਹੈ ਜਿਸ ਵਿੱਚ ਸਰੀਰ ਲੋੜੀਂਦੀ ਮਾਤਰਾ ਵਿੱਚ ਹੀਮੋਗਲੋਬਿਨ ਨਹੀਂ ਬਣਾ ਪਾਉਂਦਾ ਜਿਸ ਨਾਲ ਲਾਲ ਰਕਤਾਣੂ ਨਸ਼ਟ ਹੋ ਜਾਂਦੇ ਹਨ ਅਤੇ ਸਰੀਰ ਵਿੱਚ ਖੂਨ ਦੀ ਭਾਰੀ ਘਾਟ ਹੋ ਜਾਂਦੀ ਹੈ । ਉਨ੍ਹਾ ਥੈਲੇਸੀਮੀਆ ਦੇ ਕਾਰਨ ਬਾਰੇ ਦੱਸਿਆ ਕਿ ਇਹ ਬਿਮਾਰੀ ਬੱਚੇ ਨੂੰ ਉਸਦੇ ਮਾਤਾ-ਪਿਤਾ ਤੋਂ ਵਿਰਾਸਤ (ਜੈਨੇਟਿਕਸ) ਵਿੱਚ ਮਿਲਦੀ ਹੈ ਜਦੋਂ ਮਾਂ ਅਤੇ ਪਿਤਾ ਦੋਵਾਂ ਦੇ ਜੀਨਾਂ ਵਿੱਚ ਥੈਲੇਸੀਮੀਆ ਦਾ ਨੁਕਸ ਹੁੰਦਾ ਹੈ ਤਾਂ ਹੋਣ ਵਾਲੇ ਬੱਚੇ ਨੂੰ ਗੰਭੀਰ ਥੈਲੇਸੀਮੀਆ ਹੋਣ ਦਾ ਖ਼ਤਰਾ ਰਹਿੰਦਾ ਹੈ ।ਇਸ ਦੇ ਮੁੱਖ ਲੱਛਣ ਬੱਚੇ ਦੇ ਜਨਮ ਤੋਂ 5-6 ਮਹੀਨਿਆਂ ਬਾਅਦ ਇਸਦੇ ਲੱਛਣ ਦਿਖਣੇ ਸ਼ੁਰੂ ਹੋ ਜਾਂਦੇ ਹਨ ਜਿਸ ਵਿਚ ਬਹੁਤ ਜ਼ਿਆਦਾ ਥਕਾਵਟ, ਕਮਜ਼ੋਰੀ ਅਤੇ ਸੁਸਤੀ, ਚਮੜੀ ਅਤੇ ਅੱਖਾਂ ਦਾ ਪੀਲਾ ਪੈਣਾ (ਪੀਲੀਆ), ਸਾਹ ਲੈਣ ਵਿੱਚ ਦਿੱਕਤ ਅਤੇ ਦਿਲ ਦੀ ਧੜਕਣ ਦਾ ਤੇਜ਼ ਹੋਣਾ, ਸਰੀਰ ਅਤੇ ਮਾਨਸਿਕ ਵਿਕਾਸ ਦਾ ਹੌਲੀ ਹੋਣਾ,ਪੇਟ ਦਾ ਵਧਣਾ, ਜਿਸ ਨਾਲ ਜਿਗਰ (ਲੀਵਰ) ਅਤੇ ਤਿੱਲੀ ਦਾ ਆਕਾਰ ਵੱਡਾ ਹੋ ਜਾਂਦਾ ਹੈ,ਚਿਹਰੇ ਅਤੇ ਹੱਡੀਆਂ ਦੇ ਬਣਤਰ ਵਿੱਚ ਬਦਲਾਅ ਆਉਣਾ ਹੁਦੇ ਹਨ ਇਸ ਬਿਮਾਰੀ ਦੇ ਇਲਾਜ ਅਤੇ ਪ੍ਰਬੰਧਨ ਲਈ ਖੂਨ ਚੜ੍ਹਾਉਣਾ ਅਤੇ ਬੋਨ ਮੈਰੋ ਟ੍ਰਾਂਸਪਲਾਂਟ ਹੀ ਇਸ ਬਿਮਾਰੀ ਦਾ ਇੱਕੋ-ਇੱਕ ਸਥਾਈ ਇਲਾਜ (ਪੱਕਾ ਇਲਾਜ) ਹੈ ।ਅਗੇ ਉਨ੍ਹਾ ਕਿਹਾ ਕਿ ਸਿਹਤ ਵਿਭਾਗ ਅਤੇ ਪੰਜਾਬ ਸਰਕਾਰ ਵੱਲੋਂ ਰਾਸ਼ਟਰੀ ਸਿਹਤ ਮਿਸ਼ਨ ਤਹਿਤ ਥੈਲੇਸੀਮੀਆ ਪੀੜਤ ਬੱਚਿਆਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ ।ਇਸ ਬਿਮਾਰੀ ਨੂੰ ਰੋਕਣ ਦਾ ਸਭ ਤੋਂ ਉੱਤਮ ਤਰੀਕਾ ਜਾਗਰੂਕਤਾ ਹੈ, ਵਿਆਹ ਤੋਂ ਪਹਿਲਾਂ ਲੜਕੇ ਅਤੇ ਲੜਕੀ ਨੂੰ ਆਪਣੇ ਖੂਨ ਦੀ ਜਾਂਚ (ਬਅ2 ਟੈਸਟ) ਜ਼ਰੂਰ ਕਰਵਾਉਣੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਜੈਨੇਟਿਕ ਬਿਮਾਰੀ ਤੋਂ ਬਚਾਇਆ ਜਾ ਸਕੇ । ਇਸ ਮੌਕੇ ਸਾਹਿਲ, ਰਾਜਵਿੰਦਰ, ਕਰਨਪ੍ਰੀਤ ਸਿੰਘ, ਨੇਹਾ, ਸਤਵਿੰਦਰ ਕੌਰ, ਗੁਲਸ਼ਨ ਕੁਮਾਰ, ਅਰਸ਼ ਵੱਧਣ ਅਤੇ ਸਮੂਹ ਆਸ਼ਾ ਵਰਕਰ ਹਾਜਰ ਸਨ ।

ਸੰਵਿਧਾਨਕ ਵਿਤਕਰਾ ,ਚੀਫ ਸਕੱਤਰ ਪੰਜਾਬ ਨੂੰ ਲੇਬਰ ਪਾਰਟੀ ਵਲੋਂ ਐਸਡੀਐਮ ਗੜ੍ਹਸ਼ੰਕਰ ਦੁਆਰਾ ਭੇਜਿਆ ਮੰਗ ਪਤੱਰ

ਗੜ੍ਹਸ਼ੰਕਰ, 16 ਮਈ (ਅਜਮੇਰ ਸਿੰਘ ਭਣੋਟ) ਸੰਵਿਧਾਨ ਕਸਮ ਖਾਣ ਦੀ ਹੀ ਕਿਤਾਬ ਨਹੀਂ,ਸੰਵਿਧਾਨ ਲੋਕਾਂ ਦਾ ਨਿਰਪੱਖਤਾ ਦੇ ਅਧਾਰ ਤੇ ਭੱਵਿਖ ਉਸਾਰਨ ਵਾਲਾ ਤੇ ਦਿਸ਼ਾ ਨਿਰਦੇਸ਼ ਦੇਣ ਵਾਲਾ ਸੰਵਿਧਾਨ ਹੈ।ਦੇਸ਼ ਦੇ ਰਾਜਨੀਤਵਾਨ ਸਿਰਫ ਸੰਵਿਧਾਨ ਨੂੰ ਕਸਮ ਖਾਣ ਤੋਂ ਬਾਅਦ ਭੁੱਲ ਹੀ ਜਾਂਦੇ ਹਨ ਕਿ ਉਨ੍ਹਾਂ ਨੇ ਸੰਵਿਧਾਨਕ ਨਿਯਮਾ ਅਨੁਸਾਰ ਅਤੇ ਨਿਰਪੱਖ ਨੀਤੀਆਂ ਤਹਿਤ ਇਨਸਾਫ ਦੇਣਾ ਹੈ ਤੇ ਵਿਤਕਰੇ ਰਹਿਤ ਸਮਾਜ ਦੀ ਸਿਰਜਣਾ ਕਰਨੀ ਹੈ।ਮਾਹਨ ਸੰਸਥਾਵਾਂ ਦੇ ਹੁੰਦਿਆਂ ਜੇ ਸੰਵਿਧਾਨਕ ਵਿਤਕਰੇ ਪਨਪਦੇ ਹਨ ਤਾਂ ਲੋਕਾਂ ਦਾ ਕਸੂਰ ਨਹੀਂ ਉਸ ਲਈ ਸਾਰੀਆਂ ਸੰਵਿਧਾਨਕ ਸੰਸਥਾਵਾਂ ਜੁੰਮੇਵਾਰ ਹਨ।ਦੇਸ਼ ਹਰ ਕੋਨੇ ਵਿਚ ਵਿਤਕਰੇ ਛਾਲਾਂ ਮਾਰ ਰਹੇ ਹਨ।ਸੰਵਿਧਾਨਕ ਭੇਦ ਭਾਵ ਨੂੰ ਲੈ ਕੇ ਲੇਬਰ ਪਾਰਟੀ ਦਾ ਵਫਦ ਪ੍ਰਧਾਨ ਜੈ ਗੋਪਾਲ ਧੀਮਾਨ ਦੀ ਅਗਵਾਈ ਵਿਚ ਸਮੇਤ ਮੀਤ ਪ੍ਰਧਾਨ ਜਸਵਿੰਦਰ ਕੁਮਾਰ,ਸ਼ਾਮ ਲਾਲ ਅਤੇ ਪ੍ਰਵੀਨ ਕੁਮਾਰ ਆਦਿ ਐਸ ਡੀ ਐਮ ਗੜ੍ਹਸ਼ੰਕਰ ਦੁਆਰਾ ਮੰਗ ਪਤੱਰ ਚੀਫ ਸਕੱਤਰ ਪੰਜਾਬ ਸਰਕਾਰ ਨੂੰ ਭੇਜ ਕੇ ਮੰਗ ਕੀਤੀ ਕਿ ਔਰਤਾਂ ਅਤੇ ਮਰਦ ਵਿਚ ਸਾਰੀ ਤਰ੍ਹਾਂ ਦੇ ਭੇਦਭਾਵ ਖਤਮ ਕੀਤੇ ਜਾਂਣ ਤੇ ਵਿਧਵਾ—ਬੁਢਾਪਾ ਪੈਨਸ਼ਨ ਤੇ ਅੰਗਹੀਣ 2500 ਰੁ: ਪ੍ਰੀਤ ਮਹੀਨਾ ਕੀਤੀ ਜਾਵੇ।ਇਸ ਸਬੰਧ ਵਿਚ ਧੀਮਾਨ ਨੇ ਪੰਜਾਬ ਅੰਦਰ ਪੰਜਾਬ ਸਰਕਾਰ ਵਲੋਂ



ਸ਼ਰੇਆਮ ਮੂਲ ਸੰਵਿਧਾਨ ਦੀ ਧਾਰਾ 14 ਅਤੇ 15 ਦੀ ਬੁਢਾਪਾ ਪੈਨਸ਼ਨ ਦੇ ਸਬੰਧ ਵਿਚ ਆਦਮੀਆ ਉਮਰ ਨਾਲ ਵੱਡਾ ਭੇਦ ਭਾਵ ਕਰਕੇ ਸੰਵਿਧਾਨ ਦੀ ਉਲੰਘਣਾ ਕਰਨ ਤੇ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਹਰੇਕ ਆਦਮੀ ਨੂੰ 65 ਸਾਲ ਦੀ ਉਮਰ ਤੋਂ ਬਾਅਦ ਪੈਨਸ਼ਨ ਲਗਦੀ ਹੈ ਤੇ ਔਰਤ ਨੂੰ 58 ਸਾਲ ਦੀ ਉਮਰ ਤੋਂ ਬਾਅਦ।ਧੀਮਾਨ ਨੇ ਦਸਿਆ ਕਿ ਸਰਕਾਰ ਦੇ ਨੋਟੀਫਿਕੇਸ਼ਨ ਨੰਬਰ 3/ 42015—2 ਡਵਲਯੂਸੀ/1000017 ਉਤੇ ਗਵਨਰ ਪੰਜਾਬ ਜੀ ਨੇ ਇਨ੍ਹਾਂ ਵਿਤਕਰੇ ਭਰੇ ਨਿਯਮਾਂ ਉਤੇ ਦਸਤਖ ਕੀਤੇ ਹਨ।ਵੇਖੋ ਕੀ ਹੋ ਰਿਹਾ,ਕਿਸ ਤਰ੍ਹਾਂ ਵਿਤਕਰੇ ਖਤਮ ਹੋਣਗੇ। ਇਹ ਗਲਤੀ ਅਣਜਾਣੇ ਵਿਚ ਨਹੀਂ ਕੀਤੀ ਗਈ,ਇਹ ਸਭ ਕੁਝ ਜਾਣ ਬੁਝ ਕੇ ਕੀਤੀ ਗਈ ਗਲਤੀ ਤੇ ਭੇਦਭਾਵ ਹੈ।ਜਿਹੜੀ ਸਰਕਾਰ ਖੁਦ ਵਿਤਕਰੇ ਭਰੀਆਂ ਨੀਤੀਆਂ ਬਣਾ ਰਹੀ ਹੋਵੇ ਉਸ ਤੋਂ ਵਿਤਕਰੇ ਖਤਮ ਕਰਨ ਦੀ ਕੀ ਆਸ਼ਾ ਕੀਤੀ ਜਾ ਸਕਦੀ ਹੈ।ਜਾਣਬੁਝ ਕੇ ਕਟੜ ਇਮਾਨਦਾਰ ਸਰਕਾਰ ਆਦਮੀਆਂ ਨੂੰ ਔਰਤਾਂ ਨਾਲੋਂ 7 ਸਾਲਾਂ ਬਾਅਦ ਪੈਨਸ਼ਨ ਦੇ ਰਹੀ ਹੈ।ਅਜਿਹਾ ਕਰਨਾ ਅਪਣੇ ਆਪ ਵਿਚ ਬਹੁਤ ਵੱਡਾ ਘਪਲਾ ਹੈ।ਧੀਮਾਨ ਨੇ ਕਿਹਾ ਕਿ ਹਰੇਕ ਪਾਲਸੀ ਅਤੇ ਕਾਨੂੰਨ ਉਤੇ ਗਵਰਨਰ ਜੀ ਦੇ ਦਸਤਖਤ ਹੁੰਦੇ ਹਨ,ਜਿਨ੍ਹਾਂ ਨੇ ਸੰਵਿਧਾਨਕ ਅਤੇ ਸਾਡੇ ਕੋਲ ਗੈਰ ਸੰਵਿਧਾਨਕ ਕੰਮਾਂ ਉਤੇ ਖਿਆਲ ਰਖਣਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਸਾਡਾ ਰਾਜਨੀਤਕ ਸਟਰਕਚਰ ਕਿੰਨਾ ਅਵੇਸਲਾ ਪਿਆ ਹੋਇਆ ਹੈ ਕਿ ਪੰਜਾਬ ਅੰਦਰ ਕਿਸੇ ਵੀ ਵਿਧਾਇਕ ਨੇ ਅੱਜ ਤੱਕ ਪੰਜਾਬ ਵਿਧਾਨ ਸਭਾ ਅੰਦਰ ਸੰਵਿਧਾਨਕ ਮੂਲ ਅਧਿਕਾਰਾਂ ਦੀ ਹੋ ਰਹੀ ਉਲੰਘਣਾ ਰੋਕਣ ਲਈ ਅਵਾਜ ਹੀ ਨਹੀਂ ਬੁਲੰਦ ਕੀਤੀ।ਇਥੋਂ ਸਾਫ ਪਤਾ ਲਗਦਾ ਹੈ ਕਿ ਸਾਰੇ ਪ੍ਰਤੀਨਿੱਧ ਲੋਕਾਂ ਦੇ ਭੱਵਿਖ ਲਈ ਕਿੰਨੇ ਕੁ ਗੰਭੀਰ ਹਨ।

ਧੀਮਾਨ ਨੇ ਕਿਹਾ ਕਿ ਹੈਰਾਨੀ ਦੀ ਗੱਲ ਇਹ ਹੈ ਕਿ ਕੇਂਦਰ ਸਰਕਾਰ ਨੂੰ ਇਹ ਸਭ ਕੁਝ ਵਿਤਕਰੇ ਭਰੀਆਂ ਨੀਤੀਆਂ ਕਿਉਂ ਨਜਰ ਨਹੀ ਆ ਰਹੀਆਂ।ਜੇ ਕਿਸੇ ਰਾਜਸੀ ਪਾਰਟੀ ਦੇ ਵਿਧਾਇਕ ਤੋੜਣੇ ਹੋਣ ਤਾਂ ਝੱਟ ਨਜਰ ਆ ਜਾਂਦੇ ਹਨ।ਸਵਾਲ ਇਹ ਪੈਦਾ ਹੁੱਦਾ ਹੈ ਕਿ ਕੀ ਸੰਵਿਧਾਨ ਕਸਮ ਖਾਣ ਦੀ ਰਸਮ ਤੱਕ ਹੀ ਸੀਮਤ ਹੋ ਕੇ ਖਤਮ ਹੋ ਜਾਂਦਾ ਹੈ ?ਉਨ੍ਹਾਂ ਕਿਹਾ ਕਿ ਸੰਵਿਧਾਨਕ ਮੂਲ ਅਧਿਕਾਰਾਂ ਨੂੰ ਹਮੇਸ਼ਾਂ ਅਣਗੋਲਿਆਂ ਕੀਤਾ ਜਾਂਦਾ ਰਿਹਾ,ਜਿਸ ਕਾਰਨ ਸੰਵਿਧਾਨਕ ਵਿਤਕਰੇ,ਨਫਰਤ ਅਤੇ ਅਸਿਭਅਕ ਭਾਸ਼ਾ ਦੀ ਵਿਧਾਨਕਾਰ ਖੁਲ ਕੇ ਵਰਤੋਂ ਕਰਦੇ ਆ ਰਹੇ ਹਨ।

AMBER ENTERPRISES INDIA LIMITED

Registered Office: C-1, Phase – II, Focal Point, Rajpura Town, Patiala, Punjab 140401
Corporate Office: Universal Trade Tower, 1st Floor, Sector -49, Sohna Road, Gurgaon – 122 018, Haryana
E-mail: info@ambergroupindia.com; **Website:** www.ambergroupindia.com
Tel: +91 124 3923000; **Fax:** +91 124 3923016, 17
CIN: L28910PB1990PLC010265

EXTRACT OF AUDITED FINANCIAL RESULTS FOR THE QUARTER AND YEAR ENDED 31 MARCH, 2026

(Rs. in lakh except for per share data)

Consolidated					Sl. No.	Particulars	Standalone				
Quarter ended			Year ended				Quarter ended			Year ended	
31 March 2026	31 December 2025	31 March 2025	31 March 2026	31 March 2025			31 March 2026	31 December 2025	31 March 2025	31 March 2026	31 March 2025
(Audited)	(Unaudited)	(Audited)	(Audited)	(Audited)			(Audited)	(Unaudited)	(Audited)	(Audited)	(Audited)
4,14,751.99	2,94,281.66	3,75,369.69	12,18,647.66	9,97,301.57	1.	Total Income from Operations	2,88,972.85	1,88,307.99	2,67,945.66	7,96,695.29	6,74,396.58
21,428.45	13,028.70	20,128.60	46,553.11	39,994.15	2.	Net Profit for the period (before tax, exceptional and extraordinary items)	10,946.69	6,236.98	12,958.29	19,845.87	19,600.36
21,130.68	1,854.75	18,858.51	33,641.61	36,996.37	3.	Net Profit for the period before tax (after Exceptional and/ or extraordinary items, Share of (loss) of a joint venture in case of console)	10,946.69	5,670.59	12,958.29	19,279.48	19,600.36
16,195.75	(933.82)	11,842.35	22,645.33	25,115.14	4.	Net Profit for the period after tax (after Exceptional and/or extraordinary items)	8,428.67	4,222.74	7,959.23	14,587.15	13,531.50
16,482.65	345.69	11,936.06	24,152.52	25,176.67	5.	Total Comprehensive Income for the period [Comprising Profit / (Loss) for the period (after tax) and Other Comprehensive Income (after tax)]	8,655.61	4,055.99	8,055.13	14,644.22	13,618.11
3,519.17	3,517.20	3,382.35	3,519.17	3,382.35	6.	Equity Share Capital (Face Value Rs.10 Each)	3,519.17	3,517.20	3,382.35	3,519.17	3,382.35
-	-	-	4,33,692.53	2,25,196.99	7.	Reserves (excluding Revaluation Reserve) as shown in the Audited Balance Sheet of the previous year	-	-	-	3,02,629.69	1,85,790.75
					8.	Earnings Per Share (of Rs. 10/- each) (for continuing and discontinued operations) –					
38.04	(7.75)	34.32	50.48	72.01		Basic earnings per share (in rupees)	23.95	12.01	23.53	41.45	40.01
37.89	(7.71)	34.12	50.28	71.67		Diluted earnings per share (in rupees)	23.86	11.94	23.40	41.28	39.83

Notes to above extract:

a) The above is an extract of the detailed format of Audited Financial Results for the Quarter and Year ended 31 March, 2026, filed with the stock exchanges under Regulation 33 of the Securities and Exchange Board of India (Listing Obligations and Disclosure Requirements) Regulations, 2015 (as amended time to time).The full format of the Audited Financial Results for the Quarter and Year ended 31 March, 2026 is available on the Company's website (https://www.ir.ambergroupindia.com/financial-information/#financial-results) and on the website of the stock exchanges where the Company's equity shares are listed viz. BSE Limited (www.bseindia.com) and the National Stock Exchange of India Limited (www.nseindia.com).

b) Figures of the previous periods have been regrouped/ rearranged/ reclassified, wherever necessary to comply with financial reporting requirements.

For More Information Please Scan:

For Amber Enterprises India Limited
Sd/-
Jasbir Singh
(Executive Chairman & CEO and Whole Time Director)

Place: Gurugram
Date: 15 May 2026

2027 ਚ' ਵੈਕਿਉਮ ਕਲੀਨਰ ਦੀ ਤਰ੍ਹਾਂ ਚੱਲੇਗਾ ਝਾੜੂ, ਵਿਰੋਧੀਆਂ ਦਾ ਹੋਵੇਗਾ ਸੁਪੜਾ ਸਾਫ਼ : ਗੋਇਲ

ਲਹਿਰਾਗਾਗਾ, 16 ਮਈ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਵਿਧਾਨ ਸਭਾ ਹਲਕਾ ਲਹਿਰਾ 99 ਅੰਦਰ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਾਰੀ ਜਨ ਸਮਰਥਨ ਮਿਲਿਆ ਜਦੋਂ ਹਲਕੇ ਦੇ ਪਿੰਡ ਢੀਂਡਸਾ ਵਿਖੇ ਦਰਜਨਾ ਪਰਿਵਾਰਾਂ ਨੇ "ਆਮ ਆਦਮੀ ਪਾਰਟੀ" ਦੀਆਂ ਨੀਤੀਆਂ ਅਤੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਵਿਕਾਸ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਮਰਥਕਾਂ ਸਮੇਤ ਵੱਖ ਵੱਖ ਪਾਰਟੀਆਂ ਛੱਡ ਕੇ ਕੈਬਿਨਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਪਿੰਡ ਢੀਂਡਸਾ ਵਿਖੇ ਇੱਕ ਸਮਾਗਮ ਵਿੱਚ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਸਨਮਾਨ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਹਰ ਵਿਅਕਤੀ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਵਿਰੋਧੀ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਲਈ ਕੋਈ ਏਜੰਡਾ ਨਹੀਂ , ਵਿਰੋਧੀ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੇ ਹਨ, ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਪਹਿਲਾਂ ਤਾਂ ਫੰਡਾ ਪੱਖੋਂ ਪੰਜਾਬ ਨਾਲ ਵਿਤਕਰਾ ਕਰਦੀ ਆ ਰਹੀ ਹੈ ,ਪਰ ਹੁਣ ਪੰਜਾਬ ਦੀ ਸੱਤਾ ਦੇ ਕਾਬਜ਼ ਹੋਣ ਦੇ ਸਪਨੇ ਦੇਖਦਿਆਂ ਈਡੀ ਦੀ ਦੁਰਵਰਤੋਂ ਕਰਕੇ ਪੰਜਾਬ ਵਿੱਚ ਅਰਾਜਕਤਾ ਫੈਲਾਉਣਾ ਚਾਹੁੰਦੀ ਹੈ, ਪਰ ਪੰਜਾਬ ਦੇ ਬਹਾਦਰ ਲੋਕ ਕਦੇ ਵੀ ਭਾਜਪਾ ਦੀਆਂ ਦਾਮਨਕਾਰੀ ਨੀਤੀਆਂ ਅੱਗੇ ਨਹੀਂ ਝੁਕਣਗੇ, ਵੱਖ-ਵੱਖ ਪਾਰਟੀਆਂ ਛੱਡ ਕੇ ਆਮ ਆਦਮੀ ਵਿੱਚ ਸ਼ਾਮਿਲ ਹੋਣਾ ਸਾਬਤ ਕਰਦਾ ਹੈ ਕਿ ਜਨਤਾ "ਆਪ" ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਅਤੇ ਸੰਤੁਸ਼ਟ ਹੈ, ਆਦਮੀ ਪਾਰਟੀ ਜਿਥੇ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਦੀ ਗੱਲ ਕਰਦੀ ਹੈ ਉੱਥੇ ਹੀ ਵਿਰੋਧੀ ਪਾਰਟੀਆਂ ਕੋਲ "ਆਪ" ਨੂੰ ਕੋਸਣ ਤੋਂ ਸਿਵਾਏ ਕੋਈ ਗੱਲ ਨਹੀਂ, ਹਰ ਵਰਗ ਲਈ 600 ਯੂਨਿਟ ਬਿਜਲੀ ਮਾਫ ਕਰਨਾ, 60,000 ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦੇਣਾ, ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ, ਸੂਬੇ ਨੂੰ ਭਰਿਸ਼ਟਾਚਾਰ ਅਤੇ ਨਸ਼ਾ ਮੁਕਤ ਕਰਨਾ, ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਤੋਂ ਇਲਾਵਾ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣਾ ਆਮ ਆਦਮੀ ਪਾਰਟੀ ਦੇ ਇਤਿਹਾਸਿਕ ਕੰਮ ਹਨ, ਜਿਸ ਨੂੰ ਇਤਿਹਾਸ ਦੇ ਸੁਨਹਿਰੇ ਪੰਨਿਆਂ ਤੇ ਲਿਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਲੋਕਾਂ ਦੀ ਪਹਿਲੀ ਪਸੰਦ ਬਣ ਚੁੱਕੇ ਹਨ,ਦੂਜੇ ਪਾਸੇ ਆਪਣੇ ਸਮਰਥਕਾਂ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਵਿਅਕਤੀਆਂ ਭੋਲਾ ਸਿੰਘ, ਜੀਤ ਸਿੰਘ, ਜਸਵੀਰ ਸਿੰਘ, ਕੁਲਵਿੰਦਰ ਕੌਰ, ਗੁਰਮੀਤ ਕੌਰ, ਸੁਨੀਤਾ ਕੌਰ, ਸੱਤੂ ਸਿੰਘ, ਮੇਲੂ ਸਿੰਘ, ਜੈਲੋ ਕੌਰ ,ਪਰਮਜੀਤ ਸਿੰਘ, ਸੁਰਜੀਤ ਸਿੰਘ, ਜੰਟੀ ਸਿੰਘ, ਪਿਆਰਾ ਸਿੰਘ, ਅਮਰੀਕ ਸਿੰਘ, ਕੁਲਦੀਪ ਸਿੰਘ, ਰਣਧੀਰ ਸਿੰਘ, ਪਾਲਾ ਸਿੰਘ, ਜਸਪਾਲ ਕੌਰ, ਆਤਮਾ ਸਿੰਘ, ਵੀਰ ਚੰਦ ਸਿੰਘ ਤੇ ਹੋਰਨਾਂ ਨੇ ਕਿਹਾ ਕਿ ਉਹ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਲਹਿਰੇ ਹਲਕੇ ਲਈ ਕੀਤੇ ਜਾ ਰਹੇ ਵਿਕਾਸ ਕੰਮਾਂ ਤੇ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਅਤੇ ਸੰਤੁਸ਼ਟ ਹਨ। 2027 ਦੀਆਂ ਚੋਣਾਂ ਲਈ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਇਸ ਮੌਕੇ ਮੰਤਰੀ ਗੋਇਲ ਦੇ ਓਐਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਲੰਟੀਅਰ ਹਾਜ਼ਰ ਸਨ।

ਵਿਧਾਇਕ ਬਲਕਾਰ ਸਿੱਧੂ ਨੇ 5 ਨਗਰ ਪੰਚਾਇਤਾਂ ਦੇ 61 ਉਮੀਦਵਾਰਾਂ ਦੇ ਕਾਗਜ਼ ਦਾਖ਼ਲ ਕਰਵਾਏ

ਭਗਤਾ ਭਾਈ ਕਾ, 16 ਮਈ (ਸਵਰਨ ਸਿੰਘ ਭਗਤਾ): ਵਿਧਾਇਕ ਬਲਕਾਰ ਸਿੱਧੂ ਦੀ ਅਗਵਾਈ ਹੇਠ ਮਹਿਰਾਜ, ਕੋਠਾਗੁਰੂ, ਮਲੂਕਾ, ਭਾਈਰੂਪਾ ਤੇ ਭਗਤਾ ਭਾਈ ਕਾ ਦੀਆਂ ਨਗਰ ਪੰਚਾਇਤਾਂ 'ਚ ਕੁੱਲ 61 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ। ਇਸ ਮੌਕੇ ਹਲਕਾ ਰਾਮਪੁਰਾ ਫੂਲ ਵਿੱਚ ਲੋਕਤੰਤਰਿਕ ਮਾਹੌਲ, ਅਮਨ-ਸਾਂਤੀ ਤੇ ਭਾਈਚਾਰੇ ਦੀ ਸੁੰਦਰ ਮਿਸਾਲ ਵੇਖਣ ਨੂੰ ਮਿਲੀ। ਜਿਕਰਯੋਗ ਹੈ ਕਿ ਇਨ੍ਹਾਂ 5 ਨਗਰ ਪੰਚਾਇਤਾਂ ਵਿੱਚ ਪਿਛਲੇ ਸਮੇਂ ਦੌਰਾਨ ਹੋਏ ਵਿਕਾਸ ਕਾਰਜਾਂ ਨੂੰ ਲੋਕਾਂ ਵੱਲੋਂ ਖੁੱਲ੍ਹ ਕੇ ਸਲਾਹਿਆ ਗਿਆ। ਸ਼ਹਿਰਾਂ ਤੇ ਕਸਬਿਆਂ 'ਚ ਸੜਕਾਂ, ਗਲੀਆਂ, ਸੀਵਰੇਜ ਪ੍ਰਬੰਧ, ਸਟਰੀਟ ਲਾਈਟਾਂ, ਸਫਾਈ ਪ੍ਰਬੰਧ ਤੇ ਲੋਕ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਕੰਮਾਂ ਨੇ ਲੋਕਾਂ ਦਾ ਵਿਸ਼ਵਾਸ ਜਿੱਤਿਆ ਹੈ। ਲੋਕਾਂ ਨੇ ਕਿਹਾ ਕਿ ਵਿਧਾਇਕ ਬਲਕਾਰ ਸਿੱਧੂ ਨੇ ਹਰ ਇਲਾਕੇ ਦੇ ਵਿਕਾਸ ਨੂੰ ਪਹਿਲ ਦੇ ਕੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਲਗਾਤਾਰ ਯਤਨ ਕੀਤੇ ਹਨ। ਇਸ ਮੌਕੇ ਵਿਰੋਧੀ ਧਿਰਾਂ ਦੇ ਉਮੀਦਵਾਰ ਵੀ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਦੇ ਸਮੇਂ ਵਿਧਾਇਕ ਬਲਕਾਰ ਸਿੱਧੂ ਤੇ ਮਾਨ ਸਰਕਾਰ ਦੀ ਤਾਰੀਫ ਕਰਦੇ ਵੇਖੇ ਗਏ ਕਿ ਪਹਿਲੀ ਵਾਰ ਨਗਰ ਪੰਚਾਇਤ ਚੋਣਾਂ ਵਿੱਚ ਅਮਨ ਸਾਂਤੀ ਨਾਲ ਕਾਗਜ਼ ਭਰਵਾਏ ਗਏ ਤੇ ਕਿਸੇ ਪ੍ਰਕਾਰ ਦੇ ਸਰਟੀਫਿਕੇਟ ਲੈਣ ਵਿੱਚ ਕੋਈ ਦਿੱਕਤ ਨਹੀਂ ਆਈ। ਲੋਕਾਂ ਵਿੱਚ ਇਹ ਵੀ ਚਰਚਾ ਰਹੀ ਕਿ ਵਿਧਾਇਕ ਬਲਕਾਰ ਸਿੱਧੂ ਆਪਣੀ ਨਰਮ ਦਿਲੀ, ਨਿੱਘੇ ਸੁਭਾਅ ਤੇ ਹਰ ਵਰਗ ਨਾਲ ਪਿਆਰ ਭਰੇ ਵਤੀਰੇ ਕਰਕੇ ਇਲਾਕੇ ਦੇ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ ਬੈਠੇ ਹਨ। ਆਮ ਲੋਕਾਂ ਲਈ ਹਮੇਸ਼ਾ ਉਪਲਬਧ ਰਹਿਣਾ ਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਆਪਣੀ ਸਮੱਸਿਆ ਸਮਝ ਕੇ ਹੱਲ ਕਰਨਾ ਉਨ੍ਹਾਂ ਦੀ ਵੱਖਰੀ ਪਹਿਚਾਣ ਬਣ ਚੁੱਕੀ ਹੈ। ਵਿਧਾਇਕ ਬਲਕਾਰ ਸਿੱਧੂ ਨੇ ਇਸ ਮੌਕੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਗਰ ਪੰਚਾਇਤ ਚੋਣਾਂ ਵਿੱਚ ਵਿਕਾਸ, ਇਮਾਨਦਾਰੀ ਤੇ ਲੋਕ ਭਲਾਈ ਦੇ ਨਾਮ 'ਤੇ ਵੋਟ ਪਾਈ ਜਾਵੇ ਤਾਂ ਜੋ ਇਲਾਕੇ ਦੀ ਤਰੱਕੀ ਦੀ ਰਫ਼ਤਾਰ ਹੋਰ ਤੇਜ਼ ਹੋ ਸਕੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਲਹਿਰ ਜਾਰੀ ਰਹੇਗੀ।ਇਸ ਮੌਕੇ ਚੇਅਰਮੈਨ ਦਰਸ਼ਨ ਸੋਹੀ, ਚੇਅਰਮੈਨ ਬੇਅੰਤ ਸਿੰਘ ਧਾਲੀਵਾਲ,ਰਾਜਦੀਪ ਸਿੰਘ ਰੌਬੀ ਬਰਾੜ, ਸ਼ੇਰ ਬਹਾਦਰ ਧਾਲੀਵਾਲ ਪ੍ਰਧਾਨ ਟਰੱਕ ਯੂਨੀਅਨ, ਬਲਵਿੰਦਰ ਸਿੰਘ ਲੱਖਾ ਸਰਪੰਚ ਤੇ ਨਗਰ ਪੰਚਾਇਤਾਂ ਦੇ ਉਮੀਦਵਾਰ ਹਾਜਰ ਸਨ।

ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਚੋਣ ਪ੍ਰਚਾਰ 'ਚ ਫੂਕੀ ਜਾਨ, ਮੀਟਿੰਗਾਂ ਦਾ ਦੌਰ ਜਾਰੀ

ਧੂਰੀ, 16 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ): ਸਥਾਨਕ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਮੁਹਿੰਮ ਨੂੰ ਪ੍ਰਚੰਡ ਕਰਦਿਆਂ ਤਾਬੜਤੋੜ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ 'ਆਪ' ਉਮੀਦਵਾਰ ਇਤਿਹਾਸਕ ਅਤੇ ਵੱਡੇ ਪੱਧਰ 'ਤੇ ਜਿੱਤ ਦਰਜ ਕਰਨਗੇ, ਕਿਉਂਕਿ ਜਨਤਾ ਵਿਕਾਸ ਦੀ ਰਾਜਨੀਤੀ ਦੇ ਨਾਲ ਖੜ੍ਹੀ ਹੈ। ਸ਼ਹਿਰ ਦੇ ਦਸਮੇਸ਼ ਨਗਰ ਵਿਖੇ ਆਯੋਜਿਤ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਕੀਤਾ ਹਰ ਇੱਕ ਵਾਅਦਾ ਪੂਰਾ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਧੂਰੀ ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਹੋਰ ਦੁੱਗਣੀ ਰਫ਼ਤਾਰ ਦੇਣ ਲਈ ਨਗਰ ਕੌਂਸਲ ਚੋਣਾਂ ਵਿੱਚ 'ਆਪ' ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਕੌਂਸਲ ਹਾਊਸ ਵਿੱਚ ਭੇਜਿਆ ਜਾਵੇ ਤਾਂ ਜੋ ਗ੍ਰਾਂਟਾਂ ਦੀ ਕੋਈ ਕਮੀ ਨਾ ਰਹੇ।

ਇਸ ਚੋਣ ਪ੍ਰਚਾਰ ਦੌਰਾਨ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਸਫ਼ਲਤਾ ਅਤੇ ਮਜ਼ਬੂਤੀ ਮਿਲੀ, ਜਦੋਂ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਦੀ ਪ੍ਰੇਰਣਾ ਸਦਕਾ ਮੁਸਲਿਮ ਭਾਈਚਾਰੇ ਨੇ ਇੱਕਜੁੱਟਤਾ ਦਾ ਸਬੂਤ ਦਿੱਤਾ। ਭਾਈਚਾਰੇ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਨੇ ਚੋਣਾਂ ਵਿੱਚ 'ਆਪ' ਉਮੀਦਵਾਰਾਂ ਦੀ ਡਟਵੀਂ ਮੱਦਦ ਕਰਨ ਅਤੇ ਉਨ੍ਹਾਂ ਦੇ ਹੱਕ ਵਿੱਚ ਭੁਗਤਣ ਦਾ ਰਸਮੀ ਐਲਾਨ ਕੀਤਾ। ਇਸ ਫੈਸਲੇ ਨਾਲ ਵਿਰੋਧੀ ਖੇਮਿਆਂ ਵਿੱਚ ਹਲਚਲ ਮਚ ਗਈ ਹੈ ਤੇ 'ਆਪ' ਦਾ ਪਲੜਾ ਬੇਹੱਦ ਭਾਰੀ ਨਜ਼ਰ ਆ ਰਿਹਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੇ ਕਾਗਜ਼ ਭਰੇ

ਭਗਤਾ ਭਾਈ ਕਾ, 16 ਮਈ (ਸਵਰਨ ਸਿੰਘ ਭਗਤਾ): ਪੰਜਾਬ ਰਾਜ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਹੇਠ 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਨੂੰ ਲੈਕੇ ਵੱਖ ਵੱਖ ਪਾਰਟੀਆਂ ਵੱਲੋਂ ਕਮਰਕੱਸ ਲਈ ਗਈ ਹੈ ਜਿਸ ਦੇ ਤਹਿਤ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਨਗਰ ਭਗਤਾ ਭਾਈ ਕਾ ਦੀ ਨਗਰ ਪੰਚਾਇਤ ਦੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੇ ਭਗਤਾ ਭਾਈ ਦੇ ਵੱਖ ਵੱਖ ਵਾਰਡਾਂ ਤੋਂ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਵਿੱਚ ਕਾਗਜ਼ ਦਾਖਲ ਕੀਤੇ ਗਏ। ਜਾਣਕਾਰੀ ਅਨੁਸਾਰ ਵਾਰਡ ਨੰਬਰ 1 ਤੋਂ ਅਮਨਦੀਪ ਕੌਰ, ਵਾਰਡ ਨੰਬਰ 5 ਤੋਂ ਮਨਜੀਤ ਕੌਰ, ਵਾਰਡ ਨੰਬਰ 7 ਤੋਂ ਚਰਨਜੀਤ ਕੌਰ, ਵਾਰਡ ਨੰਬਰ 9 ਤੋਂ ਗੀਤਾ ਰਾਣੀ ਗਰਗ , ਵਾਰਡ ਨੰਬਰ 11 ਤੋਂ ਚੈਰੀ ਬਾਲਾ ਤੇ ਵਾਰਡ ਨੰ. 13 ਤੋਂ ਮਨਜੀਤ ਸਿੰਘ ਧੰਨਾ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ।

ਇਸ ਮੌਕੇ ਰਾਕੇਸ਼ ਕੁਮਾਰ ਗੋਇਲ ਸਾਬਕਾ ਪ੍ਰਧਾਨ ਨਗਰ ਪੰਚਾਇਤ, ਗਗਨਦੀਪ ਸਿੰਘ ਗਰੇਵਾਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ, ਸਤਵਿੰਦਰਪਾਲ ਸਿੰਘ ਪਿੰਦਰ ਪ੍ਰਧਾਨ, ਸੁਖਜਿੰਦਰ ਸਿੰਘ ਖਾਨਦਾਨ, ਬਿੱਟੂ ਖਾਨਦਾਨ, ਗੁਰਚਰਨ ਸਿੰਘ ਪੂਰੀ, ਜਗਮੋਹਨ ਲਾਲ ਕੌਂਸਲਰ, ਸੁਖਜਿੰਦਰ ਸਿੰਘ ਖਹਿਰਾ, ਮਿਸਤਰੀ ਸੁਖਮੰਦਰ ਸਿੰਘ ਅਕਾਲ ਵਾਲੇ, ਮਿਸਤਰੀ ਬਲਵੀਰ ਸਿੰਘ ਸੁਪਰ ਡੀਲਕਸ ਵਾਲੇ, ਵਿੱਕੀ ਸਿੰਘ, ਬਾਦਲ ਸਿੰਘ, ਮਾਸਟਰ ਜਰਨੈਲ ਸਿੰਘ ਭੋਡੀਪੁਰਾ ਅਦਿ ਸਮੇਤ ਹੋਰ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

ਕੈਬਨਿਟ ਮੰਤਰੀ ਗੋਇਲ ਵੱਲੋਂ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀ ਦਾ ਸਨਮਾਨ

ਲਹਿਰਾਗਾਗਾ, 16 ਮਈ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਪੰਜਾਬ ਅੰਦਰ "ਆਪ" ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਲਿਆਂਦੇ ਗਏ ਕ੍ਰਾਂਤੀਕਾਰੀ ਬਦਲਾਅ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ, ਸਿਹਤ ਕ੍ਰਾਂਤੀ ਦੇ ਤਹਿਤ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦਾ ਭਵਿੱਖ ਉਜਵਲ ਹੋ ਰਿਹੈ ਤੇ ਹਰ ਖੇਤਰ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਮੱਲਾਂ ਮਾਰ ਰਹੇ ਹਨ ।ਇਸ ਗੱਲ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਨਗਰ ਕੌਂਸਲ ਪ੍ਰਧਾਨ ਤੇ ਮਹਿਲਾ ਅਗਰਵਾਲ ਸਭਾ ਦੇ ਸੂਬਾ ਪ੍ਰਧਾਨ ਕਾਂਤਾ ਗੋਇਲ ਦੇ ਨਾਲ+2 (ਸ਼ੁੱਕਰਵਾਰ ਸੈਕੰਡਰੀ) ਦੇ ਘੋਸ਼ਤ ਨਤੀਜੇ ਵਿੱਚੋਂ ਲਹਿਰਾ ਹਲਕੇ ਦੇ ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਲਕਲਾਂ ਦੀਆਂ ਵਿਦਿਆਰਥਣਾਂ ਗੁਰਮੀਤ ਕੌਰ ਪੁੱਤਰੀ ਬੀਰਬਲ ਸਿੰਘ ਲਹਿਲਕਲਾਂ, ਅੰਜਲੀ ਕੌਰ ਪੁੱਤਰੀ ਨਿਰਮਲ ਸਿੰਘ ਦੇਹਲਾਸੀਹਾਂ ਅਮਨਦੀਪ ਕੌਰ ਪੁੱਤਰੀ ਦਲਬਾਰਾ ਸਿੰਘ ਜਿਨਾਂ ਨੇ ਕਰਮਵਾਰ ਪੰਜਾਬ 'ਚੋਂ ਨੌਵਾਂ ਜ਼ਿਲ੍ਹਾ ਸੰਗਰੂਰ ਵਿੱਚੋਂ ਪਹਿਲਾ, ਪੰਜਾਬ ਵਿੱਚੋਂ13ਵਾਂ ਜ਼ਿਲ੍ਹਾ ਸੰਗਰੂਰ ਵਿੱਚੋਂ ਚੌਥਾ, ਸੂਬਾ ਪੱਧਰ ਤੇ 13ਵਾਂ ਤੇ ਜ਼ਿਲ੍ਹਾ ਸੰਗਰੂਰ 'ਚੋਂ ਪੰਜਵਾਂ ਸਥਾਨਾਂ ਹਾਸਿਲ ਕੀਤਾ ਹੈ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਨ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੇਰੇ ਲਈ ਮਾਨ ਦੀ ਗੱਲ ਹੈ ਕਿ ਮੇਰੇ ਹਲਕੇ ਦੇ ਪਿੰਡ ਲਹਿਲਕਲਾਂ ਦੇ ਸਰਕਾਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸੂਬਾ ਪੱਧਰ ਤੇ ਮੈਰਿਟ ਵਿੱਚ ਸਥਾਨ ਹਾਸਿ

ਜ਼ਿਲ੍ਹਾ ਤਰਨ ਤਾਰਨ 'ਚ ਜੁਗਾੜੂ ਵਾਹਨਾਂ 'ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ

ਚੋਹਲਾ ਸਾਹਿਬ , 16 ਮਈ : (ਭਗਤ ਸਿੰਘ ਸੰਧੂ) : ਜ਼ਿਲ੍ਹਾ ਮੈਜਿਸਟਰੇਟ, ਤਰਨ ਤਾਰਨ ਸ੍ਰੀ ਰਾਹੁਲ ਨੇ ਜਨਤਕ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਤਰਨ ਤਾਰਨ ਦੀ ਹਦੂਦ ਅੰਦਰ ਕਿਸੇ ਵਹੀਕਲ ਦੇ ਮੂਲ ਰੂਪ ਵਿਚ ਤਬਦੀਲੀ, ਸੋਧ, ਨਿਰਮਾਣ ਕਰਨ ਅਤੇ ਅਜਿਹੇ ਗੈਰ-ਵਰਗੀਕ੍ਰਿਤ ਅਤੇ ਗੈਰ-ਕਾਨੂੰਨੀ ਤੌਰ 'ਤੇ ਸੋਧੇ ਵਾਹਨ (ਮੋਡੀਫਾਈਡ ਵਾਹਨ) ਨੂੰ ਤਰਨ ਤਾਰਨ ਦੀਆਂ ਸੜਕਾਂ/ਜਨਤਕ ਥਾਵਾਂ 'ਤੇ ਚਲਾਉਣ ਦੀ ਮੁਕੰਮਲ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸੈਕਟਰੀ, ਟਰਾਂਸਪੋਰਟ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਪੱਤਰ ਅਨੁਸਾਰ ਰਾਜ ਵਿੱਚ ਗੈਰ-ਵਰਗੀਕ੍ਰਿਤ ਅਤੇ ਗੈਰ-ਕਾਨੂੰਨੀ ਤੌਰ ਤੇ ਸੋਧੇ ਹੋਏ ਵਾਹਨ, ਜਿਵੇਂ ਕਿ ਜੁਗਾੜੂ ਰੇਹੜੀਆਂ/ਪੀਟਰ ਰੇਹੜੀਆਂ ਆਦਿ, ਜਨਤਕ ਸੜਕਾਂ ਉੱਤੇ ਚੱਲ ਰਹੇ ਹਨ, ਜੋ ਮੋਟਰ ਵਾਹਨ ਐਕਟ, 1988 ਅਤੇ ਸੜਕ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਹੈ। ਇਸ ਸਬੰਧੀ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਅਨੁਸਾਰ ਅਜਿਹੇ ਵਾਹਨਾਂ ਨੂੰ ਸੜਕਾਂ/ਜਨਤਕ ਥਾਵਾਂ ਤੇ ਚਲਾਉਣ ਦੀ ਮਨਾਹੀ ਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ।ਇਸੇ ਤਰ੍ਹਾਂ ਸੀਨੀਅਰ ਪੁਲਿਸ ਕਪਤਾਨ, ਤਰਨ ਤਾਰਨ ਵੱਲੋਂ ਵੀ ਪੱਤਰ ਪ੍ਰਾਪਤ ਹੋਇਆ ਹੈ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਕੁਝ ਥਾਵਾਂ ਤੇ ਗੈਰਕਾਨੂੰਨੀ ਤਰੀਕੇ ਨਾਲ ਮੋਡੀਫਾਈ ਕੀਤੇ ਗਏ ਵਾਹਨਾਂ ਦੀ ਗਿਣਤੀ ਵਿੱਚ ਦਿਨੋ-ਦਿਨ ਵਾਧਾ ਹੋ ਰਿਹਾ ਹੈ, ਜਿਸ ਨਾਲ ਜਨਤਕ ਸੁਰੱਖਿਆ, ਟ੍ਰੈਫਿਕ ਸਮੱਸਿਆ ਸਮੇਤ ਰੋਡ ਐਕਸੀਡੈਂਟ ਵੱਧ ਗਏ ਹਨ। ਇਸ ਲਈ ਉਨ੍ਹਾਂ ਵੱਲੋਂ ਅਜਿਹੇ ਵਹੀਕਲਾਂ ਨੂੰ ਮੋਡੀਫਾਈਡ/ਨਿਰਮਾਣ ਕਰਨ ਤੇ ਰੋਕ ਲਗਾਉਣ ਲਈ ਬੇਨਤੀ ਕੀਤੀ ਗਈ ਹੈ। ਇਹ ਹੁਕਮ ਮਿਤੀ ਮਿਤੀ 14-07-2026 ਤੱਕ ਲਾਗੂ ਰਹਿਣਗੇ।

ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਵਿਸ਼ਾਲ ਸ਼ੈਡ ਦੀ ਉਸਾਰੀ ਆਰੰਭ

ਸੰਗਤ ਲਈ ਸੁਵਿਧਾਜਨਿਕ ਹੋਵੇਗਾ ਅਤਿ ਆਧੁਨਿਕ ਵਿਸ਼ਾਲ ਸ਼ੈਡ : ਮੈਨੇਜਰ ਧਰਵਿੰਦਰ ਸਿੰਘ

ਅਮ੍ਰਿਤਸਰ, 16 ਮਈ (ਬਬਲੂ ਮਹਾਜਨ) : ਸਿੱਖ ਪੰਥ ਦੇ ਮਹਾਨ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠਠਾ ਵਿਖੇ ਸੰਸਾਰ ਭਰ ਤੋਂ ਨਤਮਸਤਕ ਹੋਣ ਆਉਣ ਵਾਲੀਆਂ ਸੰਗਤਾਂ ਦੀ ਸੇਵਾ ਤੇ ਸੁਵਿਧਾ ਨੂੰ ਮੁੱਖ ਰੱਖਦਿਆਂ ਚਰਨ ਕੁੰਡ ਤੋਂ ਗੁਰਦੁਆਰਾ ਸਾਹਿਬ ਤੱਕ ਅਤਿ ਆਧੁਨਿਕ ਵਿਸ਼ਾਲ ਸ਼ੈਡ ਦੀ ਉਸਾਰੀ ਦੀ ਸੇਵਾ ਅੱਜ ਅਰਦਾਸ ਉਪਰੰਤ ਆਰੰਭ ਕੀਤੀ ਗਈ। ਇਹ ਅਹਿਮ ਸੇਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ, ਜਿਸ ਨੂੰ ਅੱਜ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਬੜੀ ਸ਼ਰਧਾ, ਨਿਮਰਤਾ ਅਤੇ ਗੁਰਮਤਿ ਭਾਵਨਾ ਨਾਲ ਅਰਦਾਸ ਉਪਰੰਤ ਨਾਲ ਆਰੰਭ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਧਰਵਿੰਦਰ ਸਿੰਘ , ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ,ਬਾਬਾ ਅਵਤਾਰ ਸਿੰਘ ਜੀ ਧੱਤਲ, ਬਾਬਾ ਸੋਹਨ ਸਿੰਘ ,ਬਾਬਾ ਹਰਬੰਸ ਸਿੰਘ ਤਰਨ ਤਾਰਨ , ਸਰਪੰਚ ਸ ਜਰਨੈਲ ਸਿੰਘ ਪੰਡੋਰੀ ਤਖਤੂ ਮਲ ਵੀ ਮੌਜੂਦ ਸਨ। ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਨੇ ਪੱਤਰਕਾਰਾਂ

ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਸੁੰਦਰ ਸ਼ੈਡ ਜਿੱਥੇ ਗੁਰਦੁਆਰਾ ਸਾਹਿਬ ਦੀ ਆਭਾ ਨੂੰ ਵਧਾਏਗਾ ਓਥੇ ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਲਈ ਪਹੁੰਚਦੀ ਸੰਗਤ ਲਈ ਗਰਮੀ, ਬਰਸਾਤ ਜਾਂ ਹੋਰ ਮੌਸਮੀ ਪ੍ਰਭਾਵਾਂ ਤੋਂ ਬਚਾਅ ਲਈ ਇਹ ਵਿਸ਼ਾਲ ਸ਼ੈਡ ਸੰਗਤ ਲਈ ਵੱਡੀ ਸੁਵਿਧਾ ਸਾਬਤ ਹੋਵੇਗਾ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵਲੋਂ ਦਰਸਾਏ ਸੇਵਾ, ਸਿਮਰਨ ਅਤੇ ਵੰਡ ਛਕਣ ਦੇ ਮਾਰਗ 'ਤੇ ਚੱਲਦਿਆਂ ਸੰਪਰਦਾਇ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਕਾਰ ਸੇਵਾ ਰਾਹੀਂ ਗੁਰੂ ਘਰਾਂ ਦੀ ਸੰਭਾਲ ਅਤੇ ਸੁੰਦਰਤਾ ਲਈ ਨਿਰੰਤਰ ਸੇਵਾਵਾਂ ਜਾਰੀ ਹਨ। ਉਹਨਾਂ ਕਿਹਾ ਕਿ ਗੁਰੂ ਘਰ ਵਿੱਚ ਹੋ ਰਹੀਆਂ ਅਜਿਹੀਆਂ ਸੇਵਾਵਾਂ ਨਾਲ ਨਾ ਸਿਰਫ਼ ਧਾਰਮਿਕ ਅਸਥਾਨਾਂ ਦੀ ਸੁੰਦਰਤਾ ਵਿੱਚ ਵਾਧਾ ਹੁੰਦਾ ਹੈ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਗੁਰੂ ਘਰ ਨਾਲ ਜੋੜਨ ਦੀ ਪ੍ਰੇਰਣਾ ਮਿਲਦੀ ਹੈ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ ਧਰਵਿੰਦਰ ਸਿੰਘ ਨੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ , ਬਾਬਾ ਸੁਖਵਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਜੀ ਵੱਲੋਂ ਪਹਿਲਾਂ ਵੀ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠਠਾ ਵਿਖੇ ਵਿਖੇ ਲੰਗਰ ਹਾਲ ਦਾ ਨਵੀਨੀਕਰਨ, ਰਸਦਾਂ ਦੇ ਗੁਦਾਮ ਅਤੇ ਪਰਿਕਰਮਾ ਵਿੱਚ ਮਾਰਬਲ ਦੀ ਸੇਵਾ ਦੇਵੀ ਕਾਰਜ ਚੱਲ ਰਹੇ ਹਨ ਅਤੇ ਅੱਜ ਸ਼ੈਡ ਦੀ ਸ਼ੁਰੂ ਕੀਤੀ ਇਹ ਸੇਵਾ ਦਾ ਕਾਰਜ ਸੰਗਤ ਲਈ ਬਹੁਤ ਸੁਵਿਧਾ ਜਨਕ ਹੋਏਗਾ। ਉਹਨਾਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਮਹਾਂਪੁਰਸ਼ਾਂ ਨੂੰ ਸੇਵਾ ਦੇ ਕਾਰਜਾਂ ਵਿੱਚ ਸਹਿਯੋਗ ਕਰਨ।ਇਸ ਮੌਕੇ ਬਾਬਾ, ਅਵਤਾਰ ਸਿੰਘ, ਬਾਬਾ,ਰਤਨ ਸਿੰਘ, ਬਾਬਾ ਨਾਜਰ ਸਿੰਘ, ਬਾਬਾ ਪਰਮਜੀਤ ਸਿੰਘ ਪੰਮਾ,ਬਾਬਾ ਹੀਰਾ ਸਿੰਘ, ਬਾਬਾ ਕਰਨ ਸਿੰਘ, ਬਾਬਾ ਪ੍ਰਤਾਪ ਸਿੰਘ , ਬਾਬਾ ਪ੍ਰਦੀਪ ਸਿੰਘ ਪਲਾਹ ਸਾਹਿਬ,ਬਾਬਾ ਸਰਵਣ ਸਿੰਘ ,ਬਾਬਾ ਕਾਬਲ ਸਿੰਘ , ਬਾਬਾ ਯਾਦਵਿੰਦਰ ਸਿੰਘ, ਬਾਬਾ ਨਿਰਮਲ ਸਿੰਘ , ਬਾਬਾ ਗੁਰਭੇਜ ਸਿੰਘ, ਬਾਬਾ ਸੇਵਾ ਸਿੰਘ, ਬਾਬਾ ਨਰਿੰਦਰ ਸਿੰਘ, ਬਾਬਾ ਮਹੰਤ ਜੀ , ਬਾਬਾ ਗੁਰਜੰਟ ਸਿੰਘ ਤੇ ਸੁਖਬੀਰ ਸਿੰਘ ਮਾਹਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ

ਜ਼ਿਲ੍ਹਾ ਅੰਮ੍ਰਿਤਸਰ ਦੀਆਂ ਤਿੰਨ ਨਗਰ ਕੌਂਸਲਾਂ ਅਤੇ ਦੋ ਨਗਰ ਪੰਚਾਇਤਾਂ ਲਈ 159 ਨਾਮਜ਼ਦਗੀਆਂ ਦਾਖਲ

ਅੰਮ੍ਰਿਤਸਰ, 16 ਮਈ (ਗੁਰਦਿਆਲ ਸਿੰਘ) : ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਤਿੰਨ ਨਗਰ ਕੌਂਸਲਾਂ ਜੰਡਿਆਲਾ ਗੁਰੂ ਬਾਬਾ ਬਕਾਲਾ ਰਮਦਾਸ ਅਤੇ ਦੋ ਨਗਰ ਪੰਚਾਇਤਾਂ ਰਈਆ ਅਤੇ ਅਜਨਾਲਾ ਵਿੱਚ ਹੋਣ ਵਾਲੀਆਂ ਸਥਾਨਕ ਸਰਕਾਰਾਂ ਦੀਆਂ ਚੋਣਾਂ ਸਬੰਧੀ ਅੱਜ ਵੱਖ-ਵੱਖ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਹਨ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਮਜੀਠਾ ਵਿੱਚ 40, ਨਗਰ ਕੌਂਸਲ ਜੰਡਿਆਲਾ ਗੁਰੂ ਵਿੱਚ 30 ਅਤੇ ਨਗਰ ਕੌਂਸਲ ਰਮਦਾਸ ਵਿੱਚ 20 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ।ਇਸ ਤੋਂ ਇਲਾਵਾ ਨਗਰ ਪੰਚਾਇਤ ਰਈਆ ਵਿੱਚ 20 ਅਤੇ ਨਗਰ ਪੰਚਾਇਤ ਅਜਨਾਲਾ ਵਿੱਚ 49 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਭਲਕੇ 16 ਮਈ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਆਖਰੀ ਦਿਨ ਹੈ।ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਾਰੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ।

ਭਗਵਾਨ ਮਹਾਵੀਰ ਸਕੂਲ ਬੰਗਾ ਦੇ ਵਿਦਿਆਰਥੀਆਂ ਨੇ ਟਾਪ ਕਰ ਕੇ ਵਧਾਇਆ ਸਕੂਲ ਦਾ ਮਾਣ

ਬੰਗਾ,16 ਮਈ (ਪ੍ਰਭਜੋਤ ਸਿੰਘ) : ਭਗਵਾਨ ਮਹਾਵੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੰਗਾ ਨੇ ਸੈਸ਼ਨ 2025-26 ਦੀਆਂ ਸੀ.ਬੀ.ਐੱਸ.ਈ. ਬਾਰ੍ਹਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਇੱਕ ਵਾਰ ਫਿਰ ਆਪਣੀ ਅਕਾਦਮਿਕ ਉੱਤਮਤਾ ਦਾ ਲੋਹਾ ਮਨਵਾਇਆ ਹੈ। ਸਕੂਲ ਦੇ ਵੱਖ-ਵੱਖ ਵਿਸ਼ਿਆਂ (ਸਟ੍ਰੀਮਜ਼) ਦੇ ਟਾਪਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ ਆਪਣੀ ਮਿਹਨਤ ਸਦਕਾ ਸ਼ਾਨਦਾਰ ਅੰਕ ਹਾਸਲ ਕੀਤੇ ਹਨ। ਕਾਮਰਸ ਸਟ੍ਰੀਮ ਅਗਸ਼ਿਤਾ ਨੇ 97.2% ਅੰਕਾਂ ਨਾਲ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਸਾਇੰਸ ਸਟ੍ਰੀਮ ਖੁਸ਼ੀ ਨੇ 94.8%ਅੰਕ ਪ੍ਰਾਪਤ ਕਰਕੇ ਸਾਇੰਸ ਵਿੰਗ ਵਿੱਚੋਂ ਟਾਪ ਕੀਤਾ।ਹਿਊਮੈਨਿਟੀਜ਼ (ਆਰਟਸ) ਸਟ੍ਰੀਮ ਤਰੁਣ ਨੇ 90.2% ਅੰਕਾਂ ਨਾਲ ਹਿਊਮੈਨਿਟੀਜ਼ ਵਿਭਾਗ ਵਿੱਚੋਂ ਮੋਹਰੀ ਸਥਾਨ ਪ੍ਰਾਪਤ ਕੀਤਾ।ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਵੱਲੋਂ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਹਾਰਦਿਕ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਕਿਹਾ ਕਿ ਇਹ ਨਤੀਜੇ ਸਕੂਲ ਵੱਲੋਂ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹਨ।ਸਾਡੇ ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ

ਸਕੂਲ 'ਚ ਨਵੇਂ ਆਉਣ ਵਾਲੇ ਵਿਦਿਆਰਥੀਆਂ ਲਈ ਫ਼ੀਸ ਵਿੱਚ 10 ਪ੍ਰਤੀਸ਼ਤ ਛੋਟ ਹੋਵੇਗੀ : ਡਾ. ਹਰਮਨਦੀਪ ਸਿੰਘ ਗਿੱਲ

ਚੋਹਲਾ ਸਾਹਿਬ, 16 ਮਈ (ਭਗਤ ਸਿੰਘ ਸੰਧੂ) :ਬੀ.ਐੱਸ.ਸੀ(ਕੰਪਿਊਟਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਗੁਰੂ ਅਰਜਨ ਦੇਵ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਚੋਹਲਾ ਸਾਹਿਬ ਵਿੱਚ ਦਾਖਲਿਆਂ ਲਈ ਭਾਰੀ ਉਤਸ਼ਾਹ ਚੱਲ ਰਿਹਾ ਹੈ।ਪ੍ਰਿੰਸੀਪਲ ਡਾ .ਹਰਮਨਦੀਪ ਸਿੰਘ ਗਿੱਲ ਨੇ ਦੱਸਿਆ ਕਿ ਅੰਮ੍ਰਿਤਧਾਰੀ ਵਿਦਿਆਰਥੀਆਂ ਲਈ 10+1 ਤੇ 10+2 ਕਲਾਸ ਵਿੱਚ 5500 ਅਤੇ ਗਰੈਜੂਏਸ਼ਨ ਕਲਾਸਾਂ ਲਈ 8500 ਅਤੇ ਮਾਸਟਰ ਕਲਾਸਾਂ ਲਈ 10500 ਵਿਸ਼ੇਸ ਰਿਆਇਤਾ ਦੇ ਰੂਪ ਦਿੱਤੇ ਜਾ ਰਹੇ ਹਨ।ਇਸ ਤੋਂ ਇਲਾਵਾਂ ਜਿਹੜੇ ਵਿਦਿਆਰਥੀਆਂ 90 ਪ੍ਰਤੀਸ਼ਤ ਤੋਂ ਉਪਰ ਅੰਕ ਹਾਸਿਲ ਕੀਤੇ ਹਨ ਉਹਨਾਂ ਦੀ ਟਿਊਸ਼ਨ ਫੀਸ ਪੂਰੀ ਤਰ੍ਹਾਂ ਫੀਸ ਮੁਆਫ ਹੋਵੇਗੀ । ਜਿਨ੍ਹਾਂ ਵਿਦਿਆਰਥੀਆਂ ਦੇ 85 ਪ੍ਰਤੀਸ਼ਤ ਅੰਕ ਹਨ ਉਹਨਾਂ ਦੀ ਟਿਊਸ਼ਨ ਫੀਸ ਦਾ 40 ਪ੍ਰਤੀਸ਼ਤ ਹਿੱਸਾ ਮੁਆਫ ਕੀਤਾ ਜਾਵੇਗਾ ਅਤੇ 80 ਪ੍ਰਤੀਸ਼ਤ ਤੋਂ ਵੱਧ ਅੰਕ ਹਾਸਿਲ ਕਰਨ ਵਾਲਿਆ ਲਈ ਟਿਊਸ਼ਨ ਫੀਸ ਦਾ 30 ਪ੍ਰਤੀਸ਼ਤ ਟਿਊਸ਼ਨ ਮੁਆਫ ਹੋ ਵੇਗੀ। ਇਸੇ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਹੋਰਨਾਂ ਸਕੂਲਾਂ ਤੋਂ ਪੜ੍ਹ ਕੇ ਆਉਣ ਵਾਲੇ ਵਿਦਿਆਰਥੀਆਂ ਲਈ 10 ਪ੍ਰਤੀਸ਼ਤ ਫੀਸ ਵਿੱਚ ਛੋਟ ਹੋਵੇਗੀ। ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਨੇ ਅੱਗੇ ਜਾਣਕਾਰੀ ਸਾਂਝੀ ਦੱਸਿਆ ਕਿ ਇਲਾਕੇ ਦੇ ਮੈਂਬਰ ਜਥੇਦਾਰ ਗੁਰਬਚਨ ਸਿੰਘ ਜੀ ਕਰਮੂੰਵਾਲ ਦੇ ਅਖਤਿਆਰੀ ਕੋਟੇ ਵਿੱਚੋਂ ਵੀ ਵਿਦਿਆਰਥੀਆਂ ਨੂੰ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ।ਇਸ ਤੋਂ ਇਲਾਵਾ ਮਾਤਾ-ਪਿਤਾ ਸਵਰਗਵਾਸ ਹੋਣ ਸੂਰਤ ਵਿੱਚ ਵਿਦਿਆਰਥੀਆਂ ਦੀ 20 ਪ੍ਰਤੀਸ਼ਤ ਫੀਸ ਮੁਆਫ ਕੀਤੀ ਜਾਵੇਗੀ। ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਨੇ ਇਹ ਜਾਣਕਾਰੀ ਵੀ ਸਾਂਝੀ ਕੀਤੀ ਕਿ ਇਹਨਾਂ ਤੋਂ ਇਲਾਵਾ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਲਈ ਵੀ ਫੀਸਾਂ ਵਿੱਚ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ।

ਬੇਅਦਬੀ ਐਕਟ ਸਬੰਧੀ ਇਤਰਾਜ਼ਾਂ ਤੋਂ ਜਾਣੂ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਸਾਹਿਬਾਨ ਬਾਹਰ ਲਗਾਏ ਫਲੈਕਸ ਬੋਰਡ

ਅੰਮ੍ਰਿਤਸਰ, 16 ਮਈ : ਗੁਰਦਿਆਲ ਸਿੰਘ :ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ (2026)' ਵਿੱਚ ਮੌਜੂਦ ਖਾਮੀਆਂ ਅਤੇ ਪੰਥਕ ਇਤਰਾਜ਼ਾਂ ਬਾਰੇ ਸੰਗਤ ਨੂੰ ਜਾਣੂ ਕਰਵਾਉਣ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਬਾਹਰ ਜਾਣਕਾਰੀ ਭਰਪੂਰ ਫਲੈਕਸ ਬੋਰਡ ਲਗਾਏ ਗਏ ਹਨ। ਇਨ੍ਹਾਂ ਬੋਰਡਾਂ ਵਿੱਚ ਸਰਕਾਰ ਵੱਲੋਂ ਬਣਾਏ ਐਕਟ ਵਿੱਚ ਕਸਟੋਡੀਅਨ ਸ਼ਬਦ ਜ਼ਰੀਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਕ ਧਿਰ, ਗ੍ਰੰਥੀ ਤੇ ਅਖੰਡਪਾਠੀ ਸਿੰਘਾਂ, ਗੁਰਦੁਆਰਾ ਕਮੇਟੀਆਂ ਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੇ ਸ਼ਰਧਾਲੂਆਂ ਨੂੰ ਬੇਅਦਬੀ ਜਾਂ ਮਰਿਯਾਦਾ ਦੀ ਉਲੰਘਣਾ ਦੇ ਮਾਮਲਿਆਂ ਵਿਚ ਜਿੰਮੇਵਾਰ ਬਣਾ ਕੇ ਸਜ਼ਾ ਤੇ ਜੁਰਮਾਨਿਆਂ ਦੇ ਘੇਰੇ ਵਿੱਚ ਲਿਆਉਣ, ਮਰਿਆਦਾ ਦੀ ਉਲੰਘਣਾ ਨੂੰ ਕਨੂੰਨੀ ਉਲੰਘਣਾ ਵਜੋਂ ਦੋਸ਼ ਦੇ ਘੇਰੇ ਵ

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ

ਗਰਮੀ ਦਾ ਕਾਲ ਹੈ ਕੱਚਾ ਅੰਬ!

ਗਰਮੀਆਂ ਦਾ ਮੌਸਮ ਸ਼ੁਰੂ ਹੁੰਦੇ ਹੀ ਬਾਜ਼ਾਰਾਂ 'ਚ ਕੱਚੇ ਅੰਬਾਂ ਦੀ ਬਹਾਰ ਆ ਜਾਂਦੀ ਹੈ। ਲੋਕ ਅਕਸਰ ਇਸ ਦੀ ਵਰਤੋਂ ਚਟਨੀ, ਅਚਾਰ ਜਾਂ ਪੰਨੇ ਦੇ ਰੂਪ 'ਚ ਕਰਦੇ ਹਨ ਕਿ ਇਹ ਖੱਟਾ-ਮਿੱਠਾ ਕੱਚਾ ਅੰਬ ਸਿਰਫ ਜੀਭ ਦਾ ਸੁਆਦ ਹੀ ਨਹੀਂ ਵਧਾਉਂਦਾ, ਸਗੋਂ ਭਿਆਨਕ ਗਰਮੀ ਵਿੱਚ ਤੁਹਾਡੇ ਸਰੀਰ ਲਈ ਇਕ ਸੁਪਰਫੂਡ ਵਜੋਂ ਵੀ ਕੰਮ ਕਰਦਾ ਹੈ ? ਕੱਚੇ ਅੰਬ 'ਚ ਵਿਟਾਮਿਨ-ਸੀ, ਏ, ਅਤੇ ਬੀ-6 ਤੋਂ ਇਲਾਵਾ ਆਇਰਨ ਅਤੇ ਮੈਗਨੀਸ਼ੀਅਮ ਵਰਗੇ ਤੱਤ ਭਰਪੂਰ ਮਾਤਰਾ 'ਚ ਹੁੰਦੇ ਹਨ।

ਚਮੜੀ ਅਤੇ ਦੰਦਾਂ ਲਈ ਫਾਇਦੇਮੰਦ : ਇਹ ਖੂਨ ਨੂੰ ਸਾਫ਼ ਕਰਨ 'ਚ ਮਦਦ ਕਰਦਾ ਹੈ, ਜਿਸ ਨਾਲ ਚਮੜੀ 'ਤੇ ਕੁਦਰਤੀ ਚਮਕ ਆਉਂਦੀ ਹੈ। ਇਸ ਤੋਂ ਇਲਾਵਾ, ਇਹ ਮਸੂੜਿਆਂ ਦੀਆਂ ਸਮੱਸਿਆਵਾਂ ਅਤੇ ਮੂੰਹ ਦੀ ਬਦਬੂ ਨੂੰ ਦੂਰ ਕਰਨ 'ਚ ਵੀ ਸਹਾਇਕ ਹੈ।

ਇਮਿਊਨਿਟੀ ਨੂੰ ਕਰੇ ਮਜ਼ਬੂਤ ; ਕੱਚੇ ਅੰਬ 'ਚ ਵਿਟਾਮਿਨ-ਸੀ ਦੀ ਮਾਤਰਾ ਬਹੁਤ ਜ਼ਿਆਦਾ ਹੁੰਦੀ ਹੈ। ਇਹ ਸਰੀਰ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਂਦਾ ਹੈ, ਜਿਸ ਨਾਲ ਤੁਸੀਂ ਮੌਸਮੀ ਬਿਮਾਰੀਆਂ ਅਤੇ ਇਨਫੈਕਸ਼ਨ ਤੋਂ ਬਚੇ ਰਹਿੰਦੇ ਹੋ।

ਪਾਚਨ ਸ਼ਕਤੀ ਵਧਾਉਣ 'ਚ ਸਹਾਇਕ: ਜੇਕਰ ਤੁਹਾਨੂੰ ਗਰਮੀਆਂ 'ਚ ਬਦਹਜ਼ਮੀ, ਗੈਸ ਜਾਂ ਐਸੀਡਿਟੀ ਦੀ ਸ਼ਿਕਾਇਤ ਰਹਿੰਦੀ ਹੈ, ਤਾਂ ਕੱਚਾ ਅੰਬ ਤੁਹਾਡੇ ਲਈ ਰਾਮਬਾਣ ਹੈ। ਇਹ ਪਾਚਨ ਐਂਜ਼ਾਈਮਾਂ ਨੂੰ ਵਧਾਉਂਦਾ ਹੈ, ਜਿਸ ਨਾਲ ਖਾਣਾ ਆਸਾਨੀ ਨਾਲ ਹਜ਼ਮ ਹੋ ਜਾਂਦਾ ਹੈ।

ਲੂ ਤੋਂ ਬਚਾਅ; ਗਰਮੀ ਦੇ ਮੌਸਮ 'ਚ ਚੱਲਣ ਵਾਲੀ ਗਰਮ ਹਵਾ ਯਾਨੀ ਲੂ ਤੋਂ ਬਚਣ ਲਈ ਕੱਚਾ ਅੰਬ ਸਭ ਤੋਂ ਵਧੀਆ ਇਲਾਜ ਹੈ। ਇਸ ਦਾ ਪੰਨਾ (ਜੂਸ) ਪੀਣ ਨਾਲ ਸਰੀਰ 'ਚ ਪਾਣੀ ਦੀ ਕਮੀ ਨਹੀਂ ਹੁੰਦੀ ਅਤੇ ਸਰੀਰ ਦਾ ਤਾਪਮਾਨ ਕੰਟਰੋਲ ਵਿੱਚ ਰਹਿੰਦਾ ਹੈ।

ਉਪ ਰਾਸ਼ਟਰਪਤੀ ਵੱਲੋਂ ਸਿੱਕਮ ਦੇ 51ਵੇਂ ਰਾਜ ਸਥਾਪਨਾ ਦਿਵਸ ਸਮਾਰੋਹ 'ਚ ਸ਼ਿਰਕਤ

ਨਵੀਂ ਦਿੱਲੀ, 16 ਮਈ (ਅੰਮ੍ਰਿਤਪਾਲ ਸਿੰਘ) : ਰਾਜ ਸਥਾਪਨਾ ਦਿਵਸ ਸਮਾਰੋਹ ਦੇ ਮੌਕੇ 'ਤੇ ਸਿੱਕਮ ਦੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ਪਿਛਲੇ 50 ਸਾਲਾਂ ਵਿੱਚ ਇਸ ਹਿਮਾਲਿਆਈ ਰਾਜ ਦੀ ਯਾਤਰਾ ਅਸਾਧਾਰਨ ਰਹੀ ਹੈ। ਉਨ੍ਹਾਂ ਕਿਹਾ ਕਿ ਆਪਣੇ ਵਿਦਿਆਰਥੀ ਜੀਵਨ ਦੌਰਾਨ, ਉਨ੍ਹਾਂ ਨੇ ਭਾਰਤ ਵਿੱਚ ਸਿੱਕਮ ਦੇ ਰਲੇਵੇਂ ਨਾਲ ਸਬੰਧਤ ਘਟਨਾਵਾਂ ਨੂੰ ਨੇੜਿਓਂ ਦੇਖਿਆ ਸੀ। ਉਨ੍ਹਾਂ ਨੇ ਸਿੱਕਮ ਦੇ 51ਵੇਂ ਸਥਾਪਨਾ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਣ 'ਤੇ ਖੁਸ਼ੀ ਪ੍ਰਗਟ ਕੀਤੀ। ਸਿੱਕਮ ਨੂੰ ਹਰਾ, ਜੈਵਿਕ ਅਤੇ ਸਾਫ਼ ਦੱਸਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ਸਿੱਕਮ ਨਾ ਸਿਰਫ਼ ਖੇਤੀਬਾੜੀ ਵਿੱਚ ਜੈਵਿਕ ਹੈ, ਸਗੋਂ ਚਰਿੱਤਰ ਵਿੱਚ ਵੀ ਹੈ। ਰਾਜ ਵਿੱਚ ਆਪਣੀ ਸੜਕ ਯਾਤਰਾ ਦਾ ਹਵਾਲਾ ਦਿੰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਨੇ ਸਿੱਕਮ ਦੇ ਲੋਕਾਂ ਦੇ ਅਨੁਸ਼ਾਸਿਤ ਅਤੇ ਹਮਦਰਦ ਸੁਭਾਅ ਨੂੰ ਦੇਖਿਆ ਹੈ। ਉਨ੍ਹਾਂ ਕਿਹਾ ਕਿ ਚੰਗੇ ਵਿਚਾਰ ਅਤੇ ਇੱਕ ਸਦਭਾਵਨਾਪੂਰਨ ਜੀਵਨ ਸ਼ੈਲੀ ਵਿਅਕਤੀਆਂ ਅਤੇ ਸਮਾਜ ਦੋਵਾਂ ਨੂੰ ਸਸ਼ਕਤ ਬਣਾਉਂਦੀ ਹੈ।ਉਪ

ਰਾਸ਼ਟਰਪਤੀ ਨੇ ਕਿਹਾ ਕਿ ਸਿੱਕਮ ਕੁਦਰਤ, ਸੱਭਿਆਚਾਰ ਅਤੇ ਸ਼ਾਸਨ ਵਿਚਕਾਰ ਸਦਭਾਵਨਾ ਰਾਹੀਂ ਕੀ ਪ੍ਰਾਪਤ ਕੀਤਾ ਜਾ ਸਕਦਾ ਹੈ ਇਸਦੀ ਇੱਕ ਚਮਕਦਾਰ ਉਦਾਹਰਣ ਹੈ। ਇਸ ਮੌਕੇ 'ਤੇ ਰਾਜ ਦੇ ਲੋਕਾਂ ਨੂੰ ਵਧਾਈ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਰਾਜ ਦੀ ਸਥਾਪਨਾ ਦਾ 51ਵਾਂ ਸਾਲ ਵਿਕਾਸ, ਪਰਿਵਰਤਨ ਅਤੇ ਸਮਾਵੇਸ਼ੀ ਵਿਕਾਸ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ। ਸਿੱਕਮ ਦੇ ਪਹਿਲੇ ਮੁੱਖ ਮੰਤਰੀ, ਸ਼੍ਰੀ ਕਾਜ਼ੀ ਲੇਂਡੁਪ ਦੋਰਜੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਨੂੰ ਹਮੇਸ਼ਾ ਇੱਕ ਦੂਰਦਰਸ਼ੀ ਨੇਤਾ ਵਜੋਂ ਯਾਦ ਕੀਤਾ ਜਾਵੇਗਾ, ਜਿਨ੍ਹਾਂ ਨੇ ਬੁੱਧੀ, ਹਿੰਮਤ ਅਤੇ ਵਚਨਬੱਧਤਾ ਨਾਲ ਸਿੱਕਮ ਨੂੰ ਇਸਦੇ ਇਤਿਹਾਸਕ ਲੋਕਤੰਤਰੀ ਪਰਿਵਰਤਨ ਵਿੱਚੋਂ ਲੰਘਾਇਆ। ਰਾਜ ਦੀ ਸਥਾਪਨਾ ਦੀ 50ਵੀਂ ਵਰ੍ਹੇਗੰਢ ਦੇ ਸਮਾਪਤੀ ਸਮਾਰੋਹ ਦੌਰਾਨ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਹਾਲੀਆ ਸਿੱਕਮ ਫੇਰੀ ਦਾ ਹਵਾਲਾ ਦਿੰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ?4,000 ਕਰੋੜ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟ ਲਾਂਚ ਕੀਤੇ ਗਏ ਹਨ ਅਤੇ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ। ਉਨ੍ਹਾਂ ਨੇ ਪ੍ਰਧਾਨ ਮੰਤਰੀ ਦੇ ਐਕਟ ਈਸਟ, ਐਕਟ ਫਾਸਟ ਦੇ ਦ੍ਰਿਸ਼ਟੀਕੋਣ ਨੂੰ ਰੇਖਾਂਕਿਤ ਕੀਤਾ, ਜਿਸ ਵਿੱਚ ਸਿੱਕਮ ਨੂੰ ਉੱਤਰ-ਪੂਰਬ ਦੀ ਅਸ਼ਟਲਕਸ਼ਮੀ ਦਾ ਇੱਕ ਅਨਿੱਖੜਵਾਂ ਅੰਗ ਦੱਸਿਆ ਗਿਆ।

ਉਪ ਰਾਸ਼ਟਰਪਤੀ ਨੇ ਕਿਹਾ ਕਿ ਵਿਕਸਤ ਭਾਰਤ 2047 ਦਾ ਦ੍ਰਿਸ਼ਟੀਕੋਣ ਸਮਾਵੇਸ਼ੀ ਵਿਕਾਸ 'ਤੇ ਅਧਾਰਤ ਹੈ, ਜਿਸ ਵਿੱਚ ਕੋਈ ਵੀ ਖੇਤਰ ਪਿੱਛੇ ਨਹੀਂ ਰਹੇਗਾ। ਉੱਤਰ-ਪੂਰਬ ਵਿੱਚ ਬੁਨਿਆਦੀ ਢਾਂਚੇ ਅਤੇ ਸੰਪਰਕ ਨੂੰ ਮਜ਼ਬੂਤ ਕਰਨ ਵਿੱਚ ਮੁੱਖ ਭੂਮਿਕਾ ਨਿਭਾਉਣ ਲਈ ਉੱਤਰ-ਪੂਰਬੀ ਖੇਤਰ ਦੇ ਵਿਕਾਸ ਮੰਤਰਾਲੇ ਦੀ ਸ਼ਲਾਘਾ ਕਰਦੇ ਹੋਏ, ਉਨ੍ਹਾਂ ਨੇ ਖੇਤਰ ਵਿੱਚ ਰੇਲਵੇ ਅਤੇ ਹੈਲੀਪੋਰਟ ਸਹੂਲਤਾਂ ਦੇ ਵਿਸਥਾਰ 'ਤੇ ਚਾਨਣਾ ਪਾਇਆ। ਮਿਜ਼ੋਰਮ ਦੀ ਆਪਣੀ ਹਾਲੀਆ ਫੇਰੀ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਬਿਹਤਰ ਰੇਲ ਸੰਪਰਕ ਨੇ ਉੱਤਰ-ਪੂਰਬ ਵਿੱਚ ਵਪਾਰ, ਸੈਰ-ਸਪਾਟਾ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦਿੱਤਾ ਹੈ। ਉਨ੍ਹਾਂ ਭਰੋਸਾ ਪ੍ਰਗਟ ਕੀਤਾ ਕਿ ਸਿੱਕਮ ਨੂੰ ਜਲਦੀ ਹੀ ਸਿੱਧਾ ਰੇਲ ਸੰਪਰਕ ਵੀ ਮਿਲੇਗਾ, ਜਿਸ ਨਾਲ ਰਾਜ ਦੇ ਜੈਵਿਕ ਉਤਪਾਦਾਂ ਨੂੰ ਭਾਰਤ ਭਰ ਦੇ ਬਾਜ਼ਾਰਾਂ ਤੱਕ ਪਹੁੰਚਣ ਵਿੱਚ ਮਦਦ ਮਿਲੇਗੀ ਅਤੇ 2047 ਤੱਕ ਵਿਕਸਤ ਭਾਰਤ ਵਿੱਚ ਇਸ ਦੇ ਯੋਗਦਾਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਮੁੱਖ ਮੰਤਰੀ ਸ਼੍ਰੀ ਪ੍ਰੇਮ ਸਿੰਘ ਤਮਾਂਗ ਦੀ ਅਗਵਾਈ ਹੇਠ ਸਿੱਕਮ ਸਰਕਾਰ ਦੀ ਪ੍ਰਸ਼ੰਸਾ ਕਰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ਰਾਜ ਟਿਕਾਊ ਵਿਕਾਸ ਦੇ ਇੱਕ ਵਿਸ਼ਵਵਿਆਪੀ ਮਾਡਲ ਵਜੋਂ ਉਭਰਿਆ ਹੈ। ਉਨ੍ਹਾਂ ਯਾਦ ਕੀਤਾ ਕਿ 2016 ਵਿੱਚ, ਸਿੱਕਮ ਦੁਨੀਆ ਦਾ ਪਹਿਲਾ 100% ਜੈਵਿਕ ਰਾਜ ਬਣ ਗਿਆ ਸੀ। ਉਨ੍ਹਾਂ ਨੇ 76,000 ਹੈਕਟੇਅਰ ਤੋਂ ਵੱਧ ਖੇਤੀਬਾੜੀ ਜ਼ਮੀਨ ਨੂੰ ਰਸਾਇਣ-ਮੁਕਤ ਵਾਤਾਵਰਣ ਪ੍ਰਣਾਲੀ ਵਿੱਚ ਤਬਦੀਲ ਕਰਨ ਨੂੰ ਸਿਰਫ਼ ਇੱਕ ਖੇਤੀਬਾੜੀ ਸੁਧਾਰ ਨਹੀਂ ਸਗੋਂ ਇੱਕ ਸੱਭਿਆਚਾਰਕ ਕ੍ਰਾਂਤੀ ਦੱਸਿਆ।

ਪਤੰਜਲੀ ਰਿਸਰਚ ਫਾਊਂਡੇਸ਼ਨ, ਹਰਿਦੁਆਰ ਵੱਲੋਂ ਹੱਥਲਿਖਤਾਂ ਦੀ ਸੰਭਾਲ ਵਿਸ਼ੇ 'ਤੇ ਪੰਜ ਦਿਨਾਂ ਵਰਕਸ਼ਾਪ

ਹਰਿਦੁਆਰ, 16 ਮਈ (ਅੰਮ੍ਰਿਤਪਾਲ ਸਿੰਘ) : ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੀ ਇੱਕ ਪ੍ਰਮੁੱਖ ਪਹਿਲਕਦਮੀ ਗਿਆਨ ਭਾਰਤਮ ਮਿਸ਼ਨ ਦੇ ਤਹਿਤ, ਪਤੰਜਲੀ ਰਿਸਰਚ ਫਾਊਂਡੇਸ਼ਨ, ਹਰਿਦੁਆਰ ਵਿਖੇ ਹਥਲਿਖਤਾਂ ਦੀ ਸੰਭਾਲ ਅਤੇ ਸੰਭਾਲ ਵਿਸ਼ੇ 'ਤੇ ਪੰਜ ਦਿਨਾਂ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਸੱਭਿਆਚਾਰ, ਵਿਰਾਸਤ, ਸੰਭਾਲ ਅਤੇ ਉਨ੍ਹਾਂ ਨੂੰ ਸੰਭਾਲਣ ਦੇ ਵਿਗਿਆਨਕ ਤਰੀਕਿਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਸੱਭਿਆਚਾਰ ਮੰਤਰਾਲੇ ਦੇ ਅਧਿਕਾਰੀਆਂ, ਮਾਹਿਰਾਂ ਅਤੇ ਪ੍ਰਤੀਨਿਧੀਆਂ ਨੇ ਸ਼ਿਰਕਤ ਕੀਤੀ। ਮੁੱਖ ਮਹਿਮਾਨਾਂ ਦਾ ਹਾਰਾਂ ਅਤੇ ਯਾਦਗਾਰੀ ਚਿੰਨ੍ਹਾਂ ਨਾਲ ਸਵਾਗਤ ਕੀਤਾ ਗਿਆ।

ਇਸ ਪੰਜ-ਰੋਜ਼ਾ ਲੜੀ ਦੇ ਪੰਜਵੇਂ ਦਿਨ, ਸ਼ਤਿਕਾਰਯੋਗ ਆਯੁਰਵੇਦ ਸ਼ਿਰੋਮਣੀ ਆਚਾਰੀਆ ਬਾਲਕ੍ਰਿਸ਼ਨ ਨੇ ਦੇਸ਼ ਦੀ ਮੂਲ ਸੰਸਕ੍ਰਿਤੀ ਅਤੇ ਮੂਲ ਪ੍ਰਕਿਰਤੀ ਦੀ ਸਮਝ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਖਰਾਬ ਹੱਥ-ਲਿਖਤਾਂ ਨੂੰ ਡਿਜੀਟਾਈਜ਼ ਕਰਨ ਦਾ ਉਦੇਸ਼ ਸਾਡੀ ਪ੍ਰਾਚੀਨ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪ੍ਰਾਚੀਨ ਹੱਥ-ਲਿਖਤਾਂ ਦੇ ਨਾਲ-ਨਾਲ ਨਵੀਆਂ ਲਿਖਤਾਂ ਨੂੰ ਨਾ ਸਿਰਫ਼ ਸੁਰੱਖਿਅਤ ਰੱਖਣਾ ਸਗੋਂ ਉਤਸ਼ਾਹਿਤ ਕਰਨਾ ਵੀ ਜ਼ਰੂਰੀ ਹੈ। ਉਨ੍ਹਾਂ 400-500 ਸਾਲ ਪੁਰਾਣੀਆਂ ਹੱਥ-ਲਿਖਤਾਂ ਨੂੰ ਸੋਧਣ ਅਤੇ ਮੁੜ ਸੰਭਾਲਣ ਅਤੇ ਉਨ੍ਹਾਂ ਨੂੰ ਨਵੇਂ ਰੂਪ ਵਿੱਚ ਪੇਸ਼ ਕਰਨ ਦਾ ਸੱਦਾ ਦਿੱਤਾ ਤਾਂ ਜੋ ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਅਨਮੋਲ ਵਿਰਾਸਤ ਬਣ ਸਕਣ। ਉਨ੍ਹਾਂ ਨੇ ਸਬੂਤ-ਅਧਾਰਤ ਦਸਤਾਵੇਜ਼ਾਂ ਅਤੇ ਸਬੂਤਾਂ ਦੀ ਸੰਭਾਲ 'ਤੇ ਵੀ ਜ਼ੋਰ ਦਿੱਤਾ, ਕਲਾਸੀਕਲ ਗ੍ਰੰਥਾਂ, ਦਸਤਾਵੇਜ਼ਾਂ ਅਤੇ ਇਤਿਹਾਸਕ ਸਰੋਤਾਂ ਜਿਵੇਂ ਕਿ ਬਾਬਰਨਾਮਾ ਅਤੇ ਆਈਨ-ਏ-ਅਕਬਰੀ ਦਾ ਹਵਾਲਾ ਦੇ ਕੇ ਇਤਿਹਾਸ ਦੀ ਡੂੰਘੀ ਸਮਝ ਵਿਕਸਤ ਕਰਨ ਦਾ ਸੱਦਾ ਦਿੱਤਾ। ਪਤੰਜਲੀ ਦੇ ਯਤਨਾਂ ਦਾ ਹਵਾਲਾ ਦਿੰਦੇ ਹੋਏ, ਆਚਾਰੀਆ ਸ਼੍ਰੀ ਨੇ ਸਬੂਤ-ਅਧਾਰਤ ਇਤਿਹਾਸ ਲੇਖਣ ਵੱਲ ਕੀਤੇ ਜਾ ਰਹੇ ਕੰਮ ਨੂੰ ਸਾਂਝਾ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਹੱਥ-ਲਿਖਤਾਂ ਸਿਰਫ਼ ਪ੍ਰਾਚੀਨ ਦਸਤਾਵੇਜ਼ ਨਹੀਂ ਹਨ ਸਗੋਂ ਸਾਡੀ ਦੌਲਤ, ਸੱਭਿਆਚਾਰ ਅਤੇ ਗਿਆਨ ਦਾ ਇੱਕ ਅਨਮੋਲ ਭੰਡਾਰ ਹਨ, ਜਿਨ੍ਹਾਂ ਨੂੰ ਸੁਰੱਖਿਅਤ ਰੱਖਿਆ ਜਾਣਾ ਚਾਹੀਦਾ ਹੈ। ਚਰਕ ਸੰਹਿਤਾ, ਸੁਸ਼ਰੁਤ ਸੰਹਿਤਾ ਅਤੇ ਧਨਵੰਤਰੀ ਸੰਹਿਤਾ ਵਰਗੇ ਪ੍ਰਾਚੀਨ ਗ੍ਰੰਥਾਂ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਨੇ ਇਤਿਹਾਸ ਦੇ ਲੁਕਵੇਂ ਰਹੱਸਾਂ ਨੂੰ ਖੋਲ੍ਹਣ ਲਈ ਹੱਥ-ਲਿਖਤਾਂ ਦੇ ਅਧਿਐਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਭਾਰਤੀ ਗਿਆਨ ਪਰੰਪਰਾ ਦੇ ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਨੂੰ ਸੱਭਿਆਚਾਰਕ ਸੰਭਾਲ ਦੀਆਂ ਬੁਨਿਆਦੀ ਨੀਂਹਾਂ ਨਾਲ ਜੋੜਿਆ ਅਤੇ ਸੱਭਿਆਚਾਰ ਮੰਤਰਾਲੇ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।

ਐਮਪੀ ਸਾਹਨੀ ਨੇ ਪੰਜਾਬ ਉਦਯੋਗ ਨਾਲ ਉਦਯੋਗਿਕ ਸੰਵਾਦ ਦੀ ਕੀਤੀ ਪ੍ਰਧਾਨਗੀ

ਐਮ.ਐਸ.ਐਮ.ਈ. ਅਤੇ ਡੀ.ਜੀ.ਐਫ.ਟੀ. ਅਧਿਕਾਰੀਆਂ ਨੇ ਉਦਯੋਗ ਦੀਆਂ ਚਿੰਤਾਵਾਂ ਸੁਣੀਆਂ

ਨਵੀਂ ਦਿੱਲੀ, 16 ਮਈ (ਅੰਮ੍ਰਿਤਪਾਲ ਸਿੰਘ) : ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ, ਰਾਜ ਸਭਾ, ਅਤੇ ਭਾਰਤ ਗਲੋਬਲ ਇੰਡਸਟਰੀਅਲ ਫ਼ੋਰਮ ਦੇ ਉੱਤਰੀ ਖੇਤਰ ਦੇ ਚੇਅਰਮੈਨ, ਨੇ ਅੱਜ ਯੂਨਾਈਟਿਡ ਸਾਈਕਲ ਪਾਰਟਸ ਐਂਡ ਮੈਨੂਫੈਕਚਰਰਜ਼ ਐਸੋਸੀਏਸ਼ਨ, ਸੀਆਈਸੀਯੂ, ਐਫਆਈਸੀਓ, ਧਾਤੂ ਅਤੇ ਸਟੀਲ ਸੈਕਟਰ ਦੇ ਪ੍ਰਤੀਨਿਧੀਆਂ, ਐਮਐਸਐਮਈ,ਬਰਾਮਦਕਾਰਾਂ ਅਤੇ ਪੰਜਾਬ ਦੇ ਵਪਾਰਕ ਸੰਗਠਨਾਂ ਸਮੇਤ ਪ੍ਰਮੁੱਖ ਉਦਯੋਗਿਕ ਸੰਗਠਨਾਂ ਨਾਲ ਇੱਕ ਵਿਆਪਕ ਉਦਯੋਗਿਕ ਸੰਵਾਦ ਦੀ ਪ੍ਰਧਾਨਗੀ ਕੀਤੀ। ਐਮਐਸਐਮਈ ਅਤੇ ਡੀਜੀਐਫਟੀ ਮੰਤਰਾਲੇ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਉਦਯੋਗ ਦੀਆਂ ਚਿੰਤਾਵਾਂ ਅਤੇ ਸੁਝਾਵਾਂ ਨੂੰ ਸਿੱਧੇ ਤੌਰ 'ਤੇ ਸੁਣਨ ਲਈ ਗੱਲਬਾਤ ਵਿੱਚ ਹਿੱਸਾ ਲਿਆ। ਡਾ. ਸਾਹਨੀ ਨੇ ਕਿਹਾ ਕਿ ਪੰਜਾਬ, ਜੋ ਕਦੇ ਭਾਰਤ ਦੇ ਮੋਹਰੀ ਉਦਯੋਗਿਕ ਰਾਜਾਂ ਵਿੱਚ ਸ਼ਾਮਲ ਸੀ, ਨੂੰ ਮਜ਼ਬੂਤ ਨੀਤੀ ਸਹਾਇਤਾ, ਸੁਧਾਰੇ ਹੋਏ ਬੁਨਿਆਦੀ ਢਾਂਚੇ ਅਤੇ ਨਵੀਨੀਕਰਨ ਵਾਲੇ ਉਦਯੋਗਿਕ ਵਿਸ਼ਵਾਸ ਰਾਹੀਂ ਆਪਣੀ ਸਥਿਤੀ ਮੁੜ ਪ੍ਰਾਪਤ ਕਰਨੀ ਚਾਹੀਦੀ ਹੈ। ਗੁਆਂਢੀ ਰਾਜਾਂ ਦੇ ਮੁਕਾਬਲੇ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਆਈ ਮੰਦੀ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹਰਿਆਣਾ ਦੀ ਜੀ ਐਸ ਟੀ ਵਸੂਲੀ ਵਿੱਚ ਕਾਫ਼ੀ ਵਾਧਾ ਹੋਇਆ ਹੈ ਜਦੋਂ ਕਿ ਪੰਜਾਬ ਦੇ ਉਦਯੋਗਿਕ ਵਾਤਾਵਰਣ ਨੂੰ ਐਮਐਸਐਮਈ ਲਈ ਨਵੀਂ ਗਤੀ ਅਤੇ ਮਜ਼ਬੂਤ ਸਹਾਇਤਾ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ, ਕੇਂਦਰ ਸਰਕਾਰ ਨੇ ਐਮਐਸਐਮਈ ਲਈ ਕਈ ਪਰਿਵਰਤਨਸ਼ੀਲ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ, ਜਿਨ੍ਹਾਂ ਵਿੱਚ ਐਮਰਜੈਂਸੀ ਕ੍ਰੈਡਿਟ ਲਾਈਨ ਗਰੰਟੀ ਸਕੀਮ ਅਤੇ ਵਾਧੂ ਕ੍ਰੈਡਿਟ ਸਹਾਇਤਾ ਉਪਾਅ ਸ਼ਾਮਲ ਹਨ, ਪਰ ਉਦਯੋਗਾਂ ਅਤੇ ਉੱਦਮੀਆਂ ਵਿੱਚ ਇਨ੍ਹਾਂ ਯੋਜਨਾਵਾਂ ਪ੍ਰਤੀ ਜਾਗਰੂਕਤਾ ਵਧਾਉਣੀ ਚਾਹੀਦੀ ਹੈ।

ਅਮਿਤ ਸ਼ਾਹ ਗਾਂਧੀਨਗਰ 'ਚ ਮਧੁਰ ਡੇਅਰੀ ਯੂਨਿਟ-2 ਦਾ ਅੱਜ ਕਰਨਗੇ ਉਦਘਾਟਨ

ਨਵੀਂ ਦਿੱਲੀ, 16 ਮਈ (ਅੰਮ੍ਰਿਤਪਾਲ ਸਿੰਘ) : ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਸਹਿਕਾਰ ਤੋਂ ਸਮ੍ਰਿੱਧੀ ਦੇ ਮੰਤਰ ਰਾਹੀਂ ਇੱਕ ਸਮ੍ਰਿੱਧ ਅਤੇ ਆਤਮ-ਨਿਰਭਰ ਭਾਰਤ ਦੇ ਨਿਰਮਾਣ ਦੇ ਵਿਜ਼ਨ ਨੂੰ ਅੱਗੇ ਵਧਾਉਂਦੇ ਹੋਏ, ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼

ਤਾਮਿਲਨਾਡੂ ਤੋਂ ਲੁਧਿਆਣਾ ਨੂੰ ਜਾ ਰਹੇ ਡਰਾਈਵਰ ਦੀ ਹਾਰਟ ਅਟੈਕ ਨਾਲ ਮੌਤ

ਖਨੌਰੀ 16 ਮਈ (ਓਮਪ੍ਰਕਾਸ ਮੁਆਲ) ਤਾਮਿਲਨਾਡੂ ਤੋਂ ਆਪਣੇ ਟਰਾਲੇ ਵਿੱਚ ਹਲਦੀ ਭਰ ਕੇ ਲੁਧਿਆਣੇ ਨੂੰ ਜਾ ਰਹੇ ਇੱਕ ਟਰਾਲੇ ਦੇ ਡਰਾਈਵਰ ਦੀ ਖਨੌਰੀ ਪਹੁੰਚਣ ਤੇ ਹਾਰਟ ਅਟੈਕ ਨਾਲ ਮੌਤ ਹੋਣ ਬਾਰੇ ਦੁੱਖਦਾਇਕ ਜਾਣਕਾਰੀ ਪ੍ਰਾਪਤ ਹੋਈ ਹੈ। ਇਸ ਸਬੰਧੀ ਮਿਲੀ ਜਾਣਕਾਰੀ ਅਨੁਸਾਰ ਤਾਮਿਲਨਾਡੂ ਤੋਂ ਟਰਾਲਾ ਨੰਬਰ “ © 52 12 8782 ਵਿੱਚ ਹਲਦੀ ਭਰ ਕੇ ਲੁਧਿਆਣਾ ਵੱਲ ਨੂੰ ਜਾ ਰਿਹਾ ਸੀ ਤੇ ਕਰੀਬ ਸਾਢੇ ਕੁ ਅੱਠ ਵਜੇ ਸਵੇਰੇ ਜਦੋਂ ਇਹ ਦਿੱਲੀ ਜੰਮੂ ਕਟੜਾ ਐਕਸਪ੍ਰੈਸ ਮਾਰਗ ਤੋਂ ਗੁਲਜ਼ਾਰ ਪੁਰ ਠਰੂਆ ਤੋਂ ਉਤਰ ਕੇ ਖਨੌਰੀ ਸ਼ਹਿਰ ਦੇ ਡਰੇਨ ਕੋਲ ਪਹੁੰਚਿਆ ਤਾਂ ਡਰਾਈਵਰ ਮਰੂਗੇਸ਼ਨ ਪੇਰੂਮਲ (48) ਦੀ ਅਚਾਨਕ ਇਕੋ ਦਮ ਤਬੀਅਤ ਖਰਾਬ ਹੋਣ ਤੇ ਉਸਨੇ ਟਰਾਲਾ ਰੋਕ ਕੇ ਆਪਣੇ ਸਹਿਚਾਲਕ ਨੂੰ ਕਿਹਾ ਤੇ ਜਦੋਂ ਸਹਿਚਾਲਕ ਨੇੜੇ ਹੀ ਖਨੌਰੀ ਦੇ ਇਕ ਦੁਕਾਨਦਾਰ ਕੋਲ ਗਿਆ ਤੇ ਕਿਹਾ ਕਿ ਡਰਾਈਵਰ ਦੀ ਤਬੀਅਤ ਖਰਾਬ ਹੈ ਤੇ ਕਿਸੇ ਹਸਪਤਾਲ ਲਿਜਾਣਾ ਹੈ ਤਾਂ ਉਸ ਦੁਕਾਨ ਵਾਲੇ ਨੇ ਖਨੌਰੀ ਦੇ ਇੱਕ ਡਾਕਟਰ ਨੂੰ ਫ਼ੋਨ ਕਰਕੇ ਬੁਲਾਇਆ ਤੇ ਜਦੋਂ ਡਾਕਟਰ ਨੇ ਆ ਕੇ ਦੇਖਿਆ ਤਾਂ ਡਰਾਈਵਰ ਮਰੂਗੇਸ਼ਨ ਪੇਰੂਮਲ ਦੀ ਮੌਤ ਹੋ ਚੁੱਕੀ ਸੀ। ਡਾਕਟਰ ਨੇ ਦੱਸਿਆ ਕਿ ਇਸ ਦੀ ਮੌਤ ਹਾਰਟ ਅਟੈਕ ਆ ਜਾਣ ਨਾਲ ਹੋਈ ਹੈ। ਇਸ ਦੀ ਸੂਚਨਾ ਮਿਲਣ ਤੇ ਖਨੌਰੀ ਪੁਲਿਸ ਵੀ ਮੌਕੇ ਤੇ ਪਹੁੰਚ ਗਈ। ਮ੍ਰਿਤਕ ਡਰਾਈਵਰ ਤਾਮਿਲਨਾਡੂ ਦਾ ਰਹਿਣ ਵਾਲਾ ਸੀ। ਪੁਲਿਸ ਨੇ ਮ੍ਰਿਤਕ ਡਰਾਈਵਰ ਦੀ ਲਾਸ਼ ਨੂੰ ਮੂਨਕ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਸੀ ਅਤੇ ਉਸਦੇ ਵਾਰਸਾਂ ਨੂੰ ਸੂਚਨਾ ਦੇ ਦਿੱਤੀ ਸੀ ਅਤੇ ਅਗਲੀ ਕਾਰਵਾਈ ਉਹਨਾਂ ਦੇ ਵਾਰਸਾਂ ਦੇ ਆਉਣ ਤੇ ਹੀ ਕੀਤੀ ਜਾਵੇਗੀ। ਜਿਕਰਯੋਗ ਹੈ ਕਿ ਟਰੱਕ ਯੂਨੀਅਨ ਖਨੌਰੀ ਦੇ ਸਮੂਹ ਡਰਾਈਵਰਾਂ ਵੱਲੋਂ ਆਪਣੇ ਕੋਲੋਂ ਪੈਸੇ ਇਕੱਠੇ ਕਰ ਕੇ ਕੁਝ ਲਾਸ਼ ਨੂੰ ਮੋਰਚਰੀ ਤੱਕ ਛੱਡਣ ਵਾਲਿਆਂ ਨੂੰ ਅਤੇ ਕੁਝ ਸਹਿਚਾਲਕ ਨੂੰ ਦਿੱਤੇ ਅਤੇ ਉਨ੍ਹਾਂ ਨੇ ਟਰਾਲੇ ਨੂੰ ਵੀ ਸੁਰੱਖਿਅਤ ਥਾਂ ਟਰੱਕ ਯੂਨੀਅਨ ਖਨੌਰੀ ਵਿਖੇ ਲਗਵਾਇਆ।

ਨਗਰ ਨਿਗਮ ਚੋਣਾਂ: ਨਾਮਜ਼ਦਗੀ ਦੇ ਆਖਰੀ ਦਿਨ ਪ੍ਰਸ਼ਾਸਨ ਵੱਲੋਂ ਗੁੰਡਾਗਰਦੀ, ਵਿਰੋਧੀ ਧਿਰ ਵੱਲੋਂ ਹੰਗਾਮਾ

ਤਲਵੰਡੀ ਸਾਬੋ 16 ਮਈ, (ਰਾਮ ਜਿੰਦਲ ਜਗਾਂ)ਨਗਰ ਨਿਗਮ ਚੋਣਾਂ ਲਈ ਨਾਮਜ਼ਦਗੀਆਂ ਦੇ ਆਖਰੀ ਦਿਨ ਸ਼ਹਿਰ ਵਿੱਚ ਵੱਡਾ ਅਤੇ ਸੋਚਿਆ ਸਮਝਿਆ ਹੰਗਾਮਾ ਦੇਖਣ ਨੂੰ ਮਿਲਿਆ। ਦੋਸ਼ ਇਹ ਹੈ ਕਿ ਸਰਕਾਰੀ ਗੁੰਡਾਗਰਦੀ ਨਾਲ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਨਾਮਜ਼ਦਗੀਆਂ ਦਾਖਲ ਕਰਨ ਤੋਂ ਰੋਕਿਆ ਗਿਆ। ਗ਼ੌਰਤਲਬ ਹੈ ਕਿ ਅੱਜ ਸਵੇਰ ਤੋਂ ਹੀ ਰਾਮਾਂ ਨਗਰ ਕੌਂਸਲ ਦੇ ਬਾਹਰ ਭਾਰੀ ਪੁਲਿਸ ਦੀ ਮੌਜੂਦਗੀ ਸੀ। ਅਤੇ ਨਗਰ ਕੌਂਸਲ ਦੇ ਬਾਹਰ ਪੁਲਿਸ ਛਾਉਣੀ ਬਣੀ ਦਿੱਸ ਰਹੀ ਸੀ। ਜਦ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਦੇ ਉਮੀਦਵਾਰ ਆਪਣੇ ਨਾਮਜ਼ਦਗੀ ਪੱਤਰ ਜਮ੍ਹਾਂ ਕਰਵਾਉਣ ਲਈ ਪਹੁੰਚੇ ਤਾਂ ਉਨ੍ਹਾਂ ਨੂੰ ਅੰਦਰ ਜਾਣ ਤੋਂ ਜਬਰਨ ਰੋਕਿਆ ਗਿਆ। ਵਿਰੋਧੀ ਆਗੂਆਂ ਨੇ ਫੌਰਨ ਸਰਕਾਰ ਵਿਰੁੱਧ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ ਅਤੇ ਲੋਕਤੰਤਰ ਦਾ ਕਤਲ ਬੰਦ ਕਰੋ ਦੇ ਨਾਅਰੇ ਲਗਾਏ। ਇਸ ਦੌਰਾਨ, ਕੁਝ ਅਣਪਛਾਤੇ ਵਿਅਕਤੀਆਂ ਨੂੰ ਨਾਮਜ਼ਦਗੀ ਸਥਾਨ ਦੇ ਬਾਹਰ ਸ਼ੱਕੀ ਢੰਗ ਨਾਲ ਘੁੰਮਦੇ ਅਤੇ ਗੁੰਡਾਗਰਦੀ ਕਰਦੇ ਦੇਖਿਆ ਗਿਆ। ਵਿਰੋਧੀ ਆਗੂਆਂ ਦਾ ਦਾਅਵਾ ਹੈ ਕਿ ਇਨ੍ਹਾਂ ਵਿਅਕਤੀਆਂ ਨੂੰ ਜਾਣਬੁੱਝ ਕੇ ਮਾਹੌਲ ਖਰਾਬ ਕਰਨ ਲਈ ਬਾਹਰੋਂ ਲਿਆਂਦਾ ਗਿਆ ਸੀ। ਸਭ ਤੋਂ ਗੰਭੀਰ ਗੱਲ ਇਹ ਸੀ ਕਿ ਇਹ ਸਾਰੀ ਘਟਨਾ ਡੀਐਸਪੀ ਤਲਵੰਡੀ ਸਾਬੋ ਅਤੇ ਰਾਮਾਂ ਥਾਣੇ ਦੇ ਐਸਐਚਓ ਦੀ ਮੌਜੂਦਗੀ ਵਿੱਚ ਜਾਰੀ ਰਹੀ, ਪਰ ਉਨ੍ਹਾਂ ਨੇ ਸਥਿਤੀ ਨੂੰ ਕਾਬੂ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕੇ। ਲਗਭਗ ਦੋ ਘੰਟੇ ਚੱਲੇ ਸਖ਼ਤ ਸੰਘਰਸ਼ ਅਤੇ ਵਿਰੋਧ ਤੋਂ ਬਾਅਦ, ਪ੍ਰਸ਼ਾਸਨ ਨੇ ਅਖੀਰ ਵਿੱਚ ਦੂਜੇ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾਖਲ ਕਰਨ ਲਈ ਅੰਦਰ ਜਾਣ ਦੀ ਇਜਾਜ਼ਤ ਦੇ ਭਾਵੇਂ ਦੇ ਦਿੱਤੀ, ਪਰ ਸਰਕਾਰੀ ਮਸ਼ੀਨਰੀ ਦੀ ਅਸਲ ਖੇਡ ਇਸ ਤੋਂ ਬਾਅਦ ਸ਼ੁਰੂ ਹੋਈ ਜਦੋਂ ਕੁਝ ਅਣਪਛਾਤੇ ਵਿਅਕਤੀ ਨਗਰ ਕੌਂਸਲ ਦਫ਼ਤਰ ਦੇ ਅੰਦਰੋਂ ਇੱਕ ਉਮੀਦਵਾਰ ਦੇ ਨਾਮਜ਼ਦਗੀ ਪੱਤਰ ਲੈ ਕੇ ਭੱਜ ਗਏ, ਜਦੋਂ ਕਿ ਪਹਿਲਾਂ ਅਕਾਲੀ ਦਲ ਦੇ ਇੱਕ ਉਮੀਦਵਾਰ ਦੇ ਕਾਗਜ਼ ਬਾਹਰੋਂ ਬਾਹਰ ਹੀ ਪਾੜ ਦਿੱਤੇ ਗਏ ਸਨ। ਇਸ ਤੋਂ ਬਾਅਦ, ਸਾਰੀਆਂ ਵਿਰੋਧੀ ਪਾਰਟੀਆਂ ਦੇ ਆਗੂ ਬੈਰੀਕੇਡ ਤੋੜ ਕੇ ਸੈਂਕੜੇ ਸ਼ਹਿਰ ਵਾਸੀਆਂ ਦੇ ਨਾਲ ਨਗਰ ਕੌਂਸਲ ਦਫ਼ਤਰ ਵਿੱਚ ਦਾਖ਼ਲ ਹੋਏ। ਨਾਮਜ਼ਦਗੀ ਪੱਤਰ ਦਾਖਲ ਕਰਨ ਆਈਆਂ ਮਹਿਲਾ ਉਮੀਦਵਾਰਾਂ ਨੇ ਵੀ ਦਫ਼ਤਰ ਅੰਦਰ ਦੁਰਵਿਵਹਾਰ ਦਾ ਦੋਸ਼ ਲਗਾਇਆ। ਸਰਕਾਰ ਦੀ ਸਾਜ਼ਿਸ਼ ਦੀ ਹੱਦ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਪਹਿਲਾਂ ਤੋਂ ਹੀ ਖਾਸ ਤੌਰ ਤੇ ਨਗਰ ਕੌਂਸਲ ਦਫ਼ਤਰ ਦੇ ਪਿਛਲੇ ਪਾਸੇ ਇੱਕ ਕੰਧ ਤੋੜ ਕੇ ਰਸਤਾ ਬਣਾਇਆ ਗਿਆ ਸੀ ਤਾਂ ਜੋ ਸ਼ਰਾਰਤੀ ਅਨਸਰ ਵਿਰੋਧੀ ਪਾਰਟੀ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਲੈ ਕੇ ਭੱਜ ਸਕਣ। ਨਾਮਜ਼ਦਗੀ ਪੱਤਰ ਖੋਹਣ ਵਾਲੇ ਤਿੰਨ ਵਿਅਕਤੀਆਂ ਨੂੰ ਵਿਰੋਧੀ ਪਾਰਟੀਆਂ ਨੇ ਫੜ ਲਿਆ, ਪਰ ਉਨ੍ਹਾਂ ਨੂੰ ਵੀ ਪ੍ਰਸ਼ਾਸਨ ਦਾ ਆਸ਼ੀਰਵਾਦ ਪ੍ਰਾਪਤ ਸੀ। ਨਾਮਜ਼ਦਗੀਆਂ ਬਾਰੇ ਭੰਬਲਭੂਸਾ ਦੇਰ ਸ਼ਾਮ ਤੱਕ ਬਣਿਆ ਰਿਹਾ, ਜਦੋਂ ਕਿ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰ ਸਵੇਰੇ 10 ਵਜੇ ਨਗਰ ਕੌਂਸਲ ਦਫ਼ਤਰ ਗਏ ਸਨ ਅਤੇ ਸ਼ਾਮ ਤੱਕ ਅੰਦਰ ਹੀ ਰਹੇ। ਪਾਰਟੀ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੱਧੂ ਨੇ ਕਿਹਾ, ਇਹ ਲੋਕਤੰਤਰ ਤੇ ਸਿੱਧਾ ਹਮਲਾ ਹੈ।

ਕਿਸਾਨ ਯੂਨੀਅਨ ਸੰਯੁਕਤ ਨੇ ਕੇਂਦਰ ਸਰਕਾਰ ਪੁਤਲਾ ਫੂਕਿਆ

ਸੰਗਰੂਰ 16 ਮਈ (ਹਰਕੰਵਲ ਸਿੰਘ ਹੈਪੀ) ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਗਏ ਸੱਦੇ ਤੇ ਅੱਜ ਡੀਸੀ ਦਫਤਰ ਸੰਗਰੂਰ ਦੇ ਬਾਹਰ ਕਿਸਾਨ ਜੱਥੇਬੰਦੀਆ ਵੱਲੋਂ ਮੋਦੀ ਸਰਕਾਰ ਅਤੇ ਗਵਰਨਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਕਿਸਾਨ ਆਗੂ ਰੋਹੀ ਸਿੰਘ ਮੰਗਵਾਲ ਪ੍ਰਧਾਨ ਕਿਸਾਨ ਯੂਨੀਅਨ ਰਾਜੇਵਾਲ, ਕਰਮਜੀਤ ਸਿੰਘ ਮਹਿਲਾਂ ਬਾਲਕ ਖਾਜਨਚੀ ਬੀ ਕੇ ਯੂ ਉਗਰਾਹਾਂ, ਉਧਮ ਸਿੰਘ ਸੰਤੋਖਪੁਰਾ ਜ਼ਿਲ੍ਹਾ ਪ੍ਰਧਾਨ ਜਮਹੂਰੀ ਕਿਸਾਨ ਸਭਾ, ਕਿਰਨਜੀਤ ਸਿੰਘ ਸੇਖੋ ਸੂਬਾ ਪ੍ਰਧਾਨ ਆਲ ਇੰਡੀਆ ਕਿਸਾਨ ਫੈਡਰੇਸ਼ਨ, ਹਰਮੇਲ ਸਿੰਘ ਮਹਿਰੋਕ ਸੂਬਾ ਕਮੇਟੀ ਮੈਂਬਰ ਆਲ ਇੰਡੀਆ ਕਿਸਾਨ ਫੈਡਰੇਸ਼ਨ, ਜਗਜੀਤ ਸਿੰਘ ਡੂਟਾਲ ਜਮਹੂਰੀ ਅਧਿਕਾਰ ਸਭਾ, ਸਰਬਜੀਤ ਸਿੰਘ ਬੜੈਚ ਜ਼ਿਲ੍ਹਾ ਕਮੇਟੀ ਮੈਂਬਰ ਜਮਹੂਰੀ ਕਿਸਾਨ ਸਭਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਨਾਲ ਪਾਣੀ ਦੇ ਮਸਲਿਆਂ ਤੇ ਧੱਕਾ ਕੀਤਾ ਜਾ ਰਿਹਾ ਹੈ ਜਿਸਦੇ ਸਿੱਟੇ ਵਜੋਂ ਪੰਜਾਬ ਮਾਰੂਥਲ ਹੋਣ ਵੱਲ ਵੱਧ ਰਿਹਾ ਹੈ। ਜਮੀਨ ਵਿੱਚੋਂ ਲਗਾਤਾਰ ਪਾਣੀ ਦੀ ਨਿਕਾਸੀ ਹੋਣ ਕਰਕੇ ਧਰਤੀ ਦੇ ਸਰੋਤ ਲਗਭਗ ਖਤਮ ਹੋਣ ਦੇ ਕਿਨਾਰੇ ਪਹੁੰਚ ਚੁੱਕਿਆ ਹੈ। ਉਹਨਾਂ ਕਿਹਾ ਕੁਦਰਤੀ ਬਾਰਿਸ਼ ਕਰਕੇ ਜਿੱਥੇ ਹਰ ਸਾਲ ਹਜ਼ਾਰ ਏਕੜ ਫਸਲ ਖਰਾਬ ਹੁੰਦੀ ਹੈ ਉੱਥੇ ਜਮੀਨ ਦਾ ਨੁਕਸਾਨ ਹੁੰਦਾ ਹੈ ਤੇ ਸਰਕਾਰ ਦੀ ਕੋਈ ਠੋਸ ਨੀਤੀ ਨਾ ਹੋਣ ਕਰਕੇ ਕਿਸਾਨ ਲਗਾਤਾਰ ਗਰੀਬੀ ਵੱਲ ਧੱਕਿਆ ਜਾ ਰਿਹਾ ਹੈ। ਬੀ ਬੀ ਐਮ ਸੀ ਵੱਲੋਂ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਤੋਂ ਪਾਣੀ ਦਾ ਹੱਕ ਖੋਣ ਦਾ ਲਗਾਤਾਰ ਯਤਨ ਕੀਤਾ ਜਾ ਰਿਹਾ ਹੈ। ਕੇਂਦਰ ਸਰਕਾਰ ਚੰਡੀਗੜ੍ਹ ਨੂੰ ਪੰਜਾਬ ਦੀ ਰਾਜਧਾਨੀ ਦੇਣ ਤੋਂ ਵੀ ਲਗਾਤਾਰ ਪਿੱਛੇ ਹਟ ਰਹੀ ਹੈ। ਕਿਸਾਨ ਸੰਯੁਕਤ ਮੋਰਚੇ ਨੇ ਪਾਣੀਆਂ ਤੇ ਭਖਦੇ ਮਸਲਿਆਂ ਤੇ ਮੁਹਾਲੀ ਵਿਖੇ ਰੈਲੀ ਕਰਕੇ ਮਾਰਚ ਕਰਦੇ ਹੋਏ ਗਵਰਨਰ ਭਵਨ ਵੱਲ ਜਾਣਾ ਸੀ ਇਹ ਮਾਰਚ ਸ਼ਾਂਤੀ ਨਾਲ ਕੱਢਿਆ ਜਾ ਰਿਹਾ ਸੀ ਕੇਂਦਰ ਨੇ ਬੈਰੀਗੇਟ ਲਗਾ ਕੇ ਕਿਸਾਨਾਂ ਉੱਪਰ ਅੰਧਾਤੋਦ ਲਾਠੀ ਚਾਰਜ ਕਰਕੇ ਪਾਣੀ ਦੀਆਂ ਬੁਛਾੜਾਂ ਕੀਤੀਆਂ ਜਿਨਾਂ ਨਾਲ ਕਾਫੀ ਕਿਸਾਨਾਂ ਨੂੰ ਸੱਟਾਂ ਵੱਜੀਆਂ

ਕਾਮਰੇਡ ਜਗਸੀਰ ਸਿੰਘ ਰਾਏਕੇ ਨੇ ਵਾਰਡ ਨੰਬਰ ਇੱਕ ਤੋਂ ਕੀਤਾ ਨਾਮਜਦਗੀ ਪੱਤਰ ਦਾਖਲ

ਬੁਢਲਾਡਾ, 16 ਮਈ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਕੌਂਸਲ ਮੈਬਰ ਕਾਮਰੇਡ ਜਗਸੀਰ ਸਿੰਘ ਰਾਏਕੇ ਵੱਲੋਂ ਨਗਰ ਕੌਂਸਲ ਬੁਢਲਾਡਾ ਦੇ ਵਾਰਡ ਨੰਬਰ ਇੱਕ ਤੋਂ ਬਤੌਰ ਆਜ਼ਾਦ ਉਮੀਦਵਾਰ ਨਾਮਜਦਗੀ ਪੱਤਰ ਐਸਡੀਐਮ ਬੁਢਲਾਡਾ ਕੋਲ ਦਾਖਲ ਕੀਤੇ। ਇਸ ਮੌਕੇ ਸੀ ਪੀ ਆਈ ਦੇ ਨੈਸਨਲ ਕੌਂਸਲ ਮੈਬਰ ਕਾਮਰੇਡ ਹਰਦੇਵ ਸਿੰਘ ਅਰਸ਼ੀ ਸੀਪੀਆਈ ਦੇ ਜਿਲਾ ਸਹਾਇਕ ਸੱਕਤਰ ਕਾਮਰੇਡ ਵੇਦ ਪਰਕਾਸ਼ ਸ਼ਹਿਰੀ ਪਾਰਟੀ ਦੇ ਸੱਕਤਰ ਮਾਸਟਰ ਰਘੂਨਾਥ, ਕਾਮਰੇਡ ਹਰਦਿਆਲ ਸਿੰਘ ਤੇ ਵੱਡੀ ਗਿਣਤੀ ਵਿੱਚ ਵਾਰਡ ਦੇ ਪਤਵੰਤੇ ਲੋਕ ਹਾਜ਼ਰ ਸਨ। ਯਾਦ ਰਹੇ ਕਿ ਕਾਮਰੇਡ ਜਗਸੀਰ ਪਿੱਛਲੇ 35 ਸਾਲਾਂ ਤੋਂ ਵਾਰਡ ਨਾਲ ਜਿਉਂਦਾ ਜਾਗਦਾ ਰਿਸਤਾ ਰੱਖ ਰਿਹਾ ਹੈ, ਤੇ ਵਾਰਡ ਦੀਆਂ ਮੁਢਲੀਆਂ ਸਮੱਸਿਆਵਾਂ ਨੂੰ ਭਲੀ ਭਾਂਤ ਜਾਣੂ ਹੈ। ਵਾਰਡ ਦੇ ਵੋਟਰਾਂ ਵੱਲੋਂ ਆਸ ਤੋਂ ਵੱਧ ਸਾਥੀ ਰਾਏਕੇ ਨੂੰ ਹੁੰਗਾਰਾ ਮਿੱਲ ਰਿਹਾ ਹੈ।

ਨਰਿੰਦਰ ਸਿੰਘ ਕਾਉਣੀ ਨੇ ਨਗਰ ਕੌਂਸਲ ਮੌੜ ਦੇ ਉਮੀਦਵਾਰ ਐਲਾਨੇ

ਮੌੜ ਮੰਡੀ 16 ਮਈ : ਭੋਲਾ ਸਿੰਘ ਮਾਨ : ਨਗਰ ਕੌਂਸਲ ਮੌੜ ਲਈ 26 ਮਈ ਨੂੰ ਹੋ ਰਹੀ ਚੋਣ ਨੂੰ ਲੈ ਕੇ ਕਾਂਗਰਸ ਹਾਈਕਮਾਂਡ ਵਲੋਂ ਨਿਯੁਕਤ ਕੀਤੇ ਆਬਜ਼ਰਵਰ ਨਰਿੰਦਰ ਸਿੰਘ ਕਾਉਣੀ ਵੱਲੋਂ ਬਲਾਕ ਕਾਂਗਰਸ ਕਮੇਟੀ ਮੌੜ ਦੇ ਪ੍ਰਧਾਨ ਸੁਖਦੀਪ ਸਿੰਘ ਰਾਮਨਗਰ ਦੀ ਮੌਜੂਦਗੀ ਵਿੱਚ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ। ਕੁੱਲ 17 ਵਾਰਡਾਂ ਵਾਲੇ ਨਗਰ ਕੌਂਸਲ ਮੌੜ ਵਿੱਚ ਕਾਂਗਰਸ ਨੇ ਇੱਕੋ ਵਾਰ 17 ਉਮੀਦਵਾਰ ਐਲਾਨੇ ਹਨ। ਕਾਂਗਰਸ ਨੇ ਪਤੀ ਪਤਨੀ ਸਮੇਤ ਕਈ ਮੌਜੂਦਾ ਕੌਂਸਲਰਾਂ ਦੇ ਪਰਿਵਾਰਾਂ ਨੂੰ ਟਿਕਟ ਦੇ ਕੇ ਉਨ੍ਹਾਂ 'ਤੇ ਭਰੋਸਾ ਜਤਾਇਆ ਹੈ ਜਦਕਿ ਕੁਝ ਨਵੇਂ ਚਿਹਰੇ ਵੀ ਸਾਹਮਣੇ ਲਿਆਂਦੇ ਹਨ।ਕਾਂਗਰਸ ਪਾਰਟੀ ਵੱਲੋਂ ਇਨ੍ਹਾਂ ਚੋਣਾਂ ਲਈ ਨਿਯੁਕਤ ਆਬਜ਼ਰਵਰ ਨਰਿੰਦਰ ਸਿੰਘ ਕਾਉਣੀ ਨੇ ਬਲਾਕ ਪ੍ਰਧਾਨ ਸੁਖਦੀਪ ਸਿੰਘ ਰਾਮਨਗਰ ਨਾਲ ਮਿਲ ਕੇ ਉਮੀਦਵਾਰਾਂ ਦੀ ਸੂਚੀ ਜਾਰੀ ਕਰਦਿਆਂ ਕਿਹਾ ਕਿ ਵਾਰਡ ਨੰਬਰ ਇੱਕ ਤੋਂ ਕੁਲਵੰਤ ਕੌਰ, ਵਾਰਡ ਨੰਬਰ 2 ਤੋਂ ਬਲਕਾਰ ਸਿੰਘ ਸਿੰਘ , ਵਾਰਡ ਨੰਬਰ ਤਿੰਨ ਤੋਂ ਸੁਖਜੀਤ ਕੌਰ ਨੂੰ ਟਿਕਟ ਦਿੱਤੀ ਗਈ ਹੈ। ਇਸੇ ਤਰ੍ਹਾਂ ਵਾਰਡ ਨੰਬਰ ਚਾਰ ਤੋਂ ਕੇਵਲ ਸਿੰਘ , ਪੰਜ ਤੋਂ ਸੁਰਜੀਤ ਕੌਰ , ਜਦਕਿ ਛੇ ਨੰਬਰ ਵਾਰਡ ਤੋਂ ਸੰਦੀਪ ਕੁਮਾਰ, ਵਾਰਡ ਸੱਤ ਤੋਂ ਸੋਨੀਆਂ ਰਾਣੀ , ਵਾਰਡ ਨੰਬਰ ਅੱਠ ਤੋਂ ਕਰਮਜੀਤ ਸਿੰਘ ਮਾਨ , ਵਾਰਡ ਨੰਬਰ 9 ਤੋਂ ਹਰਜਿੰਦਰ ਕੌਰ, ਵਾਰਡ 10 ਤੋਂ ਉਗਰ ਸਿੰਘ, ਵਾਰਡ ਨੰਬਰ 11 ਤੋਂ ਸਨੇਹ ਲਤਾ , ਵਾਰਡ ਨੰਬਰ 12 ਤੋਂ ਸਤਪਾਲ, ਵਾਰਡ 13 ਤੋਂ ਪਰਮਜੀਤ ਸਿੰਘ ਜੈਲਦਾਰ, ਵਾਰਡ ਨੰਬਰ 14 ਤੋਂ ਲਖਵੀਰ ਸਿੰਘ, ਵਾਰਡ 15 ਤੋਂ ਰਾਜਵੀਰ ਸਿੰਘ, ਵਾਰਡ ਨੰਬਰ 16 ਤੋਂ ਗਿਆਨ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਮੌੜ ਅਤੇ ਵਾਰਡ ਨੰਬਰ 17 ਤੋਂ ਸੁਨੀਤਾ ਕੁਮਾਰੀ ਨੂੰ ਉਮੀਦਵਾਰ ਬਣਾਇਆ ਗਿਆ ਹੈ। ਇਸ ਮੌਕੇ ਨਰਿੰਦਰ ਸਿੰਘ ਕਾਉਣੀ ਨੇ ਐਲਾਨੇ ਉਮੀਦਵਾਰਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਆਸ ਪ੍ਰਗਟਾਈ ਕਿ ਮੌੜ ਅੰਦਰ ਕਾਂਗਰਸ ਪਾਰਟੀ ਦੇ ਉਮੀਦਵਾਰ ਵੱਡੀ ਗਿਣਤੀ ਵੋਟਾਂ ਨਾਲ ਚੋਣ ਜਿੱਤਣਗੇ।

ਸ਼੍ਰੋਮਣੀ ਅਕਾਲੀ ਦਲ ਨਗਰ ਕੌਂਸਲ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ: ਡਾ: ਨਿਸ਼ਾਨ ਸਿੰਘ

ਬੁਢਲਾਡਾ, 16 ਮਈ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ)-ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਵੱਲੋਂ ਐਲਾਨੇ ਸਾਰੇ ਉਮੀਦਵਾਰਾਂ ਨੇ ਅੱਜ ਆਪਣੇ ਨਾਮਜ਼ਦਗੀ ਪੱਤਰ ਹਲਕਾ ਇੰਚਾਰਜ ਡਾਕਟਰ ਨਿਸ਼ਾਨ ਸਿੰਘ,ਅਕਾਲੀ ਆਗੂ ਬੱਲਮ ਸਿੰਘ ਕਲੀਪੁਰ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਬੋਹਾ ਅਤੇ ਜਤਿੰਦਰ ਸਿੰਘ ਸੋਢੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਅਤੇ ਜੋਗਾ ਸਿੰਘ ਬੋਹਾ ਦੀ ਹਾਜ਼ਰੀ ਵਿੱਚ ਦਾਖਲ ਕੀਤੇ।ਬੋਹਾ ਨਗਰ ਪੰਚਾਇਤ ਲਈ ਨਾਮਜ਼ਦਗੀ ਪੱਤਰ ਦਾਖ਼ਲ ਕਰਵਾਉਣ ਉਪਰੰਤ ਅਕਾਲੀ ਨੇਤਾ ਡਾ ਨਿਸ਼ਾਨ ਸਿੰਘ ਨੇ ਕਿਹਾ ਕਿ ਹਲਕਾ ਬੁਢਲਾਡਾ ਦੀਆ ਨਗਰ ਕੌਂਸਲ ਚੋਣਾਂ ਵਿੱਚ ਅਕਾਲੀ ਦਲ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ।ਇਸ ਮੌਕੇ ਤੇ ਜਥੇਦਾਰ ਕਲੀਪੁਰ ਨੇ ਦਸਿਆ ਕਿ ਸਾਰੇ ਵਾਰਡ ਉਮੀਦਵਾਰ ਤਹਿ ਕਰਨ ਲਈ ਪਾਰਟੀ ਹਾਈਕਮਾਂਡ ਸਲਾਹ ਮਸ਼ਵਰਾ ਕਰਨ ਬਾਅਦ ਯੋਗ, ਇਮਾਨਦਾਰ ਅਤੇ ਲੋਕ ਸੇਵਾ ਨੂੰ ਸਮਰਪਿਤ ਚਿਹਰਿਆ

2027 ਚ' ਵੈਕਿਉਮ ਕਲੀਨਰ ਦੀ ਤਰ੍ਹਾਂ ਚੱਲੇਗਾ ਝਾੜੂ, ਵਿਰੋਧੀਆਂ ਦਾ ਹੋਵੇਗਾ ਸੁਪੜਾ ਸਾਫ਼ : ਗੋਇਲ

ਲਹਿਰਾਗਾਗਾ, 16 ਮਈ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਵਿਧਾਨ ਸਭਾ ਹਲਕਾ ਲਹਿਰਾ 99 ਅੰਦਰ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਾਰੀ ਜਨ ਸਮਰਥਨ ਮਿਲਿਆ ਜਦੋਂ ਹਲਕੇ ਦੇ ਪਿੰਡ ਢੀਂਡਸਾ ਵਿਖੇ ਦਰਜਨਾ ਪਰਿਵਾਰਾਂ ਨੇ "ਆਮ ਆਦਮੀ ਪਾਰਟੀ" ਦੀਆਂ ਨੀਤੀਆਂ ਅਤੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਵਿਕਾਸ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਮਰਥਕਾਂ ਸਮੇਤ ਵੱਖ ਵੱਖ ਪਾਰਟੀਆਂ ਛੱਡ ਕੇ ਕੈਬਿਨਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਪਿੰਡ ਢੀਂਡਸਾ ਵਿਖੇ ਇੱਕ ਸਮਾਗਮ ਵਿੱਚ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਸਨਮਾਨ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਹਰ ਵਿਅਕਤੀ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਵਿਰੋਧੀ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਲਈ ਕੋਈ ਏਜੰਡਾ ਨਹੀਂ , ਵਿਰੋਧੀ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੇ ਹਨ, ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਪਹਿਲਾਂ ਤਾਂ ਫੰਡਾ ਪੱਖੋਂ ਪੰਜਾਬ ਨਾਲ ਵਿਤਕਰਾ ਕਰਦੀ ਆ ਰਹੀ ਹੈ ,ਪਰ ਹੁਣ ਪੰਜਾਬ ਦੀ ਸੱਤਾ ਦੇ ਕਾਬਜ਼ ਹੋਣ ਦੇ ਸਪਨੇ ਦੇਖਦਿਆਂ ਈਡੀ ਦੀ ਦੁਰਵਰਤੋਂ ਕਰਕੇ ਪੰਜਾਬ ਵਿੱਚ ਅਰਾਜਕਤਾ ਫੈਲਾਉਣਾ ਚਾਹੁੰਦੀ ਹੈ, ਪਰ ਪੰਜਾਬ ਦੇ ਬਹਾਦਰ ਲੋਕ ਕਦੇ ਵੀ ਭਾਜਪਾ ਦੀਆਂ ਦਾਮਨਕਾਰੀ ਨੀਤੀਆਂ ਅੱਗੇ ਨਹੀਂ ਝੁਕਣਗੇ, ਵੱਖ-ਵੱਖ ਪਾਰਟੀਆਂ ਛੱਡ ਕੇ ਆਮ ਆਦਮੀ ਵਿੱਚ ਸ਼ਾਮਿਲ ਹੋਣਾ ਸਾਬਤ ਕਰਦਾ ਹੈ ਕਿ ਜਨਤਾ "ਆਪ" ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਅਤੇ ਸੰਤੁਸ਼ਟ ਹੈ, ਆਦਮੀ ਪਾਰਟੀ ਜਿਥੇ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਦੀ ਗੱਲ ਕਰਦੀ ਹੈ ਉੱਥੇ ਹੀ ਵਿਰੋਧੀ ਪਾਰਟੀਆਂ ਕੋਲ "ਆਪ" ਨੂੰ ਕੋਸਣ ਤੋਂ ਸਿਵਾਏ ਕੋਈ ਗੱਲ ਨਹੀਂ, ਹਰ ਵਰਗ ਲਈ 600 ਯੂਨਿਟ ਬਿਜਲੀ ਮਾਫ ਕਰਨਾ, 60,000 ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦੇਣਾ, ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ, ਸੂਬੇ ਨੂੰ ਭਰਿਸ਼ਟਾਚਾਰ ਅਤੇ ਨਸ਼ਾ ਮੁਕਤ ਕਰਨਾ, ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਤੋਂ ਇਲਾਵਾ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣਾ ਆਮ ਆਦਮੀ ਪਾਰਟੀ ਦੇ ਇਤਿਹਾਸਿਕ ਕੰਮ ਹਨ, ਜਿਸ ਨੂੰ ਇਤਿਹਾਸ ਦੇ ਸੁਨਹਿਰੇ ਪੰਨਿਆਂ ਤੇ ਲਿਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਲੋਕਾਂ ਦੀ ਪਹਿਲੀ ਪਸੰਦ ਬਣ ਚੁੱਕੇ ਹਨ,ਦੂਜੇ ਪਾਸੇ ਆਪਣੇ ਸਮਰਥਕਾਂ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਵਿਅਕਤੀਆਂ ਭੋਲਾ ਸਿੰਘ, ਜੀਤ ਸਿੰਘ, ਜਸਵੀਰ ਸਿੰਘ, ਕੁਲਵਿੰਦਰ ਕੌਰ, ਗੁਰਮੀਤ ਕੌਰ, ਸੁਨੀਤਾ ਕੌਰ, ਸੱਤੂ ਸਿੰਘ, ਮੇਲੂ ਸਿੰਘ, ਜੈਲੋ ਕੌਰ ,ਪਰਮਜੀਤ ਸਿੰਘ, ਸੁਰਜੀਤ ਸਿੰਘ, ਜੰਟੀ ਸਿੰਘ, ਪਿਆਰਾ ਸਿੰਘ, ਅਮਰੀਕ ਸਿੰਘ, ਕੁਲਦੀਪ ਸਿੰਘ, ਰਣਧੀਰ ਸਿੰਘ, ਪਾਲਾ ਸਿੰਘ, ਜਸਪਾਲ ਕੌਰ, ਆਤਮਾ ਸਿੰਘ, ਵੀਰ ਚੰਦ ਸਿੰਘ ਤੇ ਹੋਰਨਾਂ ਨੇ ਕਿਹਾ ਕਿ ਉਹ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਲਹਿਰੇ ਹਲਕੇ ਲਈ ਕੀਤੇ ਜਾ ਰਹੇ ਵਿਕਾਸ ਕੰਮਾਂ ਤੇ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਅਤੇ ਸੰਤੁਸ਼ਟ ਹਨ। 2027 ਦੀਆਂ ਚੋਣਾਂ ਲਈ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਇਸ ਮੌਕੇ ਮੰਤਰੀ ਗੋਇਲ ਦੇ ਓਐਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਲੰਟੀਅਰ ਹਾਜ਼ਰ ਸਨ।

ਵਿਧਾਇਕ ਬਲਕਾਰ ਸਿੱਧੂ ਨੇ 5 ਨਗਰ ਪੰਚਾਇਤਾਂ ਦੇ 61 ਉਮੀਦਵਾਰਾਂ ਦੇ ਕਾਗਜ਼ ਦਾਖ਼ਲ ਕਰਵਾਏ

ਭਗਤਾ ਭਾਈ ਕਾ, 16 ਮਈ (ਸਵਰਨ ਸਿੰਘ ਭਗਤਾ): ਵਿਧਾਇਕ ਬਲਕਾਰ ਸਿੱਧੂ ਦੀ ਅਗਵਾਈ ਹੇਠ ਮਹਿਰਾਜ, ਕੋਠਾਗੁਰੂ, ਮਲੂਕਾ, ਭਾਈਰੂਪਾ ਤੇ ਭਗਤਾ ਭਾਈ ਕਾ ਦੀਆਂ ਨਗਰ ਪੰਚਾਇਤਾਂ 'ਚ ਕੁੱਲ 61 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ। ਇਸ ਮੌਕੇ ਹਲਕਾ ਰਾਮਪੁਰਾ ਫੂਲ ਵਿੱਚ ਲੋਕਤੰਤਰਿਕ ਮਾਹੌਲ, ਅਮਨ-ਸਾਂਤੀ ਤੇ ਭਾਈਚਾਰੇ ਦੀ ਸੁੰਦਰ ਮਿਸਾਲ ਵੇਖਣ ਨੂੰ ਮਿਲੀ। ਜਿਕਰਯੋਗ ਹੈ ਕਿ ਇਨ੍ਹਾਂ 5 ਨਗਰ ਪੰਚਾਇਤਾਂ ਵਿੱਚ ਪਿਛਲੇ ਸਮੇਂ ਦੌਰਾਨ ਹੋਏ ਵਿਕਾਸ ਕਾਰਜਾਂ ਨੂੰ ਲੋਕਾਂ ਵੱਲੋਂ ਖੁੱਲ੍ਹ ਕੇ ਸਲਾਹਿਆ ਗਿਆ। ਸ਼ਹਿਰਾਂ ਤੇ ਕਸਬਿਆਂ 'ਚ ਸੜਕਾਂ, ਗਲੀਆਂ, ਸੀਵਰੇਜ ਪ੍ਰਬੰਧ, ਸਟਰੀਟ ਲਾਈਟਾਂ, ਸਫਾਈ ਪ੍ਰਬੰਧ ਤੇ ਲੋਕ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਕੰਮਾਂ ਨੇ ਲੋਕਾਂ ਦਾ ਵਿਸ਼ਵਾਸ ਜਿੱਤਿਆ ਹੈ। ਲੋਕਾਂ ਨੇ ਕਿਹਾ ਕਿ ਵਿਧਾਇਕ ਬਲਕਾਰ ਸਿੱਧੂ ਨੇ ਹਰ ਇਲਾਕੇ ਦੇ ਵਿਕਾਸ ਨੂੰ ਪਹਿਲ ਦੇ ਕੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਲਗਾਤਾਰ ਯਤਨ ਕੀਤੇ ਹਨ। ਇਸ ਮੌਕੇ ਵਿਰੋਧੀ ਧਿਰਾਂ ਦੇ ਉਮੀਦਵਾਰ ਵੀ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਦੇ ਸਮੇਂ ਵਿਧਾਇਕ ਬਲਕਾਰ ਸਿੱਧੂ ਤੇ ਮਾਨ ਸਰਕਾਰ ਦੀ ਤਾਰੀਫ ਕਰਦੇ ਵੇਖੇ ਗਏ ਕਿ ਪਹਿਲੀ ਵਾਰ ਨਗਰ ਪੰਚਾਇਤ ਚੋਣਾਂ ਵਿੱਚ ਅਮਨ ਸਾਂਤੀ ਨਾਲ ਕਾਗਜ਼ ਭਰਵਾਏ ਗਏ ਤੇ ਕਿਸੇ ਪ੍ਰਕਾਰ ਦੇ ਸਰਟੀਫਿਕੇਟ ਲੈਣ ਵਿੱਚ ਕੋਈ ਦਿੱਕਤ ਨਹੀਂ ਆਈ। ਲੋਕਾਂ ਵਿੱਚ ਇਹ ਵੀ ਚਰਚਾ ਰਹੀ ਕਿ ਵਿਧਾਇਕ ਬਲਕਾਰ ਸਿੱਧੂ ਆਪਣੀ ਨਰਮ ਦਿਲੀ, ਨਿੱਘੇ ਸੁਭਾਅ ਤੇ ਹਰ ਵਰਗ ਨਾਲ ਪਿਆਰ ਭਰੇ ਵਤੀਰੇ ਕਰਕੇ ਇਲਾਕੇ ਦੇ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ ਬੈਠੇ ਹਨ। ਆਮ ਲੋਕਾਂ ਲਈ ਹਮੇਸ਼ਾ ਉਪਲਬਧ ਰਹਿਣਾ ਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਆਪਣੀ ਸਮੱਸਿਆ ਸਮਝ ਕੇ ਹੱਲ ਕਰਨਾ ਉਨ੍ਹਾਂ ਦੀ ਵੱਖਰੀ ਪਹਿਚਾਣ ਬਣ ਚੁੱਕੀ ਹੈ। ਵਿਧਾਇਕ ਬਲਕਾਰ ਸਿੱਧੂ ਨੇ ਇਸ ਮੌਕੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਗਰ ਪੰਚਾਇਤ ਚੋਣਾਂ ਵਿੱਚ ਵਿਕਾਸ, ਇਮਾਨਦਾਰੀ ਤੇ ਲੋਕ ਭਲਾਈ ਦੇ ਨਾਮ 'ਤੇ ਵੋਟ ਪਾਈ ਜਾਵੇ ਤਾਂ ਜੋ ਇਲਾਕੇ ਦੀ ਤਰੱਕੀ ਦੀ ਰਫ਼ਤਾਰ ਹੋਰ ਤੇਜ਼ ਹੋ ਸਕੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਲਹਿਰ ਜਾਰੀ ਰਹੇਗੀ।ਇਸ ਮੌਕੇ ਚੇਅਰਮੈਨ ਦਰਸ਼ਨ ਸੋਹੀ, ਚੇਅਰਮੈਨ ਬੇਅੰਤ ਸਿੰਘ ਧਾਲੀਵਾਲ,ਰਾਜਦੀਪ ਸਿੰਘ ਰੌਬੀ ਬਰਾੜ, ਸ਼ੇਰ ਬਹਾਦਰ ਧਾਲੀਵਾਲ ਪ੍ਰਧਾਨ ਟਰੱਕ ਯੂਨੀਅਨ, ਬਲਵਿੰਦਰ ਸਿੰਘ ਲੱਖਾ ਸਰਪੰਚ ਤੇ ਨਗਰ ਪੰਚਾਇਤਾਂ ਦੇ ਉਮੀਦਵਾਰ ਹਾਜਰ ਸਨ।

ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਚੋਣ ਪ੍ਰਚਾਰ 'ਚ ਫੂਕੀ ਜਾਨ, ਮੀਟਿੰਗਾਂ ਦਾ ਦੌਰ ਜਾਰੀ

ਧੂਰੀ, 16 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ): ਸਥਾਨਕ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਮੁਹਿੰਮ ਨੂੰ ਪ੍ਰਚੰਡ ਕਰਦਿਆਂ ਤਾਬੜਤੋੜ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ 'ਆਪ' ਉਮੀਦਵਾਰ ਇਤਿਹਾਸਕ ਅਤੇ ਵੱਡੇ ਪੱਧਰ 'ਤੇ ਜਿੱਤ ਦਰਜ ਕਰਨਗੇ, ਕਿਉਂਕਿ ਜਨਤਾ ਵਿਕਾਸ ਦੀ ਰਾਜਨੀਤੀ ਦੇ ਨਾਲ ਖੜ੍ਹੀ ਹੈ। ਸ਼ਹਿਰ ਦੇ ਦਸਮੇਸ਼ ਨਗਰ ਵਿਖੇ ਆਯੋਜਿਤ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਕੀਤਾ ਹਰ ਇੱਕ ਵਾਅਦਾ ਪੂਰਾ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਧੂਰੀ ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਹੋਰ ਦੁੱਗਣੀ ਰਫ਼ਤਾਰ ਦੇਣ ਲਈ ਨਗਰ ਕੌਂਸਲ ਚੋਣਾਂ ਵਿੱਚ 'ਆਪ' ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਕੌਂਸਲ ਹਾਊਸ ਵਿੱਚ ਭੇਜਿਆ ਜਾਵੇ ਤਾਂ ਜੋ ਗ੍ਰਾਂਟਾਂ ਦੀ ਕੋਈ ਕਮੀ ਨਾ ਰਹੇ।

ਇਸ ਚੋਣ ਪ੍ਰਚਾਰ ਦੌਰਾਨ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਸਫ਼ਲਤਾ ਅਤੇ ਮਜ਼ਬੂਤੀ ਮਿਲੀ, ਜਦੋਂ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਦੀ ਪ੍ਰੇਰਣਾ ਸਦਕਾ ਮੁਸਲਿਮ ਭਾਈਚਾਰੇ ਨੇ ਇੱਕਜੁੱਟਤਾ ਦਾ ਸਬੂਤ ਦਿੱਤਾ। ਭਾਈਚਾਰੇ ਦੇ ਆਗੂਆਂ ਅਤੇ ਵੱਡੀ ਗਿਣਤੀ ਪਹੁੰਚੇ ਲੋਕਾਂ ਨੇ ਚੋਣਾਂ ਵਿੱਚ 'ਆਪ' ਉਮੀਦਵਾਰਾਂ ਦੀ ਡਟਵੀਂ ਮੱਦਦ ਕਰਨ ਅਤੇ ਉਨ੍ਹਾਂ ਦੇ ਹੱਕ ਵਿੱਚ ਭੁਗਤਣ ਦਾ ਰਸਮੀ ਐਲਾਨ ਕੀਤਾ। ਇਸ ਫੈਸਲੇ ਨਾਲ ਵਿਰੋਧੀ ਖੇਮਿਆਂ ਵਿੱਚ ਹਲਚਲ ਮਚ ਗਈ ਹੈ ਤੇ 'ਆਪ' ਦਾ ਪਲੜਾ ਬੇਹੱਦ ਭਾਰੀ ਨਜ਼ਰ ਆ ਰਿਹਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੇ ਕਾਗਜ਼ ਭਰੇ

ਭਗਤਾ ਭਾਈ ਕਾ, 16 ਮਈ (ਸਵਰਨ ਸਿੰਘ ਭਗਤਾ): ਪੰਜਾਬ ਰਾਜ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਹੇਠ 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਨੂੰ ਲੈਕੇ ਵੱਖ ਵੱਖ ਪਾਰਟੀਆਂ ਵੱਲੋਂ ਕਮਰਕੱਸ ਲਈ ਗਈ ਹੈ ਜਿਸ ਦੇ ਤਹਿਤ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਨਗਰ ਭਗਤਾ ਭਾਈ ਕਾ ਦੀ ਨਗਰ ਪੰਚਾਇਤ ਦੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੇ ਭਗਤਾ ਭਾਈ ਦੇ ਵੱਖ ਵੱਖ ਵਾਰਡਾਂ ਤੋਂ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਵਿੱਚ ਕਾਗਜ਼ ਦਾਖਲ ਕੀਤੇ ਗਏ। ਜਾਣਕਾਰੀ ਅਨੁਸਾਰ ਵਾਰਡ ਨੰਬਰ 1 ਤੋਂ ਅਮਨਦੀਪ ਕੌਰ, ਵਾਰਡ ਨੰਬਰ 5 ਤੋਂ ਮਨਜੀਤ ਕੌਰ, ਵਾਰਡ ਨੰਬਰ 7 ਤੋਂ ਚਰਨਜੀਤ ਕੌਰ, ਵਾਰਡ ਨੰਬਰ 9 ਤੋਂ ਗੀਤਾ ਰਾਣੀ ਗਰਗ , ਵਾਰਡ ਨੰਬਰ 11 ਤੋਂ ਚੈਰੀ ਬਾਲਾ ਤੇ ਵਾਰਡ ਨੰ. 13 ਤੋਂ ਮਨਜੀਤ ਸਿੰਘ ਧੰਨਾ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ।

ਇਸ ਮੌਕੇ ਰਾਕੇਸ਼ ਕੁਮਾਰ ਗੋਇਲ ਸਾਬਕਾ ਪ੍ਰਧਾਨ ਨਗਰ ਪੰਚਾਇਤ, ਗਗਨਦੀਪ ਸਿੰਘ ਗਰੇਵਾਲ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ, ਸਤਵਿੰਦਰਪਾਲ ਸਿੰਘ ਪਿੰਦਰ ਪ੍ਰਧਾਨ, ਸੁਖਜਿੰਦਰ ਸਿੰਘ ਖਾਨਦਾਨ, ਬਿੱਟੂ ਖਾਨਦਾਨ, ਗੁਰਚਰਨ ਸਿੰਘ ਪੂਰੀ, ਜਗਮੋਹਨ ਲਾਲ ਕੌਂਸਲਰ, ਸੁਖਜਿੰਦਰ ਸਿੰਘ ਖਹਿਰਾ, ਮਿਸਤਰੀ ਸੁਖਮੰਦਰ ਸਿੰਘ ਅਕਾਲ ਵਾਲੇ, ਮਿਸਤਰੀ ਬਲਵੀਰ ਸਿੰਘ ਸੁਪਰ ਡੀਲਕਸ ਵਾਲੇ, ਵਿੱਕੀ ਸਿੰਘ, ਬਾਦਲ ਸਿੰਘ, ਮਾਸਟਰ ਜਰਨੈਲ ਸਿੰਘ ਭੋਡੀਪੁਰਾ ਅਦਿ ਸਮੇਤ ਹੋਰ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

ਕੈਬਨਿਟ ਮੰਤਰੀ ਗੋਇਲ ਵੱਲੋਂ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀ ਦਾ ਸਨਮਾਨ

ਲਹਿਰਾਗਾਗਾ, 16 ਮਈ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਪੰਜਾਬ ਅੰਦਰ "ਆਪ" ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਲਿਆਂਦੇ ਗਏ ਕ੍ਰਾਂਤੀਕਾਰੀ ਬਦਲਾਅ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ, ਸਿਹਤ ਕ੍ਰਾਂਤੀ ਦੇ ਤਹਿਤ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦਾ ਭਵਿੱਖ ਉਜਵਲ ਹੋ ਰਿਹੈ ਤੇ ਹਰ ਖੇਤਰ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਮੱਲਾਂ ਮਾਰ ਰਹੇ ਹਨ ।ਇਸ ਗੱਲ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਨਗਰ ਕੌਂਸਲ ਪ੍ਰਧਾਨ ਤੇ ਮਹਿਲਾ ਅਗਰਵਾਲ ਸਭਾ ਦੇ ਸੂਬਾ ਪ੍ਰਧਾਨ ਕਾਂਤਾ ਗੋਇਲ ਦੇ ਨਾਲ+2 (ਸ਼ੀਨੀਅਰ ਸੈਕੰਡਰੀ) ਦੇ ਘੋਸ਼ਤ ਨਤੀਜੇ ਵਿੱਚੋਂ ਲਹਿਰਾ ਹਲਕੇ ਦੇ ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਲਕਲਾਂ ਦੀਆਂ ਵਿਦਿਆਰਥਣਾਂ ਗੁਰਮੀਤ ਕੌਰ ਪੁੱਤਰੀ ਬੀਰਬਲ ਸਿੰਘ ਲਹਿਲਕਲਾਂ, ਅੰਜਲੀ ਕੌਰ ਪੁੱਤਰੀ ਨਿਰਮਲ ਸਿੰਘ ਦੇਹਲਾਸੀਹਾਂ ਅਮਨਦੀਪ ਕੌਰ ਪੁੱਤਰੀ ਦਲਬਾਰਾ ਸਿੰਘ ਜਿਨਾਂ ਨੇ ਕਰਮਵਾਰ ਪੰਜਾਬ 'ਚੋਂ ਨੌਵਾਂ ਜ਼ਿਲ੍ਹਾ ਸੰਗਰੂਰ ਵਿੱਚੋਂ ਪਹਿਲਾ, ਪੰਜਾਬ ਵਿੱਚੋਂ13ਵਾਂ ਜ਼ਿਲ੍ਹਾ ਸੰਗਰੂਰ ਵਿੱਚੋਂ ਚੌਥਾ, ਸੂਬਾ ਪੱਧਰ ਤੇ 13ਵਾਂ ਤੇ ਜ਼ਿਲ੍ਹਾ ਸੰਗਰੂਰ 'ਚੋਂ ਪੰਜਵਾਂ ਸਥਾਨਾਂ ਹਾਸਿਲ ਕੀਤਾ ਹੈ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਨ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੇਰੇ ਲਈ ਮਾਨ ਦੀ ਗੱਲ ਹੈ ਕਿ ਮੇਰੇ ਹਲਕੇ ਦੇ ਪਿੰਡ ਲਹਿਲਕਲਾਂ ਦੇ ਸਰਕਾਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸੂਬਾ ਪੱਧਰ ਤੇ ਮੈਰਿਟ ਵਿੱਚ ਸਥਾਨ ਹਾਸਿਲ ਕਰਕੇ ਹਲਕੇ ਦਾ ਨਾਮ

ਸਿਹਤ ਵਿਭਾਗ ਨੇ ਸਿਹਤ ਕੇਂਦਰਾਂ ਤੇ ਸਕੂਲਾਂ ਵਿੱਚ ਮਨਾਇਆ ਰਾਸ਼ਟਰੀ ਡੇਂਗੂ ਦਿਵਸ : ਸਿਵਲ ਸਰਜਨ

ਬਰਨਾਲਾ, 16 ਮਈ (ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਬਰਨਾਲਾ ਵੱਲੋਂ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਸਿਹਤ ਕੇਂਦਰਾਂ ਅਤੇ ਸਕੂਲਾਂ ਵਿੱਚ ਰਾਸ਼ਟਰੀ ਡੇਂਗੂ ਦਿਵਸ ਸਬੰਧੀ ਜਾਗਰੂਕਤਾ ਗਤੀਵਿਧੀਆਂ ਕਰ ਕੇ ਮਨਾਇਆ ਗਿਆ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ.ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਡਾ. ਸਿੱਧੂ ਨੇ ਦੱਸਿਆ ਕਿ ਡੇਂਗੂ ਦਾ ਇਲਾਜ ਅਤੇ ਟੈਸਟ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਜ਼ਿਲ੍ਹਾ ਐਪੀਡਿਮਾਲੋਜਿਸਟ ਡਾ. ਸਾਕਸ਼ੀ ਸੋਨੀ ਅਤੇ ਡਾ. ਮੁਨੀਸ਼ ਕੁਮਾਰ ਨੇ ਦੱਸਿਆ ਕਿ ਇਸ ਸਾਲ ਰਾਸ਼ਟਰੀ ਡੇਂਗੂ ਦਿਵਸ ਡੇਂਗੂ ਕੰਟਰੋਲ : ਕਲੀਨ, ਚੈਕ ਅਤੇ ਕਵਰ ਵਿਸ਼ੇ ਦੇ ਤਹਿਤ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਸਕੂਲੀ ਬੱਚਿਆਂ ਅਤੇ ਲੋਕਾਂ ਨੂੰ ਜਾਗਰੂਕ ਕਰਕੇ ਮਨਾਇਆ ਗਿਆ। ਗੁਰਮੇਲ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਸਹਿਣਾ ਅਤੇ ਸੁਰਿੰਦਰ ਸਿੰਘ ਹੈਲਥ ਸੁਪਰਵਾਈਜ਼ਰ, ਮਨਪ੍ਰੀਤ ਸ਼ਰਮਾ, ਗਣੇਸ਼ ਦੱਤ ਅਤੇ ਜਸਵਿੰਦਰ ਸਿੰਘ ਵੱਲੋਂ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ ਕਿ ਡੇਂਗੂ ਦਾ ਮੱਛਰ ਸਾਫ ਖੜੇ ਪਾਣੀ ਵਿੱਚ ਪਲਦਾ ਹੈ ਅਤੇ ਦਿਨ ਵੇਲੇ ਕੱਟਦਾ ਹੈ। ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫਸਰ ਕੁਲਦੀਪ ਸਿੰਘ ਮਾਨ ਅਤੇ ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਨੇ ਦੱਸਿਆ ਕਿ ਜੇਕਰ ਕਿਸੇ ਨੂੰ ਵੀ ਡੇਂਗੂ ਦੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਸਰਕਾਰੀ ਹਸਪਤਾਲ ਵਿੱਚ ਡਾਕਟਰੀ ਸਲਾਹ ਅਨੁਸਾਰ ਇਲਾਜ ਕਰਵਾਉਣਾ ਚਾਹੀਦਾ ਹੈ ਘਰੇਲੂ ਨੁਸਖ਼ੇ, ਇਲਾਜ ਚ ਦੇਰੀ ਕਰਨ ਨਾਲ ਕਈ ਵਾਰ ਖਤਰੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਪਰਨੀਤ ਸ਼ੇਰਗਿੱਲ ਆਈ.ਏ.ਐੱਸ. ਨਗਰ ਨਿਗਮ/ ਨਗਰ ਕੌਂਸਲ ਚੋਣਾਂ ਲਈ ਆਬਜ਼ਰਵਰ ਨਿਯੁਕਤ

ਬਰਨਾਲਾ, 16 ਮਈ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਬਰਨਾਲਾ ਵਿੱਚ ਨਗਰ ਨਿਗਮ ਬਰਨਾਲਾ ਅਤੇ ਨਗਰ ਕੌਂਸਲ ਤਪਾ, ਭਦੌੜ ਤੇ ਧਨੌਲਾ ਲਈ 26 ਮਈ ਨੂੰ ਹੋਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਆਈ ਏ ਐੱਸ ਅਧਿਕਾਰੀ ਮੈਡਮ ਪਰਨੀਤ ਸ਼ੇਰਗਿੱਲ ਨੂੰ ਚੋਣ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਚੋਣ ਆਬਜ਼ਰਵਰ ਪਰਨੀਤ ਸ਼ੇਰਗਿੱਲ ਆਈ ਏ ਐੱਸ ਵੱਲੋਂ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸਹਿਤ ਜ਼ਿਲ੍ਹਾ ਚੋਣ ਅਫ਼ਸਰ ਹਰਪ੍ਰੀਤ ਸਿੰਘ ਆਈ ਏ ਐੱਸ, ਜ਼ਿਲ੍ਹਾ ਪੁਲਿਸ ਮੁਖੀ ਮੁਹੰਮਦ ਸਰਫਰਾਜ਼ ਆਲਮ ਆਈ ਪੀ ਐੱਸ ਸਮੇਤ ਹੋਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਢੰਗ ਅਤੇ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਲਈ ਤਿਆਰੀਆਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੌਰਾਨ ਪੰਜਾਬ ਰਾਜ ਚੋਣ ਕਮਿਸ਼ਨ ਦੀ ਹਦਾਇਤਾ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ ਅਤੇ ਚੋਣਾਂ ਪਾਰਦਰਸ਼ੀ ਢੰਗ ਨਾਲ ਕਾਰਵਾਈਆਂ ਜਾਣਗੀਆਂ। ਉਹਨਾਂ ਕਿਹਾ ਕਿ ਇਹ ਚੋਣਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ/ਕੋਤਾਹੀ ਨੂੰ ਅਣਦੇਖਿਆ ਨਹੀਂ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਚੋਣਾਂ ਮਿਤੀ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਹੋਣਗੀਆਂ ਅਤੇ ਪੋਲ ਹੋਈਆਂ ਵੋਟਾਂ ਦੀ ਗਿਣਤੀ ਮਿਤੀ 29 ਮਈ ਦਿਨ ਸ਼ੁੱਕਰਵਾਰ ਨੂੰ ਇਸ ਮੰਤਵ ਲਈ ਸਥਾਪਿਤ ਕੀਤੇ ਗਿਣਤੀ ਕੇਂਦਰਾਂ 'ਤੇ ਹੋਵੇਗੀ।

ਕਿਸਾਨਾਂ 'ਤੇ ਜ਼ਬਰ ਦੇ ਵਿਰੁੱਧ 'ਚ 13 ਜ਼ਿਲ੍ਹਿਆਂ ਵਿੱਚ ਭਾਜਪਾ ਅਤੇ ਰਾਜਪਾਲ ਦੇ ਪੁਤਲੇ ਫੂਕੇ

ਬਰਨਾਲਾ, 16 ਮਈ (ਸੁਖਵਿੰਦਰ ਸਿੰਘ ਭੰਡਾਰੀ) : ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਵਿੱਚ 13 ਜ਼ਿਲ੍ਹਿਆਂ ਵਿੱਚ ਪੁਤਲਾ ਫੂਕ ਪ੍ਰਦਰਸ਼ਨ ਕੀਤੇ ਗਏ। ਵੱਖ ਵੱਖ ਥਾਵਾਂ 'ਤੇ ਇਕੱਠੇ ਹੋ ਕੇ ਕਿਸਾਨਾਂ ਨੇ ਭਾਜਪਾ ਅਤੇ ਗਵਰਨਰ ਪੰਜਾਬ ਦੇ ਪੁਤਲੇ ਸਾੜ ਕੇ 15 ਮਈ ਨੂੰ ਕਿਸਾਨਾਂ 'ਤੇ ਕੀਤੇ ਜਬਰ ਦਾ ਵਿਰੋਧ ਕੀਤਾ। ਇਸ ਸਮੇਂ ਵੱਖ-ਵੱਖ ਥਾਵਾਂ 'ਤੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਅਤੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕਿਹਾ ਕਿ 15 ਮਈ ਨੂੰ ਆਪਣੀਆਂ ਮੰਗਾਂ ਵਾਸਤੇ ਗਵਰਨਰ ਪੰਜਾਬ ਨੂੰ ਮੰਗ ਪੱਤਰ ਦੇਣ ਜਾ ਰਹੇ ਕਿਸਾਨਾਂ ਦੇ ਸ਼ਾਂਤਮਈ ਮੁਜਾਹਰੇ 'ਤੇ ਚੰਡੀਗੜ੍ਹ ਪੁਲਿਸ ਵੱਲੋਂ ਅਣਮਨੁੱਖੀ ਤਸ਼ੱਦਦ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਇਸ਼ਾਰੇ 'ਤੇ ਗਵਰਨਰ ਪੰਜਾਬ ਵੱਲੋਂ ਚੰਡੀਗੜ੍ਹ ਪੁਲਿਸ ਰਾਹੀਂ ਕਿਸਾਨਾਂ 'ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ, ਲਾਠੀਚਾਰਜ ਕੀਤਾ ਗਿਆ ਅਤੇ ਅੱਥਰੂ ਗੈਸ ਦੇ ਗੋਲੇ ਸੁੱਟ ਕੇ ਉਹਨਾਂ ਨੂੰ ਆਪਣੀ ਹੀ ਰਾਜਧਾਨੀ ਵਿੱਚ ਜਾਣ ਤੋਂ ਰੋਕ ਦਿੱਤਾ ਗਿਆ। ਕਿਸਾਨ ਆਗੂਆਂ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਲਈ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀ ਮੰਗ ਕਰਨ ਤੋਂ ਇਲਾਵਾ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਸਤੇ ਸਾਫ ਨਹਿਰੀ ਪਾਣੀ ਦੇਣ, ਪੰਜਾਬ ਦੇ ਪਾਣੀਆਂ ਦਾ ਮਸਲਾ ਰਿਪੇਰੀਅਨ-ਬੇਸਨ ਸਿਧਾਂਤ ਅਨੁਸਾਰ ਹੱਲ ਕਰਨ, ਪੰਜਾਬ ਪੁਨਰਗਠਨ ਐਕਟ ਦੀਆਂ ਵਿਤਕਰੇ ਪੂਰਨ ਧਰਾਵਾਂ 78,79 ਅਤੇ 80 ਨੂੰ ਰੱਦ ਕਰਨ ਅਤੇ ਸੂਬੇ ਨਾਲ ਹੋਏ ਸਾਰੇ ਗੈਰ ਸੰਵਿਧਾਨਕ ਅਤੇ ਵਿਤਕਰੇਪੂਰਨ ਕਾਨੂੰਨੀ ਸਮਝੌਤੇ ਤੇ ਅਵਾਰਡ ਰੱਦ ਕਰਨ ਦੀ ਮੰਗ ਕੀਤੀ। ਕਿਸਾਨਾਂ ਨੇ ਮੰਗ ਕੀਤੀ ਕਿ ਰਜਿਸਟਰਾਰ ਸਹਿਕਾਰੀ ਸਭਾਵਾਂ ਵੱਲੋਂ ਕੀਤੇ ਹੋਏ ਵਾਅਦੇ ਅਨੁਸਾਰ ਪੰਜਾਬ ਸਰਕਾਰ ਜਲਦੀ ਤੋਂ ਜਲਦੀ ਵਧੇ ਹੋਏ ਹੱਦ ਕਰਜੇ ਦਾ ਨਵਾਂ ਨੋਟੀਫਿਕੇਸ਼ਨ ਦੁਬਾਰਾ ਜਾਰੀ ਕਰੇ। ਜਬਰ ਦੇ ਮਾਮਲੇ ਵਿੱਚ ਪੰਜਾਬ ਦੀ ਆਮ ਆਦਮੀ ਸਰਕਾਰ ਵੀ ਭਾਜਪਾ ਦੇ ਕਦਮਾਂ 'ਤੇ ਹੀ ਚੱਲ ਰਹੀ ਹੈ।

ਇੰਨਰਵ੍ਹੀਲ ਕਲੱਬ ਦਾ ਚੇਅਰਮੈਨ ਨੀਨਾ ਕੋਹਲੀ ਨੇ ਕੀਤਾ ਰਸਮੀ ਦੌਰ

ਬਰਨਾਲਾ, 16 ਮਈ (ਸੁਖਵਿੰਦਰ ਸਿੰਘ ਭੰਡਾਰੀ) : ਬਰਨਾਲਾ ਵਿਖੇ ਸਰਗਰਮੀ ਨਾਲ ਸਮਾਜਿਕ ਖੇਤਰ ਚ ਕੰਮ ਕਰ ਰਹੇ ਅੰਤਰਰਾਸ਼ਟਰੀ ਇੰਨਰਵ੍ਹੀਲ ਕਲੱਬ ਜ਼ਿਲ੍ਹਾ ਬਰਨਾਲਾ ਵੱਲੋਂ ਬੀਤੇ ਸਮੇਂ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਕਰਨ ਲਈ ਬਰਨਾਲਾ ਕਲੱਬ ਵਿਖੇ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਗੰਗਾ ਨਗਰ (ਰਾਜਸਥਾਨ) ਤੋਂ ਚੇਅਰਮੈਨ ਨੀਨਾ ਕੋਹਲੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਕਲੱਬ ਦੀਆਂ ਸਮੂਹ ਮੈਂਬਰਾਂ ਵੱਲੋਂ ਉਹਨਾਂ ਦਾ ਗਰਮਜੋਸ਼ੀ ਨਾਲ ਨਿੱਘਾ ਸਵਾਗਤ ਕੀਤਾ ਗਿਆ। ਪ੍ਰਾਰਥਨਾ ਕਰਨ ਉਪਰੰਤ ਰਸਮੀ ਪ੍ਰੋਗਰਾਮ ਦੀ ਸ਼ੁਰੂਆਤ ਹੋਈ। ਇਸ ਮੌਕੇ ਉਹਨਾਂ ਸਮੂਹ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੰਨਰਵ੍ਹੀਲ ਕਲੱਬ ਦਾ ਉਦੇਸ਼ ਸਮਾਜ ਵਿੱਚ ਲੋੜਵੰਦ ਵਿਦਿਆਰਥੀਆਂ, ਮਰੀਜ਼ਾਂ ਅਤੇ ਬੇਸਹਾਰਾ ਬੱਚਿਆਂ ਅਤੇ ਬਜ਼ੁਰਗਾਂ ਆਦਿ ਦੀ ਸੇਵਾ ਕਰਨਾ ਹੈ। ਇਸ ਮੌਕੇ ਬਬੀਤਾ ਜਿੰਦਲ ਪ੍ਰਧਾਨ ਅਗਰਵਾਲ ਸਭਾ ਬਰਨਾਲਾ (ਮਹਿਲਾ ਵਿੰਗ) ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਚੇਅਰਮੈਨ ਨੀਨਾ ਕੋਹਲੀ ਅਤੇ ਹੋਰਨਾਂ ਮੈਂਬਰਾਂ ਨੂੰ ਜੀ ਆਇਆਂ ਕਿਹਾ । ਇਸ ਉਪਰੰਤ ਆਯੋਜਿਤ ਸੱਭਿਆਚਾਰਕ ਪ੍ਰੋਗਰਾਮ 'ਚ ਸਮੂਹ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਇੰਨਰਵ੍ਹੀਲ ਕਲੱਬ ਦੇ ਸਮੂਹ ਮੈਂਬਰਾਂ ਨੇ ਨੀਨਾ ਕੋਹਲੀ ਨੂੰ ਸਨਮਾਨਿਤ ਕੀਤਾ ਅਤੇ ਨੀਨਾ ਕੋਹਲੀ ਨੇ ਸਮੂਹ ਮੈਂਬਰਾਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਉਹਨਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ। ਇਸ ਦੌਰਾਨ ਕਲੱਬ ਦੇ ਪ੍ਰਧਾਨ ਮੀਨਾ ਵਰਮਾ, ਸਕੱਤਰ ਸੁਮਨ ਜਿੰਦਲ, ਬਬੀਤਾ ਜਿੰਦਲ, ਖ਼ਜ਼ਾਨਚੀ ਬਬੀਤਾ ਗਰਗ, ਆਈ ਐਸ ਓ ਨੀਲਮ ਗਰਗ, ਮੀਤ ਪ੍ਰਧਾਨ ਕਿਰਨ ਬਾਂਸਲ, ਆਡੀਟਰ ਸੋਨਿਕਾ ਗੁਪਤਾ, ਡਾਕਟਰ ਆਸ਼ਾ ਗਰਗ, ਸੁਨੀਤਾ ਸਿੰਗਾਪੁਰੀਆ, ਊਸ਼ਾ ਸਿੰਗਾਪੁਰੀਆ, ਬਬੀਤਾ ਰਾਣੀ, ਅਨੀਤਾ ਰਾਣੀ, ਨੀਤੂ, ਜੋਤੀ, ਵੀਨਾ ਧੰਨਾ ਅਤੇ ਸੀਮਾ ਬਾਂਸਲ ਆਦਿ ਹਾਜ਼ਰ ਸਨ।

ਧਨੌਲਾ 'ਚ 'ਆਪ' ਨੂੰ ਵੱਡਾ ਝਟਕਾ : ਬਲਜਿੰਦਰ ਵੜਿੰਗ ਦੀ ਅਗਵਾਈ ਹੇਠ ਦੋ ਕੌਂਸਲਰਾਂ ਸਮੇਤ ਦਰਜਨਾਂ ਪਰਿਵਾਰ ਭਾਜਪਾ 'ਚ ਸ਼ਾਮਿਲ

ਧਨੌਲਾ, 16 ਮਈ (ਚਮਕੌਰ ਸਿੰਘ ਗੱਗੀ) : ਨਗਰ ਕੌਂਸਲ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਿਆ ਜਦੋਂ ਆਮ ਕੌਂਸਲਰਾਂ ਸਮੇਤ ਦਰਜਨ ਪਰਿਵਾਰਾਂ ਨੇ ਬਲਜਿੰਦਰ ਵੜਿੰਗ ਦੀ ਅਗਵਾਈ ਹੇਠ ਭਾਜਪਾ ਦਾ ਪੱਲਾ ਫੜਦਿਆਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ। ਭਾਜਪਾ ਦੇ ਸੀਨੀਅਰ ਆਗੂ ਰਜਵਾੜਾ ਢਾਬਾ ਮਾਲਕ ਬਲਜਿੰਦਰ ਸਿੰਘ ਸਮੇਤ ਬੀਜੇਪੀ ਲੀਡਰਸ਼ਿਪ ਧਨੌਲਾ ਦੇ ਵਾਰਡਾਂ ਨੰਬਰ ਪੰਜ ਤੋਂ ਉਮੀਦਵਾਰ ਮਮਨਦੀਪ ਕੌਰ ਪਤਨੀ ਲਵਲੀਨ ਸ਼ਰਮਾ ਭਾਰਦਵਾਜ ਦੇ ਘਰ ਰੱਖੇ ਸਮਾਗਮ ਦੌਰਾਨ ਲੋਕਾਂ ਨੂੰ ਸ਼ਾਮਲ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਪ੍ਰਧਾਨ ਮੰਤਰੀ ਮੋਦੀ ਦੇ ਕੀਤੇ ਕੰਮ ਨੂੰ ਦੇਖਦੇ ਅਤੇ ਲੋਕ ਪੱਖੀ ਨੀਤੀਆਂ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਬੀਜੇਪੀ ਵਿੱਚ ਸ਼ਾਮਿਲ ਹੋਏ ਹਨ। ਇਸ ਮੌਕੇ ਬੀਜੇਪੀ ਆਗੂ ਜਥੇਦਾਰ ਸੁਖਵੰਤ ਸਿੰਘ ਕਾਹਲੋਂ, ਜਥੇਦਾਰ ਮੱਖਣ ਸਿੰਘ ਨੇ ਕਿਹਾ ਕਿ ਹੁਣ ਪੰਜਾਬ ਵਿੱਚੋਂ ਮੌਜੂਦਾ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਗਿਆ, ਤੇ ਲੋਕ ਬਦਲ ਚਾਹੁੰਦੇ ਹਨ, ਡਬਲ ਇੰਜਣ ਦੀ ਸਰਕਾਰ ਬਣਾ ਕੇ ਸੂਬੇ ਦੀ ਤੱਰਕੀ ਚਾਹੁੰਦੇ ਹਨ, ਇਸ ਕਾਰਨ ਆਏ ਦਿਨ ਵੱਡੇ ਵੱਡੇ ਲੋਕ ਭਾਜਪਾ ਵਿੱਚ ਸ਼ਾਮਿਲ ਹੋਏ ਹਨ। ਉਹਨਾਂ ਕਿਹਾ ਕਿ ਧਨੌਲਾ ਵਿੱਚ ਵੀ ਵੱਡੇ ਪੱਧਰ 'ਤੇ ਲੋਕ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ, ਜਿਸ ਕਾਰਨ ਨਗਰ ਕੌਂਸਲ ਚੋਣਾਂ ਵਿੱਚ ਬੀਜੇਪੀ ਆਪਣੇ ਦਮ 'ਤੇ ਸਾਰੇ ਵਾਰਡਾਂ 'ਚ ਚੋਣ ਲੜ ਰਹੀ ਹੈ, ਤੇ ਲੋਕ ਇਸ ਵਾਰ ਬੀਜੇਪੀ ਦੇ ਉਮੀਦਵਾਰਾਂ ਨੂੰ ਜਿਤਾਉਣਗੇ। ਇਸ ਦੌਰਾਨ ਸ਼ਾਮਲ ਹੋਣ ਵਾਲੇ ਸਾਬਕਾ ਕੌਂਸਲਰ ਕਾਂਤਾ ਰਾਣੀ ਪਤਨੀ ਭਗਵਾਨ ਦਾਸ ਭਾਨਾ, ਕੌਂਸਲਰ ਕੇਵਲ ਸਿੰਘ, ਸਾਬਕਾ ਕੌਂਸਲਰ ਲਾਭ ਕੌਰ, ਰਾਣੀ ਕੌਰ,ਅਤੇ ਮਨਜੀਤ ਕੌਰ ਪਤਨੀ ਅਮਰੀਕ ਸਿੰਘ ਸਮੇਤ ਕਈ ਆਗੂਆਂ ਨੇ ਭਾਜਪਾ ਦਾ ਕਮਲ ਫੜਿਆ। ਇਸ ਮੌਕੇ ਕਾਂਤਾ ਰਾਣੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਵਰਕਰਾਂ ਦੀ ਕੋਈ ਕਦਰ ਨਹੀਂ ਹੈ, ਜਿਸ ਕਾਰਨ ਉਨ੍ਹਾਂ ਨੂੰ ਪਾਰਟੀ ਛੱਡਣ ਦਾ ਫੈਸਲਾ ਲੈਣਾ ਪਿਆ। ਭਾਜਪਾ ਆਗੂ ਬਲਜਿੰਦਰ ਸਿੰਘ ਨੇ ਦਾਅਵਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਆਮ ਆਦਮੀ ਪਾਰਟੀ ਦੇ ਹੋਰ ਕਈ ਆਗੂ ਵੀ ਭਾਜਪਾ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਆਗੂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਸੁਖਵੰਤ ਸਿੰਘ ਧਨੌਲਾ, ਜਥੇਦਾਰ ਮੱਖਣ ਸਿੰਘ ਕਿਸਾਨ ਮੋਰਚਾ ਵਿੰਗ, ਮੰਡਲ ਪ੍ਰਧਾਨ ਜਗਤਾਰ ਸਿੰਘ ਤਾਰੀ, ਵਿਜੇ ਕੁਮਾਰ ਬੱਬੂ, ਲਵਲੀਨ ਭਾਰਦਵਾਜ, ਜਗਪਾਲ ਸਿੰਘ, ਮੰਗਲ ਦੇਵ ਸ਼ਰਮਾ ਅਤੇ ਦਰਸ਼ਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਜੈ ਵਾਟਿਕਾ ਪਬਲਿਕ ਸਕੂਲ ਨੇ 'ਭਵਿੱਖ ਲਈ ਤਿਆਰ' ਵਿਸ਼ੇ 'ਤੇ ਪ੍ਰੇਰਨਾਦਾਇਕ ਸੈਮੀਨਾਰ ਦੀ ਮੇਜ਼ਬਾਨੀ ਕੀਤੀ

ਬਰਨਾਲਾ, 16 ਮਈ (ਹਮੀਰ ਸਿੰਘ) : ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਨੇ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਭਵਿੱਖ ਲਈ ਤਿਆਰ ਰਹੋ-ਹੁਨਰ ਬਣਾਓ, ਤਕਨੀਕ ਦਾ ਲਾਭ ਉਠਾਓ, ਤੁਸੀਂ ਬਣੋ ਵਿਸ਼ੇ 'ਤੇ ਇੱਕ ਪ੍ਰੇਰਨਾਦਾਇਕ ਅਤੇ ਜਾਣਕਾਰੀ ਭਰਪੂਰ ਸੈਮੀਨਾਰ ਦਾ ਆਯੋਜਨ ਕੀਤਾ। ਇਸ ਵਿਸ਼ੇਸ਼ ਸੈਸ਼ਨ ਦਾ ਸੰਚਾਲਨ ਪੀ ਐਂਡ ਜੀ ਤੋਂ ਸ਼੍ਰੀਮਤੀ ਗੁਰਪ੍ਰਿਆ ਦੁਆਰਾ ਕੀਤਾ ਗਿਆ। ਸੈਮੀਨਾਰ ਦੌਰਾਨ, ਵਿਦਿਆਰਥੀਆਂ ਨੂੰ ਉੱਭਰ ਰਹੇ ਕਰੀਅਰ ਵਿਕਲਪਾਂ, ਆਧੁਨਿਕ ਤਕਨਾਲੋਜੀ, ਕੌਡਿੰਗ, ਸਮੱਸਿਆ ਹੱਲ ਕਰਨ ਦੀਆਂ ਯੋਗਤਾਵਾਂ, ਵਿਕਾਸ ਦੀ ਮਾਨਸਿਕਤਾ ਅਤੇ ਡਿਜੀਟਲ ਡਿਵਾਈਸਾਂ ਦੀ ਜ਼ਿੰਮੇਵਾਰ ਵਰਤੋਂ ਬਾਰੇ ਕੀਮਤੀ ਜਾਣਕਾਰੀ ਪ੍ਰਾਪਤ ਹੋਈ। ਸ਼੍ਰੀਮਤੀ ਗੁਰਪ੍ਰਿਆ ਨੇ ਵਿਦਿਆਰਥੀਆਂ ਨੂੰ ਸਰਲ ਅਤੇ ਪ੍ਰੇਰਨਾਦਾਇਕ ਉਦਾਹਰਣਾਂ ਰਾਹੀਂ ਬਦਲਦੀ ਦੁਨੀਆ ਲਈ ਆਪਣੇ ਆਪ ਨੂੰ ਤਿਆਰ ਕਰਨ ਲਈ ਪ੍ਰੇਰਿਤ ਕੀਤਾ। ਇਹ ਸੈਮੀਨਾਰ ਵਿਦਿਆਰਥੀਆਂ ਲਈ ਸਿੱਖਣ, ਪ੍ਰੇਰਨਾ ਅਤੇ ਨਵੀਨਤਾ ਨਾਲ ਭਰਪ

ਪਟਿਆਲਾ-ਆਸ/ਪਾਸ

ਰਣਜੋਧ ਸਿੰਘ ਹਡਾਣਾ ਵੱਲੋਂ ਇੰਡਸਟਰੀ ਮਾਲਕਾਂ ਨਾਲ ਮੀਟਿੰਗ

➢ਉਦਯੋਗਾਂ ਦੀਆਂ ਸਮੱਸਿਆਵਾਂ ਪਹਿਲ ਦੇ ਅਧਾਰ 'ਤੇ ਹੋਣਗੀਆਂ ਹੱਲ

ਭੁਨਰਹੇੜੀ ,16 ਮਈ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਉਦਯੋਗਿਕ ਵਿਕਾਸ ਨੂੰ ਤੇਜ਼ ਕਰਨ ਅਤੇ ਸਥਾਨਕ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਦੇ ਮਕਸਦ ਨਾਲ ਹਲਕਾ ਇੰਚਾਰਜ ਅਤੇ ਚੇਅਰਮੈਨ ਸ. ਰਣਜੋਧ ਸਿੰਘ ਹਡਾਣਾ ਵੱਲੋਂ ਅੱਜ ਇਲਾਕੇ ਦੇ ਪ੍ਰਮੁੱਖ ਇੰਡਸਟਰੀ ਮਾਲਕਾਂ ਅਤੇ ਉਦਯੋਗਪਤੀਆਂ ਨਾਲ ਇੱਕ ਵਿਸ਼ੇਸ਼ ਅਤੇ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਇੰਡਸਟਰੀ ਮਾਲਕਾਂ ਨੇ ਆਪਣੀਆਂ ਵੱਖ-ਵੱਖ ਮੰਗਾਂ, ਮੁਸ਼ਕਲਾਂ ਅਤੇ ਉਦਯੋਗਿਕ ਖੇਤਰ ਦੇ ਵਿਕਾਸ ਸਬੰਧੀ ਵਿਚਾਰ ਸ. ਹਡਾਣਾ ਨਾਲ ਸਾਂਝੇ ਕੀਤੇ। ਉਨ੍ਹਾਂ ਨਾਲ ਚੇਅਰਮੈਨ ਹਨੀ ਮਾਹਲਾ, ਦਵਿੰਦਰ ਸਿੰਘ ਮਾਡੂ, ਪੀ ਏ ਲਾਲੀ ਰਹਿਲ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਇਸ ਮੌਕੇ ਐਮਐਸਐਮਈ ਇੰਡਸਟਰੀਅਲ ਐਸੋਸੀਏਸ਼ਨ ਪਟਿਆਲਾ ਰਜਿਸਟਰਡ ਦੇ ਪ੍ਰਧਾਨ ਸੰਜੀਵ ਗੌਇਲ, ਵਾਈਸ ਪ੍ਰੈਸੀਡੈਂਟ ਰਮਨਦੀਪ ਸਿੰਘ, ਜਨਰਲ ਸੈਕਟਰੀ ਰਿਸ਼ਭ ਅਗਰਵਾਲ, ਜੁਆਇੰਟ ਸੈਕਟਰੀ ਮਨੀਸ਼ ਮਲਹੋਤਰਾ, ਫਾਈਨਾਂਸ ਸੈਕਟਰੀ ਪੰਕਜ ਜਿੰਦਲ, ਐਕਸਕਿਊਟਿਵ ਮੈਂਬਰ ਅਰਸ਼ਦੀਪ ਸਿੰਘ, ਅਤੇ ਰਜੇਸ਼ ਕੁਮਾਰ ਵਿਸ਼ੇਸ ਤੌਰ 'ਤੇ ਮੌਜੂਦ ਸਨ। ਮੀਟਿੰਗ ਦੌਰਾਨ ਇੰਡਸਟਰੀ ਮਾਲਕਾਂ ਵੱਲੋਂ ਉਦਯੋਗਿਕ ਖੇਤਰਾਂ ਵਿੱਚ ਬਿਜਲੀ ਦੀ ਨਿਰਵਿਘਨ ਸਪਲਾਈ, ਸੜਕਾਂ ਦੇ ਬੁਨਿਆਦੀ ਢਾਂਚੇ, ਸੁਰੱਖਿਆ ਅਤੇ ਸਰਕਾਰੀ ਪ੍ਰਕਿਰਿਆਵਾਂ ਨੂੰ ਪਹਿਲਾ ਨਾਲੋਂ ਬਿਹਤਰ ਬਣਾਉਣ ਲਈ ਮਾਨ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਤੋਂ ਇਲਾਵਾ ਉਦਯੋਗਪਤੀਆਂ ਦੀਆਂ ਹੋਰਨਾਂ ਮੰਗਾਂ ਨੂੰ ਵੀ ਬਹੁਤ ਗੰਭੀਰਤਾ ਨਾਲ ਸੁਣਦਿਆਂ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ ਅਤੇ ਸਬੰਧਿਤ ਵਿਭਾਗਾਂ ਨਾਲ ਤਾਲਮੇਲ ਕਰਕੇ ਬੁਨਿਆਦੀ ਸਹੂਲਤਾਂ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਉਦਯੋਗਪਤੀਆਂ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਉਦਯੋਗਾਂ ਨੂੰ ਪ੍ਰਫੁੱਲਿਤ ਕਰਨ ਲਈ ਵਿਸ਼ੇਸ਼ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਉਦਯੋਗਪਤੀ ਸਾਡੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ, ਜਦੋਂ ਹਲਕੇ ਵਿੱਚ ਇੰਡਸਟਰੀ ਤਰੱਕੀ ਕਰੇਗੀ, ਤਾਂ ਸਾਡੇ ਸਥਾਨਕ ਨੌਜਵਾਨਾਂ ਨੂੰ ਘਰਾਂ ਦੇ ਨੇੜੇ ਹੀ ਰੁਜ਼ਗਾਰ ਮਿਲੇਗਾ, ਜਿਸ ਨਾਲ ਪੂਰੇ ਇਲਾਕੇ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗੀ। ਸ. ਹਡਾਣਾ ਨੇ ਇੰਡਸਟਰੀ ਮਾਲਕਾਂ ਨੂੰ ਅਪੀਲ ਵੀ ਕੀਤੀ ਕਿ ਉਹ ਆਪਣੀਆਂ ਫੈਕਟਰੀਆਂ ਅਤੇ ਉਦਯੋਗਾਂ ਵਿੱਚ ਹਲਕਾ ਸਨੌਰ ਦੇ ਸਥਾਨਕ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਵਿੱਚ ਪਹਿਲ ਦੇਣ। ਮੀਟਿੰਗ ਵਿੱਚ ਹਾਜ਼ਰ ਸਮੂਹ ਇੰਡਸਟਰੀ ਮਾਲਕਾਂ ਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਮਿਲੇ ਹਾਂ-ਪੱਖੀ ਹੁੰਗਾਰੇ 'ਤੇ ਖ਼ੁਸ਼ੀ ਜ਼ਾਹਿਰ ਕਰਦਿਆਂ ਉਨ੍ਹਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

ਪਟਿਆਲਾ ਨੂੰ ਹੜ੍ਹਾਂ ਤੋਂ ਮਿਲੇਗੀ ਪੱਕੀ ਰਾਹਤ

ਵੱਡੀ ਨਦੀ ਦੇ ਬੰਨ੍ਹ ਮਜ਼ਬੂਤ ਕਰਕੇ ਕੰਢਿਆਂ 'ਤੇ ਬੂਟੇ ਲਗਾਏ ਜਾਣਗੇ: ਡਾ. ਬਲਬੀਰ ਸਿੰਘ

➢ਸਿਹਤ ਮੰਤਰੀ ਵੱਲੋਂ ਪਟਿਆਲਾ ਦਿਹਾਤੀ ਹਲਕੇ 'ਚ ਵਿਕਾਸ ਕੰਮਾਂ ਦਾ ਜਾਇਜ਼ਾ

ਪਟਿਆਲਾ, 16 ਮਈ (ਰੁਪਾਣਾ) : ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਪਟਿਆਲਾ ਨੂੰ ਹੜ੍ਹਾਂ ਤੋਂ ਪੱਕੀ ਰਾਹਤ ਦਿਵਾਉਣ ਦੀ ਯੋਜਨਾ ਉਪਰ ਤੇਜੀ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਦੌਲਤਪੁਰ ਤੋਂ ਲੈਕੇ ਡਕਾਲਾ ਰੋਡ ਤੱਕ ਵੱਡੀ ਨਦੀ ਦੇ ਬੰਨ੍ਹ ਮਜ਼ਬੂਤ ਕਰਨ ਸਮੇਤ ਡਕਾਲਾ ਰੋਡ ਤੋਂ ਘੱਗਰ ਤੱਕ 4 ਕਿਲੋਮੀਟਰ ਲੰਬਾਈ ਨੂੰ ਵੀ ਹੋਰ ਡੂੰਘਾ ਕਰਕੇ ਇਸ ਦੀ ਪਾਣੀ ਲਿਜਾਣ ਦੀ ਸਮਰੱਥਾ ਵਧਾਈ ਜਾ ਰਹੀ ਹੈ। ਡਾ. ਬਲਬੀਰ ਸਿੰਘ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਹੋਰ ਜ਼ਿਲ੍ਹਾ ਅਧਿਕਾਰੀਆਂ ਨਾਲ ਬੈਠਕ ਕਰ ਰਹੇ ਸਨ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਜਨਮ ਦਿਨ ਦੇ ਸਬੰਧ ਵਿੱਚ ਇਕੱਲੇ ਪਟਿਆਲਾ ਜ਼ਿਲ੍ਹੇ ਵਿੱਚ ਹੀ 6.5 ਲੱਖ ਬੂਟੇ ਲਾਏ ਜਾਣੇ ਹਨ, ਜਿਸ ਵਿੱਚੋਂ ਵੱਡੀ ਗਿਣਤੀ ਬੂਟੇ ਵੱਡੀ ਨਦੀ ਦੇ ਬੰਨ੍ਹ ਮਜ਼ਬੂਤ ਕਰਕੇ ਇਸਦੇ ਕਿਨਾਰਿਆਂ 'ਤੇ ਲਗਾਏ ਜਾਣ ਦੀ ਤਜਵੀਜ਼ ਹੈ, ਜਿਸ ਲਈ ਜੰਗਲਾਤ ਵਿਭਾਗ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਵੱਡੀ ਨਦੀ ਦੇ ਕਿਨਾਰੇ ਦੌਲਤਪੁਰ ਤੇ ਸਨੀ ਲਾਗਤ ਨਾਲ ਲੱਗ ਰਹੇ ਦੋ ਵੇਂ ਐਸ.ਟੀ.ਪੀਜ਼ 'ਚੋਂ ਪਾਣੀ ਨੂੰ ਟਰੀਟ ਕਰਕੇ ਇਸ ਨੂੰ ਸਿੰਚਾਈ ਲਈ ਵਰਤਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਨੇ ਇਸ ਮੌਕੇ ਹਿਆਣਾ ਕਲਾਂ ਛੱਪੜ 'ਚ ਮਰੀਆਂ ਮੱਛੀਆਂ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ ਅਤੇ ਸਬੰਧਤ ਵਿਭਾਗਾਂ ਨੂੰ ਤੁਰੰਤ ਲੋੜੀਂਦੀ ਕਾਰਵਾਈ ਕਰਕੇ ਇਸ ਛੱਪੜ ਦੀ ਸਫ਼ਾਈ ਦੇ ਨਿਰਦੇਸ਼ ਦਿੱਤੇ। ਸਿਹਤ ਮੰਤਰੀ ਨੇ ਤ੍ਰਿਪੜੀ ਇਲਾਕੇ ਵਿੱਚ ਡੀ.ਐਲ. ਐਫ. ਕਲੋਨੀ ਨੇੜੇ ਟੁੱਟੀਆਂ ਸੜਕਾਂ ਦਾ ਗੰਭੀਰ ਨੋਟਿਸ ਲੈਂਦਿਆਂ ਨਗਰ ਨਿਗਮ ਤੇ ਸੀਵਰੇਜ਼ ਬੋਰਡ ਦੇ ਅਧਿਕਾਰੀਆਂ ਨੂੰ ਇਸ ਸੜਕ ਦੀ ਸਮੱਸਿਆ ਦਾ ਇਸੇ ਹਫ਼ਤੇ ਦੇ ਅੰਦਰ-ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਦੱਸਿਆ ਕਿ ਇਰਾਨ-ਇਜ਼ਰਾਇਲ ਜੰਗ ਕਰਕੇ ਲੁਕ ਦਾ ਸੰਕਟ ਆਉਣ ਨਾਲ ਸੜਕਾਂ ਦੇ ਕੰਮ 'ਚ ਕੁਝ ਦੇਰੀ ਹੋਈ ਹੈ ਪਰੰਤੂ ਅਗਲੇ ਕੁਝ ਦਿਨਾਂ ਦੇ ਅੰਦਰ ਪਟਿਆਲਾ ਦਿਹਾਤੀ ਹਲਕੇ ਦੀਆਂ 10 ਮੁੱਖ ਸੜਕਾਂ ਦਾ ਕੰਮ ਮੁਕੰਮਲ ਕਰਵਾ ਦਿੱਤਾ ਜਾਵੇਗਾ। ਡਾ. ਬਲਬੀਰ ਸਿੰਘ ਨੇ ਇਸ ਦੌਰਾਨ ਐਲ.ਐਂਡ.ਟੀ ਵੱਲੋਂ ਪਾਣੀ ਦੀਆਂ ਪਾਇਪਾਂ ਪਾਉਣ ਕਰਕੇ ਟੁੱਟੀਆਂ ਸੜਕਾਂ, ਪਟਿਆਲਾ ਦਿਹਾਤੀ ਹਲਕੇ 'ਚ 42 ਪਿੰਡਾਂ 'ਚ ਲੋੜਵੰਦਾਂ ਨੂੰ 5 ਮਰਲੇ ਦੇ ਪਲਾਟ ਦੇਣ ਸਮੇਤ ਪਿੰਡਾਂ 'ਚ ਲਾਲ ਲਕੀਰ ਦੇ ਅੰਦਰ ਮਾਲਕਾਨਾ ਹੱਕ ਦੇਣ ਅਤੇ ਬਾਰਨ, ਘਮਰੌਦਾ ਤੇ ਮੰਡੌੜ ਦੇ ਛੱਪੜਾਂ ਦੀ ਸਫ਼ਾਈ ਦੇ ਨਵੀਨੀਕਰਨ ਦੇ ਕੰਮ ਵੀ ਜਾਇਜ਼ਾ ਲਿਆ। ਇਸ ਬੈਠਕ ਦੌਰਾਨ ਏ.ਡੀ.ਸੀ. ਅਨੁਪ੍ਰਿਤਾ ਜੌਹਲ, ਏ.ਸੀ.ਏ ਪੀਡੀਏ ਪਰਮਦੀਪ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਸੰਦੀਪ ਸਿੰਘ, ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ ਸਮੇਤ ਨਗਰ ਨਿਗਮ, ਜੰਗਲਾਤ, ਸੀਵਰੇਜ ਬੋਰਡ, ਡਰੇਨੇਜ ਤੇ ਹੋਰ ਸਬੰਧਤ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਮੌਜੂਦ ਸਨ।

ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ, ਕਾਰ ਚਾਲਕ ਫ਼ਰਾਰ

ਸਮਾਣਾ, 16 ਮਈ (ਵਿਜੇ ਕੁਮਾਰ) : ਸਮਾਣਾ-ਪਾਤੜਾਂ ਸੜਕ 'ਤੇ ਪੈਂਦੇ ਪਿੰਡ ਕਕਵਾਲਾ ਨੇੜੇ ਇਕ ਕਾਰ ਦੀ ਟੱਕਰ ਵੱਜਣ ਕਾਰਨ ਮੋਟਰਸਾਈਕਲ ਸਵਾਰ ਨੌਜਵਾਨ ਕਿਸਾਨ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ।ਮਾਮਲੇ ਦੀ ਜਾਂਚ ਕਰ ਰਹੇ ਪੁਲਸ ਚੌਕੀ ਮਵੀਕਲਾਂ ਦੇ ਇੰਚਾਰਜ ਬਲਕਾਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਗੁਰਵਿੰਦਰ ਸਿੰਘ (29) ਪੁੱਤਰ ਮਲਕੀਅਤ ਸਿੰਘ, ਨਿਵਾਸੀ ਪਿੰਡ ਕਲਵਾਣੂ ਦੇ ਫੁੱਫੜ ਗੁਰਵਿੰਦਰ ਸਿੰਘ ਨਿਵਾਸੀ ਪਿੰਡ ਕੁਲਾਰਾਂ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਉਸ ਦਾ ਭਤੀਜਾ 14 ਮਈ ਦੀ ਰਾਤ ਕਰੀਬ 8 ਵਜੇ ਉਨ੍ਹਾਂ ਨੂੰ ਮਿਲਣ ਤੋਂ ਬਾਅਦ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਪਿੰਡ ਪਰਤ ਰਿਹਾ ਸੀ, ਜਦੋਂ ਉਹ ਅਨਾਜ ਮੰਡੀ ਕਕਵਾਲਾ ਨੇੜੇ ਪਹੁੰਚਿਆ ਤਾਂ ਇੱਕ ਤੇਜ਼ ਰਫ਼ਤਾਰ ਕਾਰ ਦੇ ਚਾਲਕ ਨੇ ਲਾਪਰਵਾਹੀ ਨਾਲ ਆਪਣੀ ਕਾਰ ਉਸ ਦੇ ਮੋਟਰਸਾਈਕਲ ਵਿੱਚ ਮਾਰ ਦਿੱਤੀ। ਇਸ ਭਿਆਨਕ ਹਾਦਸੇ ਵਿੱਚ ਉਸਦੀ ਮੌਤ ਹੋ ਗਈ, ਜਦੋਂਕਿ ਕਾਰ ਚਾਲਕ ਵਾਹਨ ਸਮੇਤ ਮੌਕੇ ਤੋਂ ਫਰਾਰ ਹੋ ਗਿਆ। ਅਧਿਕਾਰੀ ਅਨੁਸਾਰ ਪੁਲਸ ਨੇ ਅਣਪਛਾਤੇ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਜਦੋਂਕਿ ਪੋਸਟਮਾਰਟਮ ਉਪਰਾਂਤ ਮ੍ਰਿਤਕ ਦੀ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ। ਮ੍ਰਿਤਕ ਅਜੇ ਅਣਵਿਆਹਿਆ ਸੀ।

ਪਿਸਤੌਲ ਤੇ ਜ਼ਿੰਦਾ ਰੌਂਦ ਬ੍ਰਾਮਦ

ਪਟਿਆਲਾ, 16 ਮਈ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਉਬੇਸ ਪੁੱਤਰ ਮੁਹੰਮਦ ਵਾਸੀ ਗਲੀ ਨੰ. 5 ਰਿਸ਼ੀ ਕਲੋਨੀ ਪਟਿਆਲਾ ਵਿਰੁੱਧ ਧਾਰਾ 25, 54,59 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਇੰਸਪੈਕਟਰ ਜਸਟਿਨ ਸਾਦਿਕ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਵੱਡੀ ਨਦੀ ਪੁਲ ਪਾਸ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਸਾਧੂ ਬੇਲਾ ਰੋਡ ਸਾਇਡ ਨੂੰ ਲੰਘਣ ਵਾਲੇ ਲੋਕਾ ਨੂੰ ਘੇਰ ਕੇ ਲੁੱਟ-ਖੋਹ ਕਰਨ ਦਾ ਆਦੀ ਹੈ, ਜੋ ਦੋਸ਼ੀ ਨੂੰ ਕਾਬੂ ਕਰਕੇ ਇੱਕ 315 ਬੋਰ ਦੇਸੀ ਪਿਸਟਲ ਸਮੇਤ 1 ਜਿੰਦਾ ਰੌਂਦ ਬ੍ਰਾਮਦ ਕੀਤਾ ਗਿਆ।

ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਲਈ ਪ੍ਰਮੋਦ ਸਿੰਗਲਾ ਆਬਜ਼ਰਵਰ ਨਿਯੁਕਤ

ਮਲੇਰਕੋਟਲਾ, 16 ਮਈ (ਬਲਜੀਤ ਸਿੰਘ ਟਿੱਬਾ) :ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਲਈ ਮਾਲੇਰਕੋਟਲਾ ਜ਼ਿਲ੍ਹੇ ਵਿੱਚ ਪ੍ਰਮੋਦ ਸਿੰਗਲਾ, ਪੀ.ਸੀ.ਐਸ. ਨੂੰ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਦਾ ਮੁੱਖ ਉਦੇਸ਼ ਚੋਣ ਪ੍ਰਕਿਰਿਆ 'ਤੇ ਨਿਗਰਾਨੀ ਰੱਖਦਿਆਂ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਨੂੰ ਯਕੀਨੀ ਬਣਾਉਣਾ ਹੈ।ਆਬਜ਼ਰਵਰ ਪ੍ਰਮੋਦ ਸਿੰਗਲਾ ਨੇ ਅੱਜ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣਕਾਰ ਅਫ਼ਸਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਨਾਲ ਮੁਲਾਕਾਤ ਕਰਕੇ ਚੋਣਾਂ ਸਬੰਧੀ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਚੋਣ ਅਮਲੇ ਨੂੰ ਹਦਾਇਤ ਕੀਤੀ ਕਿ ਸਮੁੱਚੀ ਚੋਣ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਅਤੇ ਸ਼ਾਂਤੀਪੂਰਨ ਮਾਹੌਲ ਵਿੱਚ ਮੁਕੰਮਲ ਕੀਤੀ ਜਾਵੇ।ਸਿੰਗਲਾ ਨੇ ਕਿਹਾ ਕਿ ਚੋਣਾਂ ਲੋਕਤੰਤਰ ਦਾ ਅਹਿਮ ਹਿੱਸਾ ਹਨ ਅਤੇ ਹਰ ਵੋਟਰ ਨੂੰ ਬਿਨਾਂ ਕਿਸੇ ਡਰ, ਦਬਾਅ ਜਾਂ ਲਾਲਚ ਤੋਂ ਆਪਣੇ ਮਤਾਧਿਕਾਰ ਦੀ ਵਰਤੋਂ ਕਰਨ ਦਾ ਮੌਕਾ ਮਿਲਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਦਫ਼ਤਰ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਦੇ ਕਮਰਾ ਨੰਬਰ 15 ਵਿੱਚ ਕੈਂਪ ਦਫ਼ਤਰ ਸਥਾਪਿਤ ਕੀਤਾ ਗਿਆ ਹੈ, ਜਿੱਥੇ ਆਮ ਲੋਕ ਆਪਣੀਆਂ ਸ਼ਿਕਾਇਤਾਂ ਜਾਂ ਸੁਝਾਅ ਦਰਜ ਕਰਵਾ ਸਕਦੇ ਹਨ।

ਨੌਜਵਾਨ ਖਿਡਾਰੀ ਖੇਡਾਂ ਰਾਹੀਂ ਦੇਸ਼ ਦਾ ਨਾਮ ਰੌਸ਼ਨ ਕਰਨ : ਗੁਰਮੀਤ ਸਿੰਘ ਖੁੱਡੀਆਂ

➢ਪੀ.ਪੀ.ਐਸ. ਨਾਭਾ 'ਚ ਹਾਕੀ ਟੂਰਨਾਮੈਂਟ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਖੇਤੀਬਾੜੀ ਮੰਤਰੀ

ਨਾਭਾ, 16 ਮਈ (ਬਲਜਿੰਦਰ ਮਾਨ/ਗੁਰਚਰਨ ਸਿੰਘ ਚੌਧਰੀਮਾਜਰਾ) : ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਪੰਜਾਬ ਪਬਲਿਕ ਸਕੂਲ (ਪੀਪੀਐਸ) ਨਾਭਾ ਵਿਖੇ ਕਰਵਾਏ ਗਏ ਆਲ ਇੰਡੀਆ ਆਈ.ਪੀ.ਐਸ.ਈ. ਹਾਕੀ ਟੂਰਨਾਮੈਂਟ (ਬੌਇਜ਼ ਅੰਡਰ-14) ਚੈਂਪੀਅਨਸ਼ਿਪ-2026 ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਡੀ ਸੀ ਸ਼ਰਮਾ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਖੇਡਾਂ ਨੌਜਵਾਨ ਪੀੜ੍ਹੀ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਹਾਕੀ ਸਾਡੀ ਰਾਸ਼ਟਰੀ ਖੇਡ ਹੈ ਅਤੇ ਪੰਜਾਬ ਦੀ ਧਰਤੀ ਹਮੇਸ਼ਾਂ ਤੋਂ ਮਹਾਨ ਖਿਡਾਰੀਆਂ ਦੀ ਧਰਤੀ ਰਹੀ ਹੈ।ਉਨ੍ਹਾਂ ਨੇ ਟੂਰਨਾਮੈਂਟ ਵਿੱਚ ਭਾਗ ਲੈ ਰਹੀਆਂ ਵੱਖ-ਵੱਖ ਰਾਜਾਂ ਤੋਂ ਆਈਆਂ ਟੀਮਾਂ ਦਾ ਸਵਾਗਤ ਕਰਦਿਆਂ ਨੌਜਵਾਨ ਖਿਡਾਰੀਆਂ ਨੂੰ ਖੇਡ ਦੀ ਅਸਲੀ ਭਾਵਨਾ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ। ਸ.ਖੁੱਡੀਆਂ ਨੇ ਕਿਹਾ ਕਿ ਪੀਪੀਐਸ ਨਾਭਾ ਨਾਲ ਉਨ੍ਹਾਂ ਦਾ ਖਾਸ ਭਾਵਨਾਤਮਕ ਨਾਤਾ ਜੁੜਿਆ ਹੋਇਆ ਹੈ, ਕਿਉਂਕਿ ਉਨ੍ਹਾਂ ਦੇ ਬੱਚਿਆਂ ਨੇ ਵੀ ਇਸੇ ਸਕੂਲ ਵਿੱਚ ਸਿੱਖਿਆ ਪ

ਪਟਿਆਲਾ-ਆਸ/ਪਾਸ

ਸੜਕਾਂ ਤੇ ਗਲੀਆਂ 'ਚ ਗੱਡੀਆਂ ਧੋਣ ਵਾਲਿਆਂ ਦੀ ਹੁਣ ਖ਼ੈਰ ਨਹੀਂ, ਨਿਗਮ ਦੀਆਂ ਟੀਮਾਂ ਰੱਖਣਗੀਆਂ ਤਿੱਖੀ ਨਜ਼ਰ

➢ਮੇਅਰ ਕੁੰਦਨ ਗੋਗੀਆ ਨੇ ਦਿੱਤੇ ਚਲਾਨ ਕੱਟਣ ਦੇ ਨਿਰਦੇਸ਼

ਪਟਿਆਲਾ, 16 ਮਈ (ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਵਿੱਚ ਗਰਮੀ ਦੇ ਵਧ ਰਹੇ ਪ੍ਰਕੋਪ ਦੇ ਚਲਦਿਆਂ ਪੀਣ ਵਾਲੇ ਪਾਣੀ ਦੀ ਕਿੱਲਤ ਨੂੰ ਰੋਕਣ ਲਈ ਮੇਅਰ ਕੁੰਦਨ ਗੋਗੀਆ ਨੇ ਇੱਕ ਬਹੁਤ ਹੀ ਸਖ਼ਤ ਅਤੇ ਅਹਿਮ ਫੈਸਲਾ ਲਿਆ ਹੈ। ਸ਼ਹਿਰ ਵਿੱਚ ਹੋ ਰਹੀ ਪਾਣੀ ਦੀ ਬੇਲੋੜੀ ਬਰਬਾਦੀ 'ਤੇ ਡੂੰਘੀ ਚਿੰਤਾ ਜ਼ਾਹਿਰ ਕਰਦਿਆਂ ਮੇਅਰ ਨੇ ਸਪੱਸ਼ਟ ਕੀਤਾ ਹੈ ਕਿ ਹੁਣ ਪਾਣੀ ਵਿਅਰਥ ਗਵਾਉਣ ਵਾਲਿਆਂ ਖ਼ਿਲਾਫ਼ ਨਗਰ ਨਿਗਮ ਵੱਲੋਂ ਜ਼ੀਰੋ ਟਾਲਰੈਂਸ ਨੀਤੀ ਅਪਣਾਉਂਦੇ ਹੋਏ ਤੁਰੰਤ ਚਲਾਨ ਕੱਟੇ ਜਾਣਗੇ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਕਈ ਲੋਕ ਆਪਣੇ ਘਰਾਂ ਦੇ ਬਾਹਰ ਗਲੀਆਂ ਅਤੇ ਮੁੱਖ ਸੜਕਾਂ 'ਤੇ ਗੱਡੀਆਂ ਖੜ੍ਹੀਆਂ ਕਰਕੇ ਲਗਾਤਾਰ ਪਾਈਪਾਂ ਨਾਲ ਪਾਣੀ ਵਹਾਉਂਦੇ ਰਹਿੰਦੇ ਹਨ, ਜਿਸ ਨਾਲ ਹਜ਼ਾਰਾਂ ਲੀਟਰ ਸ਼ੁੱਧ ਪੀਣ ਵਾਲਾ ਪਾਣੀ ਵਿਅਰਥ ਚਲਾ ਜਾਂਦਾ ਹੈ। ਇਸ ਨਾਲ ਨਾ ਸਿਰਫ਼ ਪਾਣੀ ਦੀ ਬਰਬਾਦੀ ਹੁੰਦੀ ਹੈ, ਸਗੋਂ ਸੜਕਾਂ 'ਤੇ ਪਾਣੀ ਖੜ੍ਹਨ ਕਾਰਨ ਆਵਾਜਾਈ ਵਿੱਚ ਵਿਘਨ ਪੈਂਦਾ ਹੈ ਅਤੇ ਗੰਦਗੀ ਫੈਲਦੀ ਹੈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਅਜਿਹੀ ਲਾਪਰਵਾਹੀ ਕਰਨ ਵਾਲਿਆਂ ਦੇ ਮੌਕੇ 'ਤੇ ਹੀ ਭਾਰੀ ਚਲਾਨ ਕੀਤੇ ਜਾਣ। ਮੀਡੀਆ ਨਾਲ ਗੱਲਬਾਤ ਕਰਦਿਆਂ ਮੇਅਰ ਨੇ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਪਾਣੀ ਦੀ ਮੰਗ ਕਾਫ਼ੀ ਵੱਧ ਜਾਂਦੀ ਹੈ, ਜਿਸ ਕਾਰਨ ਕਈ ਪੱਛੜੇ ਇਲਾਕਿਆਂ ਵਿੱਚ ਲੋਕਾਂ ਨੂੰ ਪਾਣੀ ਦੀ ਕਮੀ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੇ ਹਾਲਾਤ ਵਿੱਚ ਪਾਣੀ ਦੀ ਫ਼ਜ਼ੂਲ ਖਪਤ ਕਰਨਾ ਸਿਆਣਪ ਨਹੀਂ ਹੈ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਦੀਆਂ ਵਿਸ਼ੇਸ਼ ਚੈਕਿੰਗ ਟੀਮਾਂ ਹੁਣ ਵੱਖ-ਵੱਖ ਵਾਰਡਾਂ ਅਤੇ ਇਲਾਕਿਆਂ ਵਿੱਚ ਲਗਾਤਾਰ ਨਿਗਰਾਨੀ ਰੱਖਣਗੀਆਂ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਮੌਕੇ 'ਤੇ ਹੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਗੁਰੂ ਰਵਿਦਾਸ ਜੀ ਦੀ ਬਾਣੀ ਤੇ ਜੀਵਨ ਨਾਲ ਸਬੰਧਿਤ ਸੈਮੀਨਾਰ ਅੱਜ

ਪਟਿਆਲਾ, 16 ਮਈ (ਚ.ਨ.ਸ) : ਬਾਣੀ ਵਿਚਾਰ ਚੇਤਨਾ ਮੰਚ ਪੰਜਾਬ (ਰਜਿ.) ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਰਲਡ ਪੰਜਾਬੀ ਸੈਂਟਰ ਦੇ ਸੈਮੀਨਾਰ ਹਾਲ ਵਿਚ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਤੇ ਜੀਵਨ ਨਾਲ ਸਬੰਧਿਤ ਤੀਜਾ ਸੈਮੀਨਾਰ ਕਰਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਇਸ ਸੈਮੀਨਾਰ ਦੇ ਕੋਆਰਡੀਨੇਟਰ ਪਰਮਿੰਦਰ ਸਿੰਘ ਰਾਏਪੁਰ ਨੇ ਦੱਸਿਆ ਕਿ ਇਸ ਸੈਮੀਨਾਰ 17 ਮਈ ਨੂੰ ਸਵੇਰੇ 10 ਵਜੇ ਤੋਂ 2 ਵਜੇ ਤੱਕ ਹੋਵੇਗਾ। ਸੈਮੀਨਾਰ ਦੇ ਮੁੱਖ ਵਕਤਾ ਡਾ. ਰੰਜੂ ਬਾਲਾ ਯੂਨੀਵਰਸਿਟੀ ਆਫ਼ ਦਿਲੀ ਤੋਂ ਆਉਣਗੇ। ਕੁੰਜੀਵਤ ਭਾਸ਼ਣ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਪ੍ਰਬੁੱਧ ਵਿਦਵਾਨ ਡਾ. ਰਾਜਿੰਦਰਪਾਲ ਸਿੰਘ ਬਰਾੜ ਦੇਣਗੇ, ਜਦਕਿ ਸਵਾਗਤੀ ਭਾਸ਼ਣ ਪੰਜਾਬੀ ਯੂਨੀਵਰਸਿਟੀ ਦੇ ਯੂਥ ਵੈੱਲਫੇਅਰ ਵਿਭਾਗ ਦੇ ਮੁਖੀ ਡਾ. ਭੀਮ ਇੰਦਰ ਸਿੰਘ ਦੇਣਗੇ।

ਸਿੰਗਲ ਯੂਜ਼ ਪਲਾਸਟਿਕ ਦੇ ਥੋਕ ਵਿਕ੍ਰੇਤਾਵਾਂ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ : ਡਾ. ਹਿਮਾਂਸ਼ੂ ਅਗਰਵਾਲ

ਡੀ.ਸੀ. ਵੱਲੋਂ ਵਿਭਾਗਾਂ ਨੂੰ ਪਟਿਆਲਾ ਦੀ ਸਾਫ-ਸਫਾਈ ਤੇ ਸੁੰਦਰੀਕਰਨ 'ਤੇ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼

ਪਟਿਆਲਾ, 16 ਮਈ (ਰੁਪਾਣਾ/ਅਮਰਜੀਤ) : ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ 38ਵੀਂ ਜ਼ਿਲ੍ਹਾ ਵਾਤਾਵਰਨ ਕਮੇਟੀ ਦੀ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਪਟਿਆਲਾ ਦੇ ਸੁੰਦਰੀਕਰਨ, ਸਾਫ਼ ਅਤੇ ਪ੍ਰਦੂਸ਼ਨ-ਮੁਕਤ ਬਣਾਉਣ, ਠੋਸ ਕਚਰਾ ਪ੍ਰਬੰਧਨ, ਪਲਾਸਟਿਕ ਕਚਰੇ ਦੇ ਨਿਪਟਾਰੇ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪਟਿਆਲਾ ਨੂੰ ਸੋਹਣਾ ਅਤੇ ਸਾਫ਼ ਬਣਾਉਣਾ ਪ੍ਰਸ਼ਾਸਨ ਦੀ ਪ੍ਰਮੁੱਖ ਤਰਜੀਹ ਹੈ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਮੂਹ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੀ ਸੁੰਦਰਤਾ ਅਤੇ ਵਾਤਾਵਰਨ ਸੰਭਾਲ ਨਾਲ ਜੁੜੇ ਪ੍ਰੋਜੈਕਟਾਂ ਨੂੰ ਤਰਜੀਹ ਦੇ ਅਧਾਰ 'ਤੇ ਜਲਦ ਮੁਕੰਮਲ ਕੀਤਾ ਜਾਵੇ। ਡੀ.ਸੀ. ਨੇ ਖਾਸ ਤੌਰ 'ਤੇ ਸ਼ਹਿਰ ਦੀਆਂ ਸੜਕਾਂ, ਚੌਕਾਂ ਅਤੇ ਜਨਤਕ ਥਾਵਾਂ ਤੋਂ ਕੂੜਾ-ਕਰਕਟ ਤੁਰੰਤ ਹਟਾਉਣ ਅਤੇ ਸਫਾਈ ਪ੍ਰਬੰਧ ਹੋਰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਸੜਕਾਂ ਦੇ ਕਿਨਾਰਿਆਂ 'ਤੇ ਪਿਆ ਕੂੜਾ ਤੁਰੰਤ ਚੁੱਕਣ ਅਤੇ ਪੁਰਾਣੇ ਪਏ ਕੂੜੇ ਦੇ ਢੇਰਾਂ ਨੂੰ ਸਮਾਂਬੱਧ ਢੰਗ ਨਾਲ ਸਾਫ਼ ਕਰਨ ਲਈ ਵੀ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸ਼ਹਿਰ ਵਿੱਚ ਵਧ ਰਹੇ ਹਵਾ ਅਤੇ ਸ਼ੋਰ ਪ੍ਰਦੂਸ਼ਣ 'ਤੇ ਚਿੰਤਾ ਪ੍ਰਗਟ ਕਰਦਿਆਂ ਸ਼ਹਿਰ ਅੰਦਰ ਭਾਰੀ ਵਾਹਨਾਂ ਦੀ ਆਵਾਜਾਈ 'ਤੇ ਸਖ਼ਤੀ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਟ੍ਰੈਫਿਕ ਪੁਲਿਸ ਅਤੇ ਸੰਬੰਧਿਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਨਿਰਧਾਰਤ ਸਮੇਂ ਤੋਂ ਇਲਾਵਾ ਸ਼ਹਿਰ ਵਿੱਚ ਭਾਰੀ ਵਾਹਨਾਂ ਦੇ ਦਾਖਲੇ ਨੂੰ ਰੋਕਿਆ ਜਾਵੇ ਤਾਂ ਜੋ ਆਵਾਜਾਈ ਸੁਚਾਰੂ ਬਣੀ ਰਹੇ ਅਤੇ ਪ੍ਰਦੂਸ਼ਨ ਵਿੱਚ ਕਮੀ ਲਿਆਂਦੀ ਜਾ ਸਕੇ। ਇਸ ਦੇ ਨਾਲ ਹੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਟ੍ਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਦੇਣ ਲਈ ਸ਼ਹਿਰ ਦੇ ਵੱਖ-ਵੱਖ ਮਹੱਤਵਪੂਰਨ ਸਥਾਨਾਂ 'ਤੇ ਜਾਗਰੂਕਤਾ ਫਲੈਕਸ ਬੋਰਡ ਲਗਾਉਣ ਦੇ ਨਿਰਦੇਸ਼ ਵੀ ਜਾਰੀ ਕੀਤੇ ਗਏ। ਡਿਪਟੀ ਕਮਿਸ਼ਨਰ ਨੇ ਸਿੰਗਲ ਯੂਜ਼ ਪਲਾਸਟਿਕ ਦੇ ਇਸਤੇਮਾਲ 'ਤੇ ਵੀ ਸਖ਼ਤ ਨਾਰਾਜ਼ਗੀ ਜਤਾਉਂਦਿਆਂ ਸਿੰਗਲ ਯੂਜ਼ ਪਲਾਸਟਿਕ ਵੇਚਣ ਵਾਲਿਆਂ, ਹੋਲਸੇਲਰਾਂ ਅਤੇ ਸਪਲਾਇਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਾਰੀ ਪਾਬੰਦੀਆਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਟਿਆਲਾ ਨੂੰ ਸੋਹਣਾ, ਸਾਫ਼-ਸੁਥਰਾ ਅਤੇ ਪ੍ਰਦੂਸ਼ਨ-ਮੁਕਤ ਬਣਾਉਣ ਲਈ ਪ੍ਰਸ਼ਾਸਨ ਦੇ ਨਾਲ-ਨਾਲ ਆਮ ਲੋਕਾਂ ਦੀ ਭਾਗੀਦਾਰੀ ਵੀ ਬਹੁਤ ਜ਼ਰੂਰੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ਼੍ਰੀਮਤੀ ਨਵਰੀਤ ਸੇਖੋਂ, ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਦੇ ਐਕਸੀਅਨ ਇੰਜੀਨੀਅਰ ਨਵਤੇਸ਼ ਸਿੰਗਲਾ, ਨਗਰ ਨਿਗਮ ਦੇ ਅਧਿਕਾਰੀਆਂ, ਟ੍ਰੈਫਿਕ ਪੁਲਿਸ, ਲੋਕ ਨਿਰਮਾਣ ਵਿਭਾਗ ਅਤੇ ਹੋਰ ਸੰਬੰਧਿਤ ਵਿਭਾਗਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ।

ਓਪਨ ਯੂਨੀਵਰਸਿਟੀ ਵਿਖੇ ਰਿਸਰਚ ਮੈਥਡੋਲੋਜੀ 'ਤੇ ਸੱਤ ਰੋਜ਼ਾ ਰਾਸ਼ਟਰੀ ਵਰਕਸ਼ਾਪ ਦਾ ਆਗਾਜ਼

ਪਟਿਆਲਾ, 16 ਮਈ (ਚ.ਨ.ਸ) : ਰਿਸਰਚ ਐਂਡ ਡਿਵੈਲਪਮੈਂਟ ਸੈੱਲ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵੱਲੋਂ ਰਿਸਰਚ ਮੈਥਡੋਲੋਜੀ 'ਤੇ ਸੱਤ ਰੋਜ਼ਾ ਰਾਸ਼ਟਰੀ ਵਰਕਸ਼ਾਪ ਦਾ ਆਗਾਜ਼ ਹੋਇਆ। ਵਰਕਸ਼ਾਪ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ. (ਡਾ.) ਰਤਨ ਸਿੰਘ ਦੀ ਯੋਗ ਅਗਵਾਈ ਹੇਠ ਕਰਵਾਈ ਜਾ ਰਹੀ ਹੈ। ਸੱਤ-ਰੋਜ਼ਾ ਰਾਸ਼ਟਰੀ ਵਰਕਸ਼ਾਪ ਦੌਰਾਨ ਡਾ. ਨੀਰਜ ਕੁਮਾਰ ਸਿੰਘ, ਡਿਪਟੀ ਲਾਇਬ੍ਰੇਰੀਅਨ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਡਾ. ਸਤਿੰਦਰ ਕੁਮਾਰ, ਸਕੂਲ ਆਫ਼ ਮੈਨੇਜਮੈਂਟ ਸਟੱਡੀਜ਼, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਡਾ. ਗੁਰਮਨਪ੍ਰੀਤ ਕੌਰ, ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ, ਪੰਜਾਬ ਰਿਸਰਚ ਸਕਾਲਰਾਂ ਨੂੰ ਵੱਖ-ਵੱਖ ਵਿਸ਼ਿਆਂ ਬਾਰੇ ਜਾਣਕਾਰੀ ਦੇਣਗੇ। ਉਦਘਾਟਨੀ ਸੈਸ਼ਨ ਦੌਰਾਨ ਪ੍ਰੋ. (ਡਾ.) ਰਤਨ ਸਿੰਘ ਨੇ ਰਿਸਰਚ ਸਕਾਲਰਾਂ ਨੂੰ ਵਧੀਆ ਖੋਜ ਦਾ ਹਾਈਪੋਥੀਸ ਬਣਾਉਣ ਲਈ ਪ੍ਰੇਰਿਤ ਕੀਤਾ । ਡਾ. ਅਮਿਤੋਜ ਸਿੰਘ, ਐਸੋਸੀਏਟ ਡੀਨ ਅਕਾਦਮਿਕ ਮਾਮਲੇ ਨੇ ਸਾਰਿਆਂ ਦਾ ਸਵਾਗਤ ਕੀਤਾ। ਵਰਕਸ਼ਾਪ ਦੇ ਪਹਿਲੇ ਸੈਸ਼ਨ ਵਿੱਚ ਡਾ. ਨਵਲੀਨ ਮੁਲਤਾਨੀ, ਡਾਇਰੈਕਟਰ, ਰਿਸਰਚ ਐਂਡ ਡਿਵੈਲਪਮੈਂਟ ਸੈੱਲ, ਨੇ ਰਿਸਰਚ ਪ੍ਰੋਪੋਜ਼ਲ ਲਿਖਣ ਦੀ ਪ੍ਰਕਿਰਿਆ ਵਿਸ਼ੇ 'ਤੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ।

ਕਿੰਨਰ ਸਮਾਜ ਦੀ ਕੋਮਲ ਮਹੰਤ ਨੇ ਭਰਿਆ ਨਾਮਜ਼ਦਗੀ ਪੱਤਰ, ਰਾਜਨੀਤਿਕ ਪਾਰਟੀਆਂ ਦੀ ਵਧੀ ਚਿੰਤਾ

ਸਮਾਣਾ, 16 ਮਈ (ਵਿਜੇ ਕੁਮਾਰ) : ਨਗਰ ਕੌਂਸਲ ਚੋਣਾਂ ਦਾ ਬਿਗਲ ਵੱਜਦਿਆਂ ਹੀ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਸਾਰੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੇ ਆਪਣੇ-ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰ ਦਿੱਤੇ ਹਨ, ਪਰ ਇਸ ਵਾਰ ਵਾਰਡ ਨੰਬਰ 18 ਤੋਂ ਇੱਕ ਅਜਿਹਾ ਚਿਹਰਾ ਚੋਣ ਮੈਦਾਨ ਵਿੱਚ ਉਤਰਿਆ ਹੈ ਜਿਸ ਨੇ ਸਭ ਦਾ ਧਿਆਨ ਆਪਣੇ ਵੱਲ ਖਿੱਚ ਲਿਆ ਹੈ। ਕਿੰਨਰ ਸਮਾਜ ਦੀ ਜਾਣੀ-ਪਛਾਣੀ ਸ਼ਖਸੀਅਤ ਕੋਮਲ ਮਹੰਤ ਨੇ ਬਤੌਰ ਆਜ਼ਾਦ ਉਮੀਦਵਾਰ ਆਪਣਾ ਨਾਮਜ਼ਦਗੀ ਪੱਤਰ ਦਾਖਲ ਕਰਕੇ ਸਿਆਸੀ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ। ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਬਾਅਦ ਆਯੋਜਿਤ ਪ੍ਰੈੱਸ ਕਾਨਫਰੰਸ ਦੌਰਾਨ ਕੋਮਲ ਮਹੰਤ ਨੇ ਕਹਾ ਕਿ ਜੇਕਰ ਵਾਰਡ ਵਾਸੀ ਉਨ੍ਹਾਂ ਨੂੰ ਆਪਣਾ ਆਸ਼ੀਰਵਾਦ ਦੇ ਕੇ ਜੇਤੂ ਬਣਾਉਂਦੇ ਹਨ, ਤਾਂ ਉਹ ਸਰਕਾਰੀ ਗ੍ਰਾਂਟ ਤੋਂ ਇਲਾਵਾ ਆਪਣੀ ਤਰਫ਼ੋਂ ਹਰ ਸਾਲ ਲਗਭਗ ਛੇ ਲੱਖ ਰੁਪਏ ਵਾਰਡ ਦੇ ਵਿਕਾਸ 'ਤੇ ਖਰਚ ਕਰਨਗੇ। ਉਨ੍ਹਾਂ ਕਿਹਾ ਕਿ ਵਾਰਡ ਵਿੱਚ ਲੋੜਵੰਦ ਕੁੜੀਆਂ ਦੇ ਵਿਆਹਾਂ ਵਿੱਚ ਆਰਥਿਕ ਸਹਾਇਤਾ, ਮੈਡੀਕਲ ਕੈਂਪ ਲਗਾਉਣ, ਛੋਟੇ ਬੱਚਿਆਂ ਵਿੱਚ ਜੋ ਨਸ਼ੇ ਦੀ ਲਤ ਵਧ ਰਹੀ ਹੈ ਉਨ੍ਹਾਂ ਬੱਚਿਆਂ ਦਾ ਨਸ਼ਾ ਛੁਡਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਬੱਚਿਆਂ ਦੀਆਂ ਫੀਸਾਂ ਭਰਨ ਵਿੱਚ ਸਹਿਯੋਗ ਅਤੇ ਹੋਰ ਜਨਹਿਤ ਦੇ ਕੰਮ ਪਹਿਲ ਦੇ ਅਧਾਰ 'ਤੇ ਕੀਤੇ ਜਾਣਗੇ। ਉਨ੍ਹਾਂ ਨੇ ਵਾਰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇੱਕ ਵਾਰ ਸੇਵਾ ਦਾ ਮੌਕਾ ਜ਼ਰੂਰ ਦਿੱਤਾ ਜਾਵੇ ਤਾਂ ਜੋ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰ ਸਕੇ। ਜ਼ਿਕਰਯੋਗ ਹੈ ਕਿ ਕੋਮਲ ਮਹੰਤ ਕਿੰਨਰ ਸਮਾਜ ਦੀ ਇੱਕ ਸਤਿਕਾਰਤ ਸ਼ਖਸੀਅਤ ਮੰਨੀ ਜਾਂਦੀ ਹੈ ਅਤੇ ਲੰਬੇ ਸਮੇਂ ਤੋਂ ਸਮਾਜਿਕ ਤੇ ਧਾਰਮਿਕ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਂਦੀ ਆ ਰਹੀ ਹੈ। ਸਮਾਣਾ ਵਿੱਚ ਆਯੋਜਿਤ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਲੋਕ ਸੇਵਾ ਦੇ ਪ੍ਰੋਗਰਾਮਾਂ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਲਗਾਤਾਰ ਰਹੀ ਹੈ। ਇਸ ਤੋਂ ਇਲਾਵਾ ਉਹ ਕਈ ਸੰਸਥਾਵਾਂ ਅਤੇ ਲੋੜਵੰਦ ਲੋਕਾਂ ਦੀ ਮਦਦ ਵੀ ਕਰਦੇ ਰਹਿੰਦੇ ਹਨ। ਵਾਰਡ ਨੰਬਰ 18 ਵਿੱਚ ਕੋਮਲ ਮਹੰਤ ਦੀ ਐਂਟਰੀ ਤੋਂ ਬਾਅਦ ਚੋਣ ਮੁਕਾਬਲਾ ਕਾਫੀ ਦਿਲਚਸਪ ਹੁੰਦਾ ਨਜ਼ਰ ਆ ਰਿਹਾ ਹੈ ਅਤੇ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਦੀ ਚਿੰਤਾ ਵੱਧ ਗਈ ਹੈ। ਸ਼ਹਿਰ 'ਚ ਇਹ ਵੀ ਚਰਚਾ ਬਣੀ ਹੋਈ ਹੈ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਇਹਨਾਂ ਨੂੰ ਪਾਰਟੀ ਦਾ ਟਿਕਟ ਦਿੱਤੇ ਜਾਣ ਦੀ ਸੰਭਾਵਨਾ ਹੈ।

ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ

ਚੌਥੇ ਦਿਨ 192 ਨਾਮਜ਼ਦਗੀ ਪੱਤਰ ਦਾਖ਼ਲ

ਮਲੇਰਕੋਟਲਾ, 16 ਮਈ (ਬਲਜੀਤ ਸਿੰਘ ਟਿੱਬਾ) : ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਰਿਪੀ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਚੋਣ ਸ਼ਡਿਊਲ ਅਨੁਸਾਰ ਜ਼ਿਲ੍ਹਾ ਅਧੀਨ ਆਉਂਦੀ ਨਗਰ ਕੌਂਸਲ ਮਾਲੇਰਕੋਟਲਾ,ਅਹਿਮਦਗੜ੍ਹ ਤੇ ਨਗਰ ਪੰਚਾਇਤ ਅਮਰਗੜ੍ਹ ਦੀਆਂ 26 ਮਈ 2026 ਨੂੰ ਹੋਣ ਵਾਲੀਆਂ ਚੋਣਾਂ ਲਈ ਅੱਜ ਚੌਥੇ ਦਿਨ 192 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਚੌਥੇ ਦਿਨ ਦਾਖਲ ਹੋਏ ਨਾਮਜ਼ਦਗੀ ਪੱਤਰਾਂ ਬਾਰੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿੱਚੋਂ ਨਗਰ ਕੌਂਸਲ ਮਾਲੇਰਕੋਟਲਾ ਤੋਂ 68 ਅਤੇ ਨਗਰ ਕੌਂਸਲ ਅਹਿਮਦਗੜ੍ਹ ਵਿਖੇ 73 ਅਤੇ ਨਗਰ ਪੰਚਾਇਤ ਅਮਰਗੜ੍ਹ ਤੋਂ 51 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਹਨ । ਇਸ ਪ੍ਰਕਾਰ ਜ਼ਿਲ੍ਹੇ ਵਿੱਚ ਹੁਣ ਤੱਕ ਕੁੱਲ 346 ਨਾਮਜ਼ਦਗੀ ਪੱਤਰ ਦਾਖਲ ਹੋਏ ਹਨ। ਉਨ੍ਹਾਂ ਦੱਸਿਆ